ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 25 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੪ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਮੌਕੇ ਪਾਕਿ ਭੇਜਿਆ ਜਾਵੇਗਾ ਜਥਾ, ਸ਼੍ਰੋਮਣੀ ਕਮੇਟੀ ਨੇ ਮੰਗੇ ਪਾਸਪੋਰਟ

**ਅੰਮ੍ਰਿਤਸਰ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਮੌਕੇ ਪਾਸਿਕਤਾਨ ਸਥਿਤ ਗੁਰਧਾਮਾਂ ਦੀ ਯਾਤਰਾ ਲਈ ਭੇਜੇ ਜਾਣ ਵਾਲੇ ਜਥੇ ਲਈ ਸੰਗਤਾਂ ਪਾਸੋਂ ਪਾਸਪੋਰਟਾਂ ਦੀ ਮੰਗ ਕੀਤੀ ਗਈ ਹੈ। ਇਹ ਜਥਾ ਜੂਨ 2026 ਵਿਚ ਪਾਕਿਸਤਾਨ ਭੇਜਿਆ ਜਾਣਾ ਹੈ, ਜਿਸ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਪ੍ਰਕਿਰਿਆ ਆਰੰਭੀ ਗਈ ਹੈ। ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਮੌਕੇ ਪਾਕਿਸਤਾਨ ਜਾਣ ਵਾਲੇ ਜਥੇ ਲਈ ਸ਼ਰਧਾਲੂ ਆਪਣੇ ਪਾਸਪੋਰਟ 5 ਮਾਰਚ 2026 ਤੀਕ ਦਫਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਵਿਖੇ ਭੇਜ ਸਕਦੇ ਹਨ। ਉਨ੍ਹਾਂ ਕਿਹਾ ਕਿ ਜਥੇ ਵਿਚ ਜਾਣ ਦੇ ਚਾਹਵਾਨ ਸ਼ਰਧਾਲੂ ਆਪਣੇ ਪਾਸਪੋਰਟਾਂ ਦੇ ਨਾਲ ਮੈਂਬਰ ਸ਼੍ਰੋਮਣੀ ਕਮੇਟੀ ਦੀ ਸਿਫਾਰਸ਼ ਸਹਿਤ ਆਪਣਾ ਪਛਾਣ ਪੱਤਰ ਵੀ ਜਮ੍ਹਾਂ ਕਰਵਾਉਣ। ਪਛਾਣ ਪੱਤਰ ਲਈ ਰਾਸ਼ਨ ਕਾਰਡ, ਆਧਾਰ ਕਾਰਡ ਜਾਂ ਵੋਟਰ ਕਾਰਡ ਦੀ ਕਾਪੀ ਦਿੱਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂ ਆਪਣੇ ਪਾਸਪੋਰਟ ਸਮੇਂ ਸਿਰ ਜਮ੍ਹਾਂ ਕਰਵਾਉਣ ਤਾਂ ਜੋ ਅਗਲੀ ਕਾਰਵਾਈ ਲਈ ਭੇਜੇ ਜਾ ਸਕਣ।

## ਰਾਂਚੀ ’ਚ ਵੱਡਾ ਹਾਦਸਾ

# ਏਅਰ ਐਂਬੂਲੈਂਸ ਹਾਦਸੇ ’ਚ 7 ਲੋਕਾਂ ਦੀ ਮੌਤ

**ਰਾਂਚੀ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਰਾਂਚੀ ’ਚ ਵੱਡਾ ਹਾਦਸਾ ਵਾਪਰਨ ਦੀ ਖ਼ਬਰ ਹੈ। ਚਤਰਾ ਜ਼ਿਲ੍ਹੇ ਤੋਂ ਦਿੱਲੀ ਜਾ ਰਹੀ ਇੱਕ ਏਅਰ ਐਂਬੂਲੈਂਸ ਖਰਾਬ ਮੌਸਮ ਕਾਰਨ ਸਿਮਰੀਆ ਦੇ ਸੰਘਣੇ ਜੰਗਲਾਂ ਵਿੱਚ ਹਾਦਸਾਗ੍ਰਸਤ ਹੋ ਗਈ। ਇਸ ਦਰਦਨਾਕ ਹਾਦਸੇ ਵਿੱਚ ਮਰੀਜ਼, ਉਸਦੀ ਪਤਨੀ, ਡਾਕਟਰ ਅਤੇ ਪਾਇਲਟ ਸਮੇਤ ਸਵਾਰ ਸਾਰੇ ਸੱਤ ਲੋਕਾਂ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ, ਰੈੱਡ ਬਰਡ ਏਵੀਏਸ਼ਨ ਦੇ ਜਹਾਜ਼ ਨੇ ਰਾਂਚੀ ਦੇ ਬਿਰਸਾ ਮੁੰਡਾ ਹਵਾਈ ਅੱਡੇ ਤੋਂ ਦਿੱਲੀ ਲਈ ਉਡਾਣ ਭਰੀ ਸੀ। ਲਾਤੇਹਾਰ ਦੇ ਚਾਂਦਵਾ ਦੇ ਰਹਿਣ ਵਾਲੇ 41 ਸਾਲਾ ਸੰਜੇ ਕੁਮਾਰ ਨੂੰ ਬਿਹਤਰ ਇਲਾਜ ਲਈ ਦਿੱਲੀ ਲਿਜਾਇਆ ਜਾ ਰਿਹਾ ਸੀ। ਸ਼ਾਮ 7 ਵਜੇ ਦੇ ਕਰੀਬ ਜਹਾਜ਼ ਨੇ ਉਡਾਣ ਭਰੀ ਸੀ, ਜਿਸ ਤੋਂ 20 ਮਿੰਟ ਬਾਅਦ ਹੀ ਅਚਾਨਕ ਏਅਰ ਟ੍ਰੈਫਿਕ ਕੰਟਰੋਲ (ਏਟੀਸੀ) ਨਾਲ ਸੰਪਰਕ ਟੁੱਟ ਗਿਆ ਅਤੇ ਚਤਰਾ ਜ਼ਿਲ੍ਹੇ ਦੇ ਸਿਮਰੀਆ ਥਾਣਾ ਖੇਤਰ ਵਿੱਚ ਕਸੀਆਤੂ ਦੇ ਅਧੀਨ ਕਰਮਤੰਡ ਜੰਗਲ ਵਿੱਚ ਹਾਦਸਾਗ੍ਰਸਤ ਹੋ ਗਿਆ। ਚਸ਼ਮਦੀਦਾਂ ਦੇ ਅਨੁਸਾਰ, ਉਸ ਸਮੇਂ ਖੇਤਰ ਵਿੱਚ ਤੇਜ਼ ਤੂਫ਼ਾਨ, ਬਿਜਲੀ ਅਤੇ ਭਾਰੀ ਮੀਂਹ ਪੈ ਰਿਹਾ ਸੀ। ਹਾਦਸੇ ਦੀ ਸੂਚਨਾ ਮਿਲਦੇ ਹੀ, ਜ਼ਿਲ੍ਹਾ ਪ੍ਰਸ਼ਾਸਨ ਨੇ ਸਥਾਨਕ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਤੁਰੰਤ ਕਾਰਵਾਈ ਸੰਭਾਲ ਲਈ। ਚਤਰਾ ਦੇ ਡੀਸੀ ਕੀਰਤੀ ਸ਼੍ਰੀ ਜੀ ਅਤੇ ਐਸਪੀ ਸੁਮਿਤ ਕੁਮਾਰ ਅਗਰਵਾਲ ਭਾਰੀ ਪੁਲਿਸ ਫੋਰਸ ਅਤੇ ਅਰਧ ਸੈਨਿਕ ਬਲਾਂ ਨਾਲ ਮੌਕੇ ’ਤੇ ਪਹੁੰਚੇ। ਜਹਾਜ਼ ਦੇ ਮਲਬੇ ਵਿੱਚੋਂ ਇੱਕ ਔਰਤ ਅਤੇ ਛੇ ਪੁਰਸ਼ਾਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਘਟਨਾ ਦੇ ਹਰ ਪਹਿਲੂ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਇੱਕ ਫੋਰੈਂਸਿਕ ਟੀਮ ਨੂੰ ਘਟਨਾ ਸਥਾਨ ’ਤੇ ਬੁਲਾਇਆ ਗਿਆ ਹੈ। ਸੁਰੱਖਿਆ ਕਾਰਨਾਂ ਕਰਕੇ ਪੂਰੀ ਹਾਦਸੇ ਵਾਲੀ ਥਾਂ ਨੂੰ ਸੀਲ ਕਰ ਦਿੱਤਾ ਗਿਆ ਹੈ। ਸਾਰੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਚਤਰਾ ਦੇ ਸਦਰ ਹਸਪਤਾਲ ਭੇਜ ਦਿੱਤਾ ਗਿਆ ਹੈ। ਚਤਰਾ ਸਦਰ ਹਸਪਤਾਲ ਦੇ ਡਿਪਟੀ ਸੁਪਰਡੈਂਟ ਡਾ. ਪੰਕਜ ਨੇ ਕਿਹਾ, “ਜਹਾਜ਼ ਦੇ ਮਲਬੇ ਵਿੱਚੋਂ ਸੱਤ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਖਰਾਬ ਮੌਸਮ ਅਤੇ ਤੇਜ਼ ਤੂਫ਼ਾਨ ਇਸ ਹਾਦਸੇ ਦੇ ਮੁੱਖ ਕਾਰਨ ਜਾਪਦੇ ਹਨ।” ਇਸ ਦਰਦਨਾਕ ਹਾਦਸੇ ਵਿੱਚ ਸੱਤ ਲੋਕਾਂ ਦੀ ਜਾਨ ਚਲੀ ਗਈ। ਹਸਪਤਾਲ ਅਤੇ ਹਵਾਈ ਅੱਡਾ ਅਧਿਕਾਰੀਆਂ ਦੇ ਅਨੁਸਾਰ, ਮਾਰੇ ਗਏ ਲੋਕਾਂ ਦੀ ਪਛਾਣ ਪਾਇਲਟ ਵਿਵੇਕ ਵਿਕਾਸ ਭਗਤ ਤੇ ਸਬਰਾਜਦੀਪ ਸਿੰਘ, ਮਰੀਜ਼ ਸੰਜੇ ਕੁਮਾਰ, ਪਰਿਵਾਰਕ ਮੈਂਬਰ ਅਰਚਨਾ ਦੇਵੀ ਤੇ ਧਰੂ ਕੁਮਾਰ, ਡਾਕਟਰ ਵਿਕਾਸ ਕੁਮਾਰ ਗੁਪਤਾ ਤੇ ਨਰਸ ਸਚਿਨ ਕੁਮਾਰ ਸਚਿਨ ਕੁਮਾਰ ਮਿਸ਼ਰਾ ਵੱਜੋਂ ਹੋਈ।



## ਘਰ ’ਚ ਕੱਪੜੇ ਦੇ ਗੋਦਾਮ ਨੂੰ ਲੱਗੀ ਭਿਆਨਕ ਅੱਗ, 5 ਬੱਚਿਆਂ ਸਮੇਤ 6 ਦੀ ਮੌਤ

**ਮੇਰਠ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਮੇਰਠ ਜ਼ਿਲ੍ਹੇ ਤੋਂ ਇੱਕ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਸੋਮਵਾਰ ਰਾਤ ਨੂੰ ਇੱਥੇ ਇੱਕ ਘਰ ਵਿੱਚ ਭਿਆਨਕ ਅੱਗ ਲੱਗ ਗਈ, ਜਿਸ ਨਾਲ ਇੱਕ ਖ਼ੁਸ਼ ਪਰਿਵਾਰ ਤਬਾਹ ਹੋ ਗਿਆ। ਲਿਸਾਡੀ ਗੇਟ ਥਾਣਾ ਖੇਤਰ ਦੇ ਅਧੀਨ ਆਉਂਦੇ ਕਿਦਵਈ ਨਗਰ ਵਿੱਚ ਵਾਪਰੇ ਇਸ ਹਾਦਸੇ ਵਿੱਚ ਹੁਣ ਤੱਕ ਛੇ ਲੋਕਾਂ ਦੀ ਮੌਤ ਹੋ ਗਈ ਹੈ। ਸ਼ੁਰੂਆਤੀ ਜਾਂਚ ਵਿੱਚ ਹਾਦਸੇ ਦਾ ਕਾਰਨ ਸ਼ਾਰਟ ਸਰਕਟ ਦੱਸਿਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਘਰ ਦੀ ਹੇਠਲੀ ਮੰਜ਼ਿਲ ’ਤੇ ਕੱਪੜੇ ਦਾ ਗੋਦਾਮ ਹੈ, ਅਤੇ ਪਰਿਵਾਰ ਉੱਪਰ ਰਹਿੰਦਾ ਹੈ। ਸੋਮਵਾਰ ਦੇਰ ਸ਼ਾਮ ਇਕਬਾਲ ਆਪਣੇ ਭਰਾ ਨਾਲ ਨਮਾਜ਼ ਪੜ੍ਹਨ ਗਿਆ ਸੀ। ਦੋ ਔਰਤਾਂ ਅਤੇ ਪੰਜ ਬੱਚੇ ਘਰ ਦੇ ਅੰਦਰ ਸਨ ਜਦੋਂ ਅਚਾਨਕ ਅੱਗ ਲੱਗ ਗਈ। ਗੁਆਂਢੀਆਂ ਨੇ ਘਰ ਵਿੱਚੋਂ ਅੱਗ ਦੀਆਂ ਲਪਟਾਂ ਉੱਠਦੀਆਂ ਦੇਖੀਆਂ, ਜਿਸ ਕਾਰਨ ਹੰਗਾਮਾ ਹੋ ਗਿਆ। ਫਾਇਰ ਬ੍ਰਿਗੇਡ ਅਤੇ ਪੁਲਿਸ ਨੂੰ ਤੁਰੰਤ ਸੂਚਿਤ ਕੀਤਾ ਗਿਆ। ਸੂਚਨਾ ਮਿਲਦੇ ਹੀ ਪੁਲਿਸ ਅਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ ’ਤੇ ਪਹੁੰਚੀਆਂ। ਉਨ੍ਹਾਂ ਨੇ ਕਿਸੇ ਤਰ੍ਹਾਂ ਅੱਗ ਬੁਝਾਈ। ਇਲਾਕੇ ਦੀਆਂ ਤੰਗ ਗਲੀਆਂ ਕਾਰਨ ਫਾਇਰ ਬ੍ਰਿਗੇਡ ਨੂੰ ਘਰ ਤੱਕ ਪਹੁੰਚਣ ਵਿੱਚ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਘਰ ਦੇ ਅੰਦਰ ਪੰਜ ਬੱਚੇ ਅਤੇ ਦੋ ਔਰਤਾਂ ਅੱਗ ਵਿੱਚ ਫਸ ਗਈਆਂ ਅਤੇ ਸੜ ਗਈਆਂ। ਉਨ੍ਹਾਂ ਨੂੰ ਬਹੁਤ ਮੁਸ਼ਕਲ ਨਾਲ ਬਚਾਇਆ ਗਿਆ। ਸਾਰਿਆਂ ਨੂੰ ਇਲਾਜ ਲਈ ਨੇੜਲੇ ਹਸਪਤਾਲ ਭੇਜਿਆ ਗਿਆ, ਜਿੱਥੋਂ ਇੱਕ ਨੂੰ ਮੇਰਠ ਮੈਡੀਕਲ ਰੈਫਰ ਕਰ ਦਿੱਤਾ ਗਿਆ। ਸਾਰਿਆਂ ਦੀ ਹਾਲਤ ਗੰਭੀਰ ਸੀ, ਅਤੇ ਇਲਾਜ ਦੌਰਾਨ ਪੰਜ ਬੱਚਿਆਂ ਅਤੇ ਇੱਕ ਔਰਤ ਦੀ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਅੱਗ ਲੱਗਣ ਨਾਲ ਇੱਕੋ ਪਰਿਵਾਰ ਦੇ ਪੰਜ ਬੱਚਿਆਂ ਅਤੇ ਇੱਕ ਔਰਤ ਦੀ ਮੌਤ ਹੋ ਗਈ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਫਾਇਰ ਬ੍ਰਿਗੇਡ ਦੇ ਇੱਕ ਅਧਿਕਾਰੀ ਨੇ ਵੀ ਇਸ ਘਟਨਾ ਸੰਬੰਧੀ ਇੱਕ ਬਿਆਨ ਜਾਰੀ ਕੀਤਾ ਹੈ। ਅਧਿਕਾਰੀ ਨੇ ਕਿਹਾ ਕਿ ਇੱਕ ਘਰ ਵਿੱਚ ਅੱਗ ਲੱਗ ਗਈ। ਫਾਇਰ ਬ੍ਰਿਗੇਡ ਦੀ ਟੀਮ ਤੁਰੰਤ ਪਹੁੰਚੀ ਅਤੇ ਅੱਗ ’ਤੇ ਕਾਬੂ ਪਾਇਆ। ਜ਼ਖਮੀਆਂ ਨੂੰ ਵੀ ਹਸਪਤਾਲ ਲਿਜਾਇਆ ਗਿਆ, ਜਿੱਥੇ ਛੇ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਇੱਕ ਵਿਅਕਤੀ ਗੰਭੀਰ ਜ਼ਖਮੀ ਹੈ।

## ਪੰਜਾਬ ’ਚ ਨਵੇਂ ਡਿਪਟੀ ਮੁੱਖ ਮੰਤਰੀ ਚਿਹਰੇ ਦਾ ਐਲਾਨ, ਸ਼੍ਰੋਮਣੀ ਅਕਾਲੀ ਦਲ ਨੇ ਖੇਡਿਆ ਵੱਡਾ ਦਾਅ

**ਚੰਡੀਗੜ੍ਹ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਨੇ ਵੱਡਾ ਦਾਅ ਖੇਡਿਆ ਹੈ। ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਚਿਹਰੇ ਵਜੋਂ ਪੇਸ਼ ਕਰਨ ਤੋਂ ਬਾਅਦ ਹੁਣ ਪਾਰਟੀ ਨੇ ਆਪਣੇ ਉਪ-ਮੁੱਖ ਮੰਤਰੀ ਚਿਹਰੇ ਦਾ ਐਲਾਨ ਕਰ ਦਿੱਤਾ ਹੈ। ਪਾਰਟੀ ਵੱਲੋਂ ਸੀਨੀਅਰ ਲੀਡਰ ਗੁਲਜ਼ਾਰ ਸਿੰਘ ਰਣੀਕੇ ਨੂੰ ਡਿਪਟੀ ਮੁੱਖ ਮੰਤਰੀ ਐਲਾਨ ਦਿੱਤਾ ਹੈ। ਇਸ ਦਾ ਐਲਾਨ ‘ਪੰਜਾਬ ਬਚਾਓ ਰੈਲੀ’ ਦੌਰਾਨ ਸੰਬੋਧਨ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਕੀਤਾ ਹੈ। ਬਿਕਰਮ ਸਿੰਘ ਮਜੀਠੀਆ ਨੇ ਰੈਲੀ ਦੌਰਾਨ ਸੰਬੋਧਨ ਕਰਦਿਆਂ ਕਿਹਾ ਸੁਖਬੀਰ ਸਿੰਘ ਬਾਦਲ ਦੀ ਕੈਬਨਿਟ ਵਿਚ ਗੁਲਜ਼ਾਰ ਸਿੰਘ ਰਣੀਕੇ ਦੂਜੇ ਨੰਬਰ ’ਤੇ ਵਜ਼ੀਰ ਜਾਂ ਡਿਪਟੀ ਸੀ. ਐੱਮ. ਜਿਹੇ ਵੱਡੇ ਅਹੁਦੇ ’ਤੇ ਬੈਠਣਗੇ। ਇਸ ਦੌਰਾਨ ਮਜੀਠੀਆ ਨੇ ਰੈਲੀ ਵਿਚ ਇਕੱਠ ਤੋਂ ਵੀ ਇਸ ਸਬੰਧੀ ਹੁੰਗਾਰਾ ਮੰਗਿਆ। ਉਨ੍ਹਾਂ ਕਿਹਾ ਕਿ ਬਾਰਡਰ ਏਰੀਏ ਦੇ ਲੋਕਾਂ ਨੇ ਪਹਿਲਾਂ ਵੀ ਹਰ ਜੰਗ ਮੂਹਰੇ ਹੋ ਕੇ ਲੜੀ ਹੈ ਤੇ ਹੁਣ ਵੀ ਆਮ ਆਦਮੀ ਪਾਰਟੀ ਤੇ ’ਜੁਗਨੂੰ’ ਨੂੰ ਬੁਝਾਉਣ ਦਾ ਕੰਮ ਇਸੇ ਇਲਾਕੇ ਤੋਂ ਸ਼ੁਰੂ ਹੋਵੇਗਾ।




ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੀ ਕਿਹਾ ਕਿ ਗੁਲਜ਼ਾਰ ਸਿੰਘ ਰਣੀਕੇ ਨੇ ਪ੍ਰਕਾਸ਼ ਸਿੰਘ ਬਾਦਲ ਦੇ ਨਾਲ ਜੇਲ੍ਹਾਂ ਕੱਟੀਆਂ ਹਨ। ਉਨ੍ਹਾਂ ਦਾ ਪਰਿਵਾਰ ਪ੍ਰਕਾਸ਼ ਸਿੰਘ ਬਾਦਲ ਦਾ ਸੱਚਾ ਸਾਥੀ ਰਿਹਾ ਹੈ ਤੇ ਹਮੇਸ਼ਾ ਪਾਰਟੀ ਦੇ ਨਾਲ ਡਟ ਕੇ ਖੜ੍ਹੇ ਰਹੇ ਹਨ। ਸੁਖਬੀਰ ਨੇ ਸਟੇਜ ’ਤੇ ਹੀ ਗੁਲਜ਼ਾਰ ਸਿੰਘ ਰਣੀਕੇ ਦੇ ਪੈਰ ਛੂਹ ਕੇ ਅਸ਼ੀਰਵਾਦ ਲਿਆ ਤੇ ਆਖਿਆ ਕਿ ਉਹ ਉਨ੍ਹਾਂ ਦੀ ਬਹੁਤ ਇੱਜ਼ਤ ਕਰਦੇ ਹਨ।

ਦੱਸ ਦਈਏ ਕਿ ਗੁਲਜ਼ਾਰ ਸਿੰਘ ਰਣੀਕੇ ਵਿਧਾਨ ਸਭਾ ਹਲਕਾ ਅਟਾਰੀ ਤੋਂ ਵਿਧਾਇਕ ਰਹਿ ਚੁੱਕੇ ਹਨ। ਉਹ 2012 ਦੀਆਂ ਚੋਣਾਂ ਵਿਚ ਇਸ ਹਲਕੇ ਤੋਂ ਜਿੱਤੇ ਸਨ। ਇਸ ਵਾਰ ਵੀ ਰਣੀਕੇ ਦੇ ਅਟਾਰੀ ਹਲਕੇ ਤੋਂ ਹੀ ਚੋਣ ਲੜਣ ਦੀ ਚਰਚਾ ਹੈ।

## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਲੱਗਿਆ ਵੱਡਾ ਝਟਕਾ, ਕਰਨੈਲ ਸਿੰਘ ਪੰਜੋਲੀ ਨੇ ਛੱਡੀ ਪਾਰਟੀ

**ਲੁਧਿਆਣਾ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਰਨੈਲ ਸਿੰਘ ਪੰਜੋਲੀ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸਰਜੀਤ) ਨਾਲ ਆਪਣੇ ਸਾਰੇ ਸਬੰਧ ਖਤਮ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਨੇ ਪ੍ਰਧਾਨ ਨੂੰ ਭੇਜੇ ਲਿਖਤੀ ਪੱਤਰ ਵਿੱਚ ਕਿਹਾ ਕਿ ਉਹ ਪਾਰਟੀ ਵਿੱਚ ਸਟੇਟ ਡੈਲੀਗੇਟ ਵਜੋਂ ਸ਼ਾਮਲ ਹੋਏ ਸਨ ਅਤੇ ਡੈਲੀਗੇਟ ਦੀ ਭੂਮਿਕਾ ਪ੍ਰਧਾਨ ਦੀ ਚੋਣ ਤੱਕ ਸੀਮਿਤ ਹੁੰਦੀ ਹੈ, ਜਿਸਨੂੰ ਉਨ੍ਹਾਂ ਨੇ ਪੂਰੀ ਇਮਾਨਦਾਰੀ ਨਾਲ ਨਿਭਾਇਆ। ਕਰਨੈਲ ਸਿੰਘ ਪੰਜੋਲੀ ਨੇ ਕਿਹਾ ਕਿ ਪ੍ਰਧਾਨ ਦੀ ਚੋਣ ਤੋਂ ਬਾਅਦ ਪਾਰਟੀ ਵੱਲੋਂ ਉਨ੍ਹਾਂ ਨੂੰ ਕਿਸੇ ਵੀ ਪਲੇਟਫਾਰਮ ‘ਤੇ ਕੰਮ ਕਰਨ ਲਈ ਕੋਈ ਜ਼ਿੰਮੇਵਾਰੀ ਨਹੀਂ ਦਿੱਤੀ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਪਾਰਟੀ ਵਿੱਚ ਮੌਜੂਦ ਕੁਝ ਵਿਅਕਤੀਆਂ ਵੱਲੋਂ ਉਨ੍ਹਾਂ ਦਾ ਜਾਤੀ, ਜਮਾਤੀ ਅਤੇ ਸਮਾਜਿਕ ਤੌਰ ‘ਤੇ ਕਾਫ਼ੀ ਨੁਕਸਾਨ ਕੀਤਾ ਗਿਆ, ਜਿਸ ਕਾਰਨ ਉਨ੍ਹਾਂ ਨੂੰ ਆਰਥਿਕ ਤੌਰ ‘ਤੇ ਵੀ ਭਾਰੀ ਨੁਕਸਾਨ ਝੱਲਣਾ ਪਿਆ। ਉਨ੍ਹਾਂ ਕਿਹਾ ਕਿ ਪੰਥਕ ਅਤੇ ਪਾਰਟੀ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਉਹ ਕਾਫ਼ੀ ਸਮੇਂ ਤੱਕ ਸਭ ਕੁਝ ਸਹਿੰਦੇ ਰਹੇ, ਪਰ ਮਿਤੀ 22 ਫ਼ਰਵਰੀ 2026 ਨੂੰ ਵਾਪਰੀ ਇੱਕ ਘਟਨਾ ਨੇ ਉਨ੍ਹਾਂ ਨੂੰ ਪਾਰਟੀ ਛੱਡਣ ਲਈ ਮਜਬੂਰ ਕਰ ਦਿੱਤਾ। ਪੰਜੋਲੀ ਨੇ ਕਿਹਾ ਕਿ ਉਨ੍ਹਾਂ ਕੋਲ ਪਾਰਟੀ ਦਾ ਕੋਈ ਅਹੁਦਾ ਨਹੀਂ ਸੀ ਜਿਸ ਤੋਂ ਉਹ ਅਸਤੀਫਾ ਦੇ ਸਕਣ, ਇਸ ਲਈ ਹੁਣ ਤੋਂ ਉਨ੍ਹਾਂ ਨੂੰ ਪਾਰਟੀ ਦਾ ਹਿੱਸਾ ਨਾ ਸਮਝਿਆ ਜਾਵੇ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕਰਦਿਆਂ ਕਿਹਾ ਕਿ ਪਾਰਟੀ ਹਮੇਸ਼ਾ ਚੜਦੀ ਕਲਾ ਵਿੱਚ ਰਹੇ। ਉਨ੍ਹਾਂ ਇਹ ਵੀ ਕਿਹਾ ਕਿ ਜਿੰਨਾ ਸਮਾਂ ਉਹ ਪਾਰਟੀ ਨਾਲ ਜੁੜੇ ਰਹੇ, ਉਸ ਦੌਰਾਨ ਮਿਲੇ ਸਹਿਯੋਗ ਲਈ ਉਹ ਧੰਨਵਾਦੀ ਹਨ। ਸ. ਕਰਨੈਲ ਸਿੰਘ ਪੰਜੋਲੀ 22 ਫਰਵਰੀ ਨੂੰ ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ ’ਤੇ ਹੋਈ ਪੰਥਕ ਇਕੱਤਰਤਾ ਦੌਰਾਨ ਵਾਪਰੀ ਘਟਨਾ ਤੋਂ ਨਿਰਾਸ਼ ਸਨ। ਉੱਥੇ ਹੀ ਸੂਤਰਾਂ ਅਨੁਸਾਰ ਇਸ ਘਟਨਾ ਤੋਂ ਬਾਅਦ ਪੁਨਰ ਸੁਰਜੀਤ ਧੜੇ ਦੀ 25 ਫਰਵਰੀ ਨੂੰ ਫਤਿਹਗੜ੍ਹ ਸਾਹਿਬ ਵਿੱਚ ਹੋਣ ਵਾਲੀ ਰੈਲੀ ਰੱਦ ਕਰ ਦਿੱਤੀ ਗਈ ਹੈ। ਕਰਨੈਲ ਸਿੰਘ ਪੰਜੋਲੀ ਨੇ ਆਪਣੇ ਅਧਿਕਾਰਤ ਫੇਸਬੁੱਕ ਅਕਾਊਂਟ ’ਤੇ ਇੱਕ ਪੋਸਟ ਵਿੱਚ ਆਪਣੇ ਅਸਤੀਫ਼ੇ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ ’ਤੇ ਪਿੰਡ ਹਵਾਰਾ ਕਲਾਂ ਵਿੱਚ ਹੋਈ ਪੰਥਕ ਇਕੱਤਰਤਾ ਦੌਰਾਨ 22 ਫਰਵਰੀ ਨੂੰ ਵਾਪਰੀ ਘਟਨਾ ਨੇ ਉਨ੍ਹਾਂ ਨੂੰ ਡੂੰਘਾ ਸਦਮਾ ਪਹੁੰਚਾਇਆ। ਇਸ ਘਟਨਾ ਤੋਂ ਬਾਅਦ, ਉਹ ਆਪਣੇ ਆਪ ਨੂੰ ਸ਼ਾਂਤ ਨਹੀਂ ਕਰ ਸਕਿਆ ਅਤੇ ਪਾਰਟੀ ਨਾਲੋਂ ਨਾਤਾ ਤੋੜਨ ਦਾ ਫੈਸਲਾ ਕੀਤਾ। ਸੂਤਰਾਂ ਅਨੁਸਾਰ, ਹਵਾਰਾ ਕਲਾਂ ਵਿੱਚ ਇਕੱਠ ਦੌਰਾਨ ਸੰਪਰਦਾਇਕ ਏਕਤਾ ਅਤੇ ਅਨੁਸ਼ਾਸਨ ਨੂੰ ਲੈ ਕੇ ਕੁਝ ਤਣਾਅ ਪੈਦਾ ਹੋ ਗਿਆ। ਇਸ ਘਟਨਾ ਨੇ ਪਾਰਟੀ ਦੇ ਅੰਦਰ ਚੱਲ ਰਹੇ ਮਤਭੇਦਾਂ ਨੂੰ ਵੀ ਉਜਾਗਰ ਕੀਤਾ। ਆਪਣੀ ਪੋਸਟ ਵਿੱਚ, ਪੰਜੋਲੀ ਨੇ ਸੰਕੇਤ ਦਿੱਤਾ ਕਿ ਉਹ ਸੰਪਰਦਾਇਕ ਮੁੱਦਿਆਂ ’ਤੇ ਸਪੱਸ਼ਟ ਅਤੇ ਇਕਜੁੱਟ ਰੁਖ਼ ਦੀ ਘਾਟ ਕਾਰਨ ਬੇਚੈਨ ਮਹਿਸੂਸ ਕਰ ਰਿਹਾ ਸੀ।




## ਕੰਗਣਾ ਰਣੌਤ ਮਾਮਲੇ ’ਚ ਸੁਣਵਾਈ ਟਲੀ, ਬਠਿੰਡਾ ਅਦਾਲਤ ਨੇ 10 ਮਾਰਚ ’ਤੇ ਪਾਈ ਪੇਸ਼ੀ



**ਬਠਿੰਡਾ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਬੇਬੇ ਮਹਿੰਦਰ ਕੌਰ ਵੱਲੋਂ ਕੀਤੇ ਮਾਣਹਾਨੀ ਮਾਮਲੇ ’ਚ ਭਾਜਪਾ ਸਾਂਸਦ ਕੰਗਨਾ ਰਣੌਤ ਦੀ ਅੱਜ ਬਠਿੰਡਾ ਅਦਾਲਤ ’ਚ ਸੁਣਵਾਈ ਟਲ ਗਈ। ਵਕੀਲਾਂ ਦੀ ਹੜਤਾਲ ਦੇ ਮੱਦੇਨਜ਼ਰ ਅਦਾਲਤ ਨੇ ਮਾਮਲੇ ਦੀ ਅਗਲੀ ਸੁਣਵਾਈ ਹੁਣ 10 ਮਾਰਚ ’ਤੇ ਪਾ ਦਿੱਤੀ ਹੈ। ਦੱਸ ਦਈਏ ਕਿ ਬਠਿੰਡਾ ਵਿੱਚ ਵਕੀਲਾਂ ਦੀ ਹੜਤਾਲ ਚੱਲ ਰਹੀ ਹੈ, ਜਿਸ ਕਾਰਨ ਅਦਾਲਤਾਂ ਦੇ ਕੰਮ ਵਿੱਚ ਵਿਘਨ ਪੈ ਰਿਹਾ ਹੈ। ਇਸ ਕਾਰਨ ਹੀ ਇਸ ਮਾਮਲੇ ਵਿੱਚ ਵੀ ਸੁਣਵਾਈ ਟਲ ਗਈ।” ਇਸ ਮੌਕੇ ਗੱਲਬਾਤ ਕਰਦੇ ਹੋਏ ਬੇਬੇ ਮਹਿੰਦਰ ਕੌਰ ਦੇ ਪਤੀ ਲਾਭ ਸਿੰਘ ਨੇ ਕਿਹਾ ਮੈਨੂੰ ਫੋਨ ਆ ਰਹੇ ਹਨ ਰਾਜੀਨਾਮਾ ਕਰਨ ਦੇ ਲੇਕਿਨ ਕੋਰਟ ਦਾ ਅਤੇ ਰੱਬ ਦਾ ਫੈਸਲਾ ਮੈਨੂੰ ਮਨਜੂਰ ਹੋਵੇਗਾ। ਉਧਰ, ਵਕੀਲ ਰਘਬੀਰ ਸਿੰਘ ਬਹਿਣੀਵਾਲ ਨੇ ਕਿਹਾ ਸਾਡੀ ਚੱਲ ਰਹੀ ਹੜਤਾਲ ਦੇ ਕਾਰਨ ਹੁਣ ਕੰਗਣਾ ਰਣੌਤ ਮਾਣਹਾਨੀ ਕੇਸ ਵਿੱਚ ਅਗਲੀ ਸੁਣਵਾਈ 10 ਮਾਰਚ ਨੂੰ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਅਸੀਂ ਮਾਨਯੋਗ ਕੋਰਟ ਵਿੱਚ ਕੰਗਣਾ ਰਣੌਤ ਦਾ ਪਾਸਪੋਰਟ ਸਰੰਡਰ ਕਰਵਾਉਣ ਦੇ ਲਈ ਐਪਲੀਕੇਸ਼ਨ ਲਾਈ ਹੈ ਕਿਉਂਕਿ ਬੇਬੇ ਮਹਿੰਦਰ ਕੌਰ ਦੀ ਉਮਰ ਕਾਫੀ ਹੋ ਚੁੱਕੀ ਹੈ, ਜਿਸ ਕਾਰਨ ਉਸ ਨੂੰ ਕੋਰਟ ਦੇ ਵਿੱਚ ਆਉਣ ਵਿੱਚ ਵੀ ਮੁਸ਼ਿਕਲ ਹੁੰਦੀ ਹੈ। ਦੂਜੇ ਪਾਸੇ, ਬੇਬੇ ਮਹਿੰਦਰ ਕੌਰ ਦੇ ਪਤੀ ਲਾਭ ਸਿੰਘ ਦਾ ਕਹਿਣਾ ਹੈ ਕਿ ਅਜਿਹੀ ਉਮਰ ਵਿੱਚ ਕੋਰਟਾਂ ਵਿੱਚ ਧੱਕੇ ਖਾਣਾ ਕਾਫੀ ਔਖਾ ਲੱਗਦਾ ਹੈ। ਉਹਨਾਂ ਨੂੰ ਰਾਜ਼ੀਨਾਮੇ ਲਈ ਕਾਫੀ ਵਾਰ ਵਿਦੇਸ਼ਾਂ ਤੋਂ ਫੋਨ ਕਾਲ ਵੀ ਆ ਰਹੀਆਂ ਹਨ ਪਰੰਤੂ ਜੇਕਰ ਕੰਗਨਾ ਉਹਨਾਂ ਦੇ ਘਰ ਵੀ ਆਉਂਦੀ ਹੈ ਤਾਂ ਉਹ ਮਾਫ ਨਹੀਂ ਕਰਨਗੇ। ਹੁਣ ਤਾਂ ਸਿਰਫ ਮਾਨਯੋਗ ਕੋਰਟ ਦਾ ਫੈਸਲਾ ਜਾਂ ਫਿਰ ਜੋ ਰੱਬ ਨੂੰ ਮਨਜ਼ੂਰ ਹੈ ਉਸੇ ਫੈਸਲੇ ਨੂੰ ਹੱਸ ਕੇ ਸਵੀਕਾਰ ਕਰਾਂਗੇ।




**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

### ਅਮਰੀਕਾ ਤੋਂ ਪੁੱਜੇ ਸਿੱਖ ਵਫ਼ਦ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨਾਲ ਕੀਤੀ ਮੁਲਾਕਾਤ

# ਯੂਬਾਸਿਟੀ ਅੰਦਰ ਧਰਮ ਪ੍ਰਚਾਰ ਕੇਂਦਰ ਸਥਾਪਤ ਕਰਨ ਦੀ ਕੀਤੀ ਅਪੀਲ



**ਅੰਮ੍ਰਿਤਸਰ, 24 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੀਆਂ ਸਿੱਖ ਸੰਗਤਾਂ ਦੇ ਇਕ ਵਫ਼ਦ ਨੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਕੈਲੇਫੋਰਨੀਆ ਦੇ ਯੂਬਾਸਿਟੀ ਅੰਦਰ ਧਰਮ ਪ੍ਰਚਾਰ ਕੇਂਦਰ ਜਲਦ ਸਥਾਪਤ ਕਰਨ ਦੀ ਅਪੀਲ ਕੀਤੀ ਹੈ। ਇਹ ਵਫ਼ਦ ਸ. ਦਲਬੀਰ ਸਿੰਘ ਗਿੱਲ ਦੀ ਅਗਵਾਈ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਲਈ ਪੁੱਜਿਆ ਹੈ, ਜਿਸ ਵਿਚ ਸ. ਗੁਰਮੁੱਖ ਸਿੰਘ ਧਨੋਆ, ਬੀਬੀ ਲਖਵਿੰਦਰ ਕੌਰ, ਬੀਬੀ ਜਿੰਦਰਜੀਤ ਕੌਰ ਗਿੱਲ, ਬੀਬੀ ਚਰਨਜੀਤ ਕੌਰ ਗਿੱਲ ਅਤੇ ਬੀਬੀ ਕੁਲਦੀਪ ਕੌਰ ਧਨੋਆ ਆਦਿ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸ. ਦਲਬੀਰ ਸਿੰਘ ਗਿੱਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਪੰਥ ਦੀ ਸਭ ਤੋਂ ਵੱਡੀ ਸੰਵਿਧਾਨਕ ਸੰਸਥਾ ਹੈ, ਜੋ ਦੇਸ਼ ਦੁਨੀਆ ਅੰਦਰ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਨਿਰੰਤਰ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਨਿਵਾਸੀ ਸਿੱਖ ਸ. ਦੀਦਾਰ ਸਿੰਘ ਬੈਂਸ ਅਤੇ ਪਰਿਵਾਰ ਵੱਲੋਂ ਯੂਬਾਸਿਟੀ ਵਿਖੇ ਬੀਤੇ ਸਮੇਂ ਵਿਚ ਸ਼੍ਰੋਮਣੀ ਕਮੇਟੀ ਨੂੰ ਜ਼ਮੀਨ ਦਿੱਤੀ ਗਈ ਸੀ, ਜਿਸ 'ਤੇ ਧਰਮ ਦੇ ਪ੍ਰਚਾਰ ਪ੍ਰਸਾਰ ਨੂੰ ਹੋਰ ਪ੍ਰਫੁਲਤ ਕਰਨ ਲਈ ਕੇਂਦਰ ਸਥਾਪਤ ਕਰਨ ਲਈ ਸਿੱਖ ਸੰਗਤਾਂ ਅੰਦਰ ਵੱਡੀ ਉਤਸੁਕਤਾ ਹੈ। ਉਨ੍ਹਾਂ ਕਿਹਾ ਕਿ ਇਹ ਸਮੇਂ ਦੀ ਵੱਡੀ ਲੋੜ ਵੀ ਹੈ, ਜਿਸ ਵਿਚ ਅਮਰੀਕਾ ਦੀਆਂ ਸਿੱਖ ਸੰਗਤਾਂ ਸ਼੍ਰੋਮਣੀ ਕਮੇਟੀ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣਗੀਆਂ।

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਸੰਸਥਾ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਕਾਰਜ ਕਰਨ ਲਈ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਸਿੱਖੀ ਪ੍ਰਚਾਰ ਨੂੰ ਹੋਰ ਪ੍ਰਚੰਡ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਯੂਬਾਸਿਟੀ ਅੰਦਰ ਸ. ਦੀਦਾਰ ਸਿੰਘ ਬੈਂਸ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਦਿੱਤੀ ਜ਼ਮੀਨ 'ਤੇ ਕੇਂਦਰ ਸਥਾਪਤ ਕਰਨਾ ਏਜੰਡੇ 'ਤੇ ਹੈ ਅਤੇ ਜਲਦ ਹੀ ਇਸ 'ਤੇ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਅਮਰੀਕਾ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਕਾਰਜ ਵਾਸਤੇ ਸ਼੍ਰੋਮਣੀ ਕਮੇਟੀ ਨੂੰ ਸਹਿਯੋਗ ਦੇਣ ਲਈ ਅੱਗੇ ਆਉਣ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ. ਦਲਬੀਰ ਸਿੰਘ ਗਿੱਲ ਦੀ ਅਗਵਾਈ 'ਚ ਪੁੱਜੇ ਵਫ਼ਦ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਡੈਂਟੈਂਟ ਸ. ਨਿਸ਼ਾਨ ਸਿੰਘ ਆਦਿ ਮੌਜੂਦ ਸਨ।

# ਆਸਟ੍ਰੇਲੀਆ ਵਿੱਚ ਕੱਟੜਪੰਥੀ ਨੇਤਾ ਦੇ ਵਿਵਾਦਿਤ ਬਿਆਨ ਨਾਲ ਮਚੀ ਚਰਚਾ



ਆਸਟ੍ਰੇਲੀਆ ਦੇ ਕੱਟੜਪੰਥੀ ਨੇਤਾ Thomas Sewell ਵੱਲੋਂ ਪਰਵਾਸੀਆਂ ਖ਼ਿਲਾਫ਼ ਦਿੱਤੇ ਗਏ ਵਿਵਾਦਿਤ ਬਿਆਨਾਂ ਨੇ ਨਵਾਂ ਵਿਵਾਦ ਖੜ੍ਹਾ ਕਰ ਦਿੱਤਾ ਹੈ। ਸੇਵੇਲ ਨੇ ਭਾਰਤ ਸਮੇਤ ਹੋਰਨਾਂ ਦੇਸ਼ਾਂ ਤੋਂ ਆ ਕੇ ਆਸਟ੍ਰੇਲੀਆ ਵਿੱਚ ਵੱਸੇ ਲੋਕਾਂ ਦਾ ਖੁੱਲ੍ਹਾ ਵਿਰੋਧ ਕਰਦਿਆਂ ਉਨ੍ਹਾਂ ਨੂੰ ਦੇਸ਼ ਛੱਡਣ ਦੀ ਗੱਲ ਕਹੀ ਹੈ।

ਮੈਲਬੌਰਨ ਦੀ ਇੱਕ ਅਦਾਲਤ ਦੇ ਬਾਹਰ ਗੱਲਬਾਤ ਕਰਦਿਆਂ ਸੇਵੇਲ ਨੇ ਕਿਹਾ ਕਿ ਉਹ ਨਹੀਂ ਚਾਹੁੰਦਾ ਕਿ ਆਸਟ੍ਰੇਲੀਆ "ਭਾਰਤ ਜਾਂ ਸੁਡਾਨ ਵਰਗਾ ਦੇਸ਼ ਬਣੇ।" ਉਸ ਨੇ ਦਾਅਵਾ ਕੀਤਾ ਕਿ ਆਸਟ੍ਰੇਲੀਆ ਸਿਰਫ਼ ਗੋਰਿਆਂ ਦਾ ਦੇਸ਼ ਹੈ ਅਤੇ ਭਾਰਤੀਆਂ ਨੂੰ ਇੱਥੋਂ ਚਲੇ ਜਾਣਾ ਚਾਹੀਦਾ ਹੈ। ਸੇਵੇਲ ਨੇ ਭਾਰਤੀਆਂ ਨੂੰ ਸਥਾਈ ਨਿਵਾਸ (PR) ਦੇਣ ਦਾ ਵੀ ਵਿਰੋਧ ਕੀਤਾ ਅਤੇ ਪਰਵਾਸੀ ਨੀਤੀਆਂ 'ਤੇ ਸਵਾਲ ਉਠਾਏ।

ਆਵਾਜ਼ਿ ਕੌਮ AWAZE QAUM International Newspaper & WEB TV

ਇਨ੍ਹਾਂ ਬਿਆਨਾਂ ਤੋਂ ਬਾਅਦ ਪਰਵਾਸੀ ਭਾਈਚਾਰਿਆਂ ਵਿੱਚ ਚਿੰਤਾ ਦਾ ਮਾਹੌਲ ਬਣ ਗਿਆ ਹੈ। ਨਿਊਜ਼ੀਲੈਂਡ ਤੋਂ ਬਾਅਦ ਹੁਣ ਆਸਟ੍ਰੇਲੀਆ ਵਿੱਚ ਵੀ ਪਰਵਾਸੀਆਂ ਖ਼ਿਲਾਫ਼ ਅਜਿਹੀਆਂ ਆਵਾਜ਼ਾਂ ਉੱਠਣ ਨਾਲ ਭਾਰਤੀ ਭਾਈਚਾਰਾ ਚਿੰਤਤ ਦਿਖਾਈ ਦੇ ਰਿਹਾ ਹੈ।

ਉੱਧਰ ਆਸਟ੍ਰੇਲੀਆਈ ਸਰਕਾਰ ਨੇ ਸੇਵੇਲ ਦੇ ਬਿਆਨਾਂ ਨੂੰ ਰੱਦ ਕਰਦਿਆਂ ਸਪੱਸ਼ਟ ਕੀਤਾ ਹੈ ਕਿ ਦੇਸ਼ ਵਿੱਚ ਰਹਿ ਰਹੇ ਸਾਰੇ ਪਰਵਾਸੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇਗੀ। ਸਰਕਾਰ ਵੱਲੋਂ ਆਸਟ੍ਰੇਲੀਆ ਵਿੱਚ ਰਹਿ ਰਹੇ 2 ਲੱਖ ਤੋਂ ਵੱਧ ਪੰਜਾਬੀ ਸਿੱਖਾਂ ਅਤੇ ਕਰੀਬ 10 ਲੱਖ ਭਾਰਤੀਆਂ ਦੀ ਸੁਰੱਖਿਆ ਦਾ ਭਰੋਸਾ ਦਿੱਤਾ ਗਿਆ ਹੈ।

ਮਾਹਿਰਾਂ ਅਨੁਸਾਰ ਇਸ ਤਰ੍ਹਾਂ ਦੇ ਬਿਆਨ ਬਹੁ-ਸੰਸਕ੍ਰਿਤਿਕ ਸਮਾਜ ਵਿੱਚ ਤਣਾਅ ਪੈਦਾ ਕਰ ਸਕਦੇ ਹਨ ਅਤੇ ਸਮਾਜਕ ਸਾਂਝ ਲਈ ਹਾਨੀਕਾਰਕ ਸਾਬਤ ਹੋ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ

# ਖਾਲਸਾ ਵਹੀਰ ਦੀ ਅੱਜ 25 ਫਰਵਰੀ ਨੂੰ ਹੋਵੇਗੀ ਆਰੰਭਤਾ : ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ, 24 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਅੱਜ 25 ਫਰਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆ ਦੀ ਅਗਵਾਈ ਚ ਕੱਲ੍ਹ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਵਲੋਂ ਵਿਸਾਲ ਖਾਲਸਾ ਵਹੀਰ ਦਾ ਆਗਾਜ ਕੀਤਾ ਜਾ ਰਿਹਾ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਅਤੇ ਅਮਨਦੀਪ ਸਿੰਘ ਡੱਡੂਆਣਾ ਨੇ ਅੱਗੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਤੂਫ਼ਾਨੀ ਦੌਰੇ ਕੀਤੇ ਗਏ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਵਰਕਰਾਂ ਤੇ ਜੁਝਾਰੂ ਆਗੂਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ।ਅਤੇ ਉਨ੍ਹਾਂ ਆਗੂਆਂ ਤੇ ਵਰਕਰਾਂ ਨਾਲ ਵਹੀਰ ਸਬੰਧੀ ਵਿਚਾਰ ਵਿਟਾਂਦਰਾ ਕਰਨ ਤੋਂ ਬਾਅਦ ਰੂਪ-ਰੇਖਾ ਤਿਆਰ ਕੀਤੀ ਗਈ ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਖ਼ਾਲਸਾ ਵਹੀਰ 25 ਫਰਵਰੀ ਨੂੰ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਵੇਗੀ ਜਿਸ ਵਿੱਚ ਵਾਇਆ ਗੋਲਡਨ ਗੇਟ ਅੰਮ੍ਰਿਤਸਰ ਤੋਂ ਮਾਨਾਂਵਾਲ ਤੋਂ ਬੰਡਾਲਾ ਵਿਖੇ ਲੰਗਰ ਪੜਾਅ ਤੋਂ ਹੁੰਦੀ ਹੋਈ ਤਰਨ ਤਾਰਨ ਬਾਈਪਾਸ, ਹਰੀਕੇ ਤੋਂ ਰਾਤ ਮੁੱਦਕੀ ਵਿਖੇ ਰੁਕੇਗੀ ਤੇ ਫਿਰ ਅਗਲੇ ਦਿਨ 26 ਫਰਵਰੀ ਨੂੰ ਸਵੇਰੇ ਅੰਮ੍ਰਿਤ ਵੇਲੇ ਆਰੰਭ ਹੋਵੇਗੀ ਅਤੇ 26 ਦੀ ਰਾਤ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪਹੁੰਚੇਗੀ। ਅਤੇ ਸ੍ਰੀ ਦਮਦਮਾ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਹੋਵੇਗਾ । ਅੱਗੇ ਉਨਾਂ ਕਿਹਾ ਕਿ ਅੰਮ੍ਰਿਤਸਰ ਤੋਂ ਵਹੀਰ ਦੇ ਚੱਲਣ ਮੌਕੇ 2 ਹਜ਼ਾਰ ਸੰਗਤਾਂ ਦੇ ਲਏ ਪੈਕਿੰਗ ਹੋਏ ਲੰਗਰਾਂ ਦੀ ਸੇਵਾ ਗੁਰਦੁਆਰਾ ਸਾਹਿਬ ਵਲੋਂ ਕੀਤੀ ਜਾਵੇਗੀ। ਇਸ ਮੌਕੇ ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਚਮਕੌਰ ਸਿੰਘ ਧੁੰਨ, ਭਾਈ ਰਜਿੰਦਰ ਸਿੰਘ ਤਲਵੰਡੀ, ਸੁੱਖਵਿੰਦਰ ਸਿੰਘ ਖ਼ਾਲਸਾ ਨਿਜ਼ਾਮਪੁਰ, ਭਾਈ ਸੁਰਿੰਦਰਪਾਲ ਸਿੰਘ ਤਾਲਬਪੁਰ, ਸਮਾਜਸੇਵੀ ਗੁਰਜੀਤ ਸਿੰਘ ਪ੍ਰਧਾਨ (ਗੱਗੂ ਤਾਜਪੁਰ), ਭਾਈ ਮਨਜਿੰਦਰ ਸਿੰਘ ਖ਼ਾਲਸਾ, ਰਣਜੀਤ ਸਿੰਘ ਰਾਣਾ ਤੇ ਭਾਈ ਦਿਲਬਾਗ ਸਿੰਘ ਬੰਡਾਲਾ ਆਦਿ ਹਾਜ਼ਰ ਸਨ।

**ਵੱਧ ਤੋਂ ਵੱਧ ਸੰਗਤਾਂ ਖਾਲਸਾ ਵਹੀਰ ’ਚ ਸ਼ਾਮਲ ਹੋਵੋ-ਬਾਬਾ ਬਿਬੇਕ ਸਿੰਘ ਹਲਕਾ ਜੰਡਿਆਲਾ ਗੁਰੂ**

ਰੰਧਾਵਾ ਕਾਤਰੋਂ ਨੇ ਮੀਟਿੰਗ ਕਰਕੇ 2027 ’ਚ ਸਰਕਾਰ ਬਣਾਉਣ ਦਾ ਕੀਤਾ ਆਗਾਜ਼

# ਨੌਜਵਾਨ ਸਰਕਾਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਵੱਲੋਂ ਅਹਿਮ ਮੀਟਿੰਗ 2027 ਦੀਆਂ ਚੋਣਾਂ ਨੂੰ ਲੈ ਕੇ ਹਲਕਾ ਧੂਰੀ ਦੀ ਮੀਟਿੰਗ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਦੀ ਅਗਵਾਈ ਹੇਠ ਹੋਈ ਹੈ। ਮੀਟਿੰਗ ਨੂੰ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਦੇ ਵਰਕਰ ਹੀ ਪਾਰਟੀ ਦੀ ਜਿੰਦ ਜਾਨ ਹੁੰਦੇ ਹਨ, ਪਿਛਲੇ 10 ਸਾਲ ਪੰਜਾਬ ਨੇ ਸੰਤਾਪ ਹੰਢਾਇਆ ਹੈ, ਕਿਉਂਕਿ ਕਿ ਸੂਬੇ ਦਾ ਵਿਕਾਸ 10 ਸਾਲ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਹੀ ਹੋਇਆ ਸੀ, ਜੋ ਹੁਣ ਠੱਪ ਹੋ ਕੇ ਰਹਿ ਗਿਆ ਹੈ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਰਕਾਰ ਬਣੇਗੀ, ਜਿਸ ਦੇ ਮੁੱਖ ਮੰਤਰੀ ਸ ਸੁਖਬੀਰ ਸਿੰਘ ਬਾਦਲ ਹੋਣਗੇ । ਇਸ ਮੌਕੇ ਭੁਪਿੰਦਰ ਸਿੰਘ ਭਲਵਾਨ ਮੈਂਬਰ ਐਸਜੀਪੀਸੀ, ਰਵੀ ਈਸੜਾ, ਗੁਰਬਚਨ ਸਿੰਘ ਘਨੌਰ, ਰੇਸ਼ਮ ਸਿੰਘ ਬਾਲੀਆਂ ਮੈਂਬਰ ਬਲਾਕ ਸੰਮਤੀ, ਗੁਰਪ੍ਰੀਤ ਸਿੰਘ ਸੋਹੀ,ਕਰਮਜੀਤ ਸਿੰਘ ਸੋਹੀ, ਡਾਕਟਰ ਜਗਜੀਤ ਸਿੰਘ ਘਨੌਰੀ, ਭੁਪਿੰਦਰ ਮਿੱਠਾ,ਨਿਰਭੈ ਸਿੰਘ ਹੇੜੀਕੇ, ਦਰਸ਼ਨ ਸਿੰਘ ਬਿਰਦੀ,ਠੇਕੇਦਾਰ ਜਸਦੇਵ ਸਿੰਘ ਜੱਸਾ,ਸਤਿੰਦਰ ਸਿੰਘ ਸੱਤਾ,ਗੁਰਦਿਆਲ ਸਿੰਘ ਕਾਂਝਲਾ, ਸੈਕਟਰੀ ਹਰਿੰਦਰ ਸਿੰਘ ਰਾਜੋਮਾਜਰਾ, ਕਰਮਜੀਤ ਸਿੰਘ ਪੰਚ ਪੁੰਨਾਵਾਲ, ਹਰਨੇਕ ਸਿੰਘ, ਰਾਜਪਾਲ ਸਿੰਘ ਜੱਖਲਾਂ,ਪੱਪੂ ਧੂਰੀ ਹਾਜ਼ਰ ਸਨ ਅਤੇ ਸਟੇਜ ਦੀ ਕਾਰਵਾਈ ਡਾਕਟਰ ਕਰਨਵੀਰ ਸਿੰਘ ਸੇਰਪੁਰ ਨੇ ਨਿਭਾਈ।

# ਹਰਦੀਪ ਸਿੰਘ ਗਿੱਲ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਦੇ ਮੈਂਬਰ ਨਿਯੁਕਤ

## ਪਹਿਲੀ ਵਾਰ ਕਿਸੇ ਦਲਿਤ ਸਿੱਖ ਨੂੰ ਕੇਂਦਰ ਸਰਕਾਰ ਦੇ ਮਹੱਤਵਪੂਰਨ ਕਮਿਸ਼ਨ ਵਿੱਚ ਨੁਮਾਇੰਦਗੀ



**ਅੰਮ੍ਰਿਤਸਰ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਨੇ ਸਮਾਜਿਕ ਨਿਆਂ ਅਤੇ ਸਮਾਵੇਸ਼ੀ ਸ਼ਾਸਨ ਦੇ ਆਪਣੇ ਸੰਕਲਪ ਨੂੰ ਅੱਗੇ ਵਧਾਉਂਦਿਆਂ ਪੰਜਾਬ ਦੇ ਦਲਿਤ ਸਿੱਖ ਭਾਈਚਾਰੇ ਨੂੰ ਰਾਸ਼ਟਰੀ ਪੱਧਰ ’ਤੇ ਮਹੱਤਵਪੂਰਨ ਨੁਮਾਇੰਦਗੀ ਪ੍ਰਦਾਨ ਕੀਤੀ ਹੈ। ਦੇਸ਼ ਦੇ ਰਾਸ਼ਟਰਪਤੀ ਵੱਲੋਂ ਪੰਜਾਬ ਭਾਜਪਾ ਦੇ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਹਰਦੀਪ ਸਿੰਘ ਗਿੱਲ ਨੂੰ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਦਾ ਮੈਂਬਰ ਨਾਮਜ਼ਦ ਕੀਤਾ ਗਿਆ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕਾਫੀ ਸਮੇਂ ਤੋਂ ਕਮਿਸ਼ਨ ਵਿੱਚ ਇਹ ਅਹੁਦਾ ਖਾਲੀ ਪਿਆ ਸੀ, ਜਿਸਨੂੰ ਕੇਂਦਰੀ ਸਮਾਜਿਕ ਨਿਆਂ ਅਤੇ ਸ਼ਸ਼ਕਤੀਕਰਨ ਮੰਤਰਾਲੇ ਵੱਲੋਂ ਜਾਰੀ ਅਧਿਸੂਚਨਾ ਰਾਹੀਂ ਭਰਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਨਿਯੁਕਤੀ ਨਾ ਸਿਰਫ਼ ਪੰਜਾਬ ਲਈ, ਬਲਕਿ ਦੇਸ਼ ਭਰ ਦੇ ਦਲਿਤ ਸਿੱਖ ਸਮਾਜ ਲਈ ਮਾਣ ਅਤੇ ਗੌਰਵ ਦਾ ਵਿਸ਼ਾ ਹੈ।

ਪ੍ਰੋ. ਖਿਆਲਾ ਨੇ ਦੱਸਿਆ ਕਿ ਕੇਂਦਰ ਸਰਕਾਰ ਵਿੱਚ ਪਹਿਲੀ ਵਾਰ ਕਿਸੇ ਦਲਿਤ ਸਿੱਖ ਨੂੰ ਇਸ ਤਰ੍ਹਾਂ ਦੇ ਮਹੱਤਵਪੂਰਨ ਕਮਿਸ਼ਨ ਵਿੱਚ ਜ਼ਿੰਮੇਵਾਰੀ ਦਿੱਤੀ ਗਈ ਹੈ। ਇਸ ਤੋਂ ਪਹਿਲਾਂ ਦੇਸ਼ ਦੇ ਸਾਬਕਾ ਗ੍ਰਹਿ ਮੰਤਰੀ ਸਵਰਗਵਾਸੀ ਸਰਦਾਰ ਬੂਟਾ ਸਿੰਘ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਰਹੇ ਸਨ, ਪਰ ਉਸ ਤੋਂ ਬਾਅਦ ਕਿਸੇ ਵੀ ਕੇਂਦਰੀ ਕਮਿਸ਼ਨ ਵਿੱਚ ਦਲਿਤ ਸਿੱਖ ਭਾਈਚਾਰੇ ਨੂੰ ਇਹ ਦਰਜਾ ਨਹੀਂ ਮਿਲਿਆ।

ਸ੍ਰੀ ਹਰਦੀਪ ਸਿੰਘ ਗਿੱਲ ਲੰਬੇ ਸਮੇਂ ਤੋਂ ਭਾਰਤੀ ਜਨਤਾ ਪਾਰਟੀ ਨਾਲ ਜੁੜੇ ਹੋਏ ਹਨ ਅਤੇ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਸਰਗਰਮ ਭੂਮਿਕਾ ਨਿਭਾ ਰਹੇ ਸਨ। ਉਹ ਭਾਜਪਾ ਦੇ ਅਨੁਸੂਚਿਤ ਜਾਤੀ ਮੋਰਚੇ ਦੇ ਜਨਰਲ ਸਕੱਤਰ ਵੀ ਰਹੇ ਹਨ ਅਤੇ ਸੰਗਠਨਾਤਮਕ ਪੱਧਰ ’ਤੇ ਉਨ੍ਹਾਂ ਦੀ ਮਜ਼ਬੂਤ ਪਕੜ ਰਹੀ ਹੈ। ਰਾਸ਼ਟਰੀ ਸਵੈਮ ਸੇਵਕ ਸੰਘ ਦੇ ਰਾਸ਼ਟਰੀ ਅਹੁਦੇਦਾਰਾਂ ਨਾਲ ਵੀ ਉਨ੍ਹਾਂ ਦੀ ਨੇੜਤਾ ਅਤੇ ਸੰਗਠਨਾਤਮਕ ਅਨੁਭਵ ਉਨ੍ਹਾਂ ਦੀ ਕਾਰਗੁਜ਼ਾਰੀ ਦਾ ਪ੍ਰਮਾਣ ਹੈ।

ਆਪਣੀ ਨਵੀਂ ਜ਼ਿੰਮੇਵਾਰੀ ਲਈ ਸ੍ਰੀ ਹਰਦੀਪ ਸਿੰਘ ਗਿੱਲ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ, ਭਾਜਪਾ ਦੇ ਕੌਮੀ ਪ੍ਰਧਾਨ, ਪੰਜਾਬ ਭਾਜਪਾ ਦੇ ਪ੍ਰਧਾਨ ਸ਼੍ਰੀ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਸ਼੍ਰੀ ਅਸ਼ਵਨੀ ਸ਼ਰਮਾ ਅਤੇ ਸੰਗਠਨ ਮੰਤਰੀ ਸ਼੍ਰੀ ਮੰਥਰੀ ਸ੍ਰੀਨਿਵਾਸਲੂ ਦਾ ਉਨ੍ਹਾਂ ’ਤੇ ਵਿਸ਼ਵਾਸ ਜਤਾਉਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ, ਪਾਰਦਰਸ਼ਤਾ ਅਤੇ ਸਮਰਪਣ ਨਾਲ ਨਿਭਾਉਣਗੇ ਅਤੇ ਸਫਾਈ ਕਰਮਚਾਰੀਆਂ ਦੇ ਹੱਕਾਂ ਅਤੇ ਭਲਾਈ ਲਈ ਅਵਾਜ਼ ਉਠਾਉਂਦੇ ਰਹਿਣਗੇ।

ਇਸ ਮੌਕੇ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਮੀਆਂਵਿੰਡ, ਸਾਬਕਾ ਵਿਧਾਇਕ ਇੰਦਰ ਇਕਬਾਲ ਸਿੰਘ ਅਟਵਾਲ, ਪ੍ਰੋ. ਸਰਚਾਂਦ ਸਿੰਘ ਖਿਆਲਾ, ਭਾਜਪਾ ਐਸ.ਸੀ. ਮੋਰਚਾ ਦੇ ਜਨਰਲ ਸਕੱਤਰ ਜਸਬੀਰ ਸਿੰਘ ਮਹਿਰਾਜ, ਮੀਤ ਪ੍ਰਧਾਨ ਕੁਲਦੀਪ ਸਿੰਘ ਸਿੱਧੂਪੁਰ, ਭਾਜਪਾ ਓਬੀਸੀ ਮੋਰਚਾ ਦੇ ਜਨਰਲ ਸਕੱਤਰ ਕੰਵਰਬੀਰ ਸਿੰਘ ਮੰਜਿਲ, ਗੁਰਪ੍ਰਤਾਪ ਸਿੰਘ ਟਿੱਕਾ, ਸਾਬਕਾ ਸੀਨੀਅਰ ਡਿਪਟੀ ਮੇਅਰ ਅਜੇਬੀਰਪਾਲ ਸਿੰਘ ਰੰਧਾਵਾ, ਤਰਨ ਤਾਰਨ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਅਤੇ ਅੰਮ੍ਰਿਤਸਰ ਸ਼ਹਿਰੀ ਭਾਜਪਾ ਦੇ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਨੇ ਸ੍ਰੀ ਹਰਦੀਪ ਸਿੰਘ ਗਿੱਲ ਨੂੰ ਨਵੀਂ ਜ਼ਿੰਮੇਵਾਰੀ ਲਈ ਹਾਰਦਿਕ ਵਧਾਈਆਂ ਦਿੱਤੀਆਂ।

ਇਹ ਨਿਯੁਕਤੀ ਪੰਜਾਬ ਵਿੱਚ ਦਲਿਤ ਸਿੱਖ ਸਮਾਜ ਦੀ ਰਾਜਨੀਤਿਕ ਅਤੇ ਪ੍ਰਸ਼ਾਸਕੀ ਭਾਗੀਦਾਰੀ ਨੂੰ ਨਵੀਂ ਦਿਸ਼ਾ ਦੇਵੇਗੀ ਅਤੇ ਕੇਂਦਰ ਸਰਕਾਰ ਦੇ “ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ” ਦੇ ਸਿਧਾਂਤ ਨੂੰ ਹੋਰ ਮਜ਼ਬੂਤ ਕਰੇਗੀ।

# ਰਾਹੁਲ ਗਾਂਧੀ ਦੀ ਬਰਨਾਲਾ ਰੈਲੀ ਸਬੰਧੀ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ



**ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਨੈਸ਼ਨਲ ਕਾਂਗਰਸ ਆਗੂ ਰਾਹੁਲ ਗਾਂਧੀ ਦੀ ਬਰਨਾਲਾ ਰੈਲੀ ਨੂੰ ਲੈ ਕੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਟਿਕਟ ਦੇ ਦਾਅਵੇਦਾਰ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਕਾਂਗਰਸੀ ਆਗੂ ਅਰਵਿੰਦਰ ਆਵਲਾ ਸਾਬਕਾ ਵਿਧਾਇਕ ਅਤੇ ਹੋਰ ਕਾਂਗਰਸੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਤੇ ਰੈਲੀ ਨੂੰ ਸਫ਼ਲ ਬਣਾਉਣ ਲਈ ਉਚੇਚੇ ਪ੍ਰਬੰਧਾਂ ਸਬੰਧੀ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਮੀਡੀਆ ਨਾਲ ਗੱਲਬਾਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਮਨਰੇਗਾ ਬਚਾਓ ਦੇ ਨਾਅਰੇ ਹੇਠ ਨੈਸ਼ਨਲ ਆਗੂ ਰਾਹੁਲ ਗਾਂਧੀ ਵੱਲੋਂ ਬਰਨਾਲਾ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਨੂੰ ਲੈ ਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ ਤੇ ਇਸ ਰੈਲੀ ਦੀਆਂ ਤਿਆਰੀਆਂ ਲਈ ਵਰਕਰਾਂ ਵੱਲੋਂ ਦਿਨ ਰਾਤ ਇੱਕ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹੁੰਮ ਹੁਮਾ ਕੇ ਪਹੁੰਚ ਰਹੇ ਹਨ। ਰੈਲੀ ਤੇ ਹੋਣ ਵਾਲਾ ਇਕੱਠ ਵਿਰੋਧੀਆਂ ਦੀ ਨੀਂਦ ਉਡਾ ਦੇਵੇਗਾ ਤੇ ਕੇਂਦਰ ਸਰਕਾਰ ਜੋ ਮਨਰੇਗਾ ਸਕੀਮ ਬੰਦ ਦਾ ਧੱਕਾ ਕਰਨ ਜਾ ਰਹੀ ਹੈ ਇਹ ਕਾਂਗਰਸ ਪਾਰਟੀ ਕਦੇ ਵੀ ਹੋਣ ਨਹੀਂ ਦੇਵੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਦੇਸ਼ ਵਾਸੀਆਂ ਦੀ ਭਲਾਈ ਲਈ ਲੜਦੀ ਆ ਰਹੀ ਹੈ ਤੇ ਹਮੇਸ਼ਾ ਲੜਦੀ ਰਹੇਗੀ। ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ ਵਿੱਚ ਹਲਕੇ ਦੇ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਸਦ ਮੈਂਬਰ ਵਿਕਰਮ ਸਾਹਨੀ

# ਭਾਰਤ-ਸਵਿਟਜ਼ਰਲੈਂਡ ਸੰਸਦੀ ਸਮੂਹ ਦੇ ਮੈਂਬਰ ਨਿਯੁਕਤ




**ਨਵੀਂ ਦਿੱਲੀ, 24 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬ ਤੋਂ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੂੰ ਭਾਰਤ-ਸਵਿਟਜ਼ਰਲੈਂਡ ਸੰਸਦੀ ਦੋਸਤੀ ਸਮੂਹ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ, ਜਿਸਦਾ ਉਦੇਸ਼ ਦੋਵਾਂ ਦੇਸ਼ਾਂ ਵਿਚਕਾਰ ਦੁਵੱਲੇ ਸਹਿਯੋਗ ਅਤੇ ਰਣਨੀਤਕ ਭਾਈਵਾਲੀ ਨੂੰ ਮਜ਼ਬੂਤ ਕਰਨਾ ਹੈ।ਡਾ.ਸਾਹਨੀ ਦੀ ਨਿਯੁਕਤੀ ਇੱਕ ਮਹੱਤਵਪੂਰਨ ਸਮੇਂ 'ਤੇ ਹੋਈ ਹੈ ਜਦੋਂ ਭਾਰਤ ਅਤੇ ਯੂਰਪੀਅਨ ਮੁਕਤ ਵਪਾਰ ਸੰਘ ਵਿਚਕਾਰ ਵਪਾਰ ਅਤੇ ਆਰਥਿਕ ਭਾਈਵਾਲੀ ਸਮਝੌਤਾ ਹੋਇਆ ਹੈ, ਜਿਸ ਵਿੱਚ ਸਵਿਟਜ਼ਰਲੈਂਡ ਸਭ ਤੋਂ ਵੱਡੀ ਅਰਥਵਿਵਸਥਾ ਹੈ।ਆਪਣੇ ਰੁਝੇਵਿਆਂ ਦੌਰਾਨ, ਡਾ. ਸਾਹਨੀ ਵਿਸ਼ਵ ਸਿਹਤ, ਵਪਾਰ, ਕਿਰਤ ਅਤੇ ਟਿਕਾਊ ਵਿਕਾਸ ਦੇ ਖੇਤਰਾਂ ਵਿੱਚ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਜਿਨੇਵਾ ਸਥਿਤ ਸੰਯੁਕਤ ਰਾਸ਼ਟਰ ਅਤੇ ਵੱਖ-ਵੱਖ ਬਹੁ-ਪੱਖੀ ਸੰਗਠਨਾਂ - ਜਿਵੇਂ ਕਿ ਡਬਲਊਐਚਓ, ਡਬਲਊਟੀਓ, ਅਤੇ ਆਈਐਲਓ - ਦੇ ਸੀਨੀਅਰ ਪ੍ਰਤੀਨਿਧੀਆਂ ਨਾਲ ਵੀ ਮੁਲਾਕਾਤ ਕਰਨਗੇ ਅਤੇ ਗੱਲਬਾਤ ਕਰਨਗੇ।ਡਾ. ਸਾਹਨੀ ਨੇ ਕਿਹਾ ਕਿ ਸਵਿਟਜ਼ਰਲੈਂਡ ਭਾਰਤ ਲਈ ਇੱਕ ਮੁੱਖ ਰਣਨੀਤਕ ਭਾਈਵਾਲ ਹੈ ਅਤੇ ਉੱਨਤ ਨਿਰਮਾਣ, ਸ਼ੁੱਧਤਾ ਇੰਜੀਨੀਅਰਿੰਗ, ਨਵੀਨਤਾ, ਵਿੱਤੀ ਸੇਵਾਵਾਂ ਅਤੇ ਟਿਕਾਊ ਤਕਨਾਲੋਜੀ ਲਈ ਇੱਕ ਗਲੋਬਲ ਹੱਬ ਹੈ।ਇਹ ਭਾਰਤ ਵਿੱਚ ਮੋਹਰੀ ਯੂਰਪੀ ਨਿਵੇਸ਼ਕਾਂ ਵਿੱਚੋਂ ਇੱਕ ਹੈ ਅਤੇ ਉੱਚ-ਤਕਨਾਲੋਜੀ ਸਹਿਯੋਗ, ਖੋਜ ਅਤੇ ਕਿੱਤਾਮੁਖੀ ਸਿਖਲਾਈ ਭਾਈਵਾਲੀ ਲਈ ਇੱਕ ਪ੍ਰਵੇਸ਼ ਦੁਆਰ ਹੈ। ਭਾਰਤ-ਸਵਿਟਜ਼ਰਲੈਂਡ ਦੁਵੱਲਾ ਵਪਾਰ ਪਿਛਲੇ ਸਾਲ 23.35 ਬਿਲੀਅਨ ਅਮਰੀਕੀ ਡਾਲਰ ਸੀ, ਜਿਸ ਵਿੱਚ ਫਾਰਮਾਸਿਊਟੀਕਲ, ਮਸ਼ੀਨਰੀ, ਰਸਾਇਣ, ਫਿਨਟੈਕ, ਸਾਫ਼ ਊਰਜਾ ਅਤੇ ਉੱਚ-ਮੁੱਲ ਵਾਲੇ ਨਿਰਮਾਣ ਵਿੱਚ ਮਹੱਤਵਪੂਰਨ ਸੰਭਾਵਨਾਵਾਂ ਸਨ, ਜਦੋਂ ਕਿ ਸੈਰ-ਸਪਾਟਾ ਅਤੇ ਲੋਕਾਂ-ਤੋਂ-ਲੋਕਾਂ ਦੇ ਸਬੰਧ ਵੀ ਵਧ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਡਾ. ਸਾਹਨੀ ਨੇ ਕਿਹਾ ਕਿ ਉਹ ਤਕਨਾਲੋਜੀ, ਉਦਯੋਗਿਕ ਸਹਿਯੋਗ ਅਤੇ ਨਿਵੇਸ਼ ਦੇ ਖੇਤਰਾਂ ਵਿੱਚ ਭਾਰਤ-ਸਵਿਟਜ਼ਰਲੈਂਡ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕਰਨਗੇ ਅਤੇ ਪੰਜਾਬ ਵਿੱਚ ਸ਼ੁੱਧਤਾ ਇੰਜੀਨੀਅਰਿੰਗ, ਐਗਰੋ-ਪ੍ਰੋਸੈਸਿੰਗ, ਸਾਫ਼ ਊਰਜਾ, ਕੋਲਡ ਚੇਨ ਅਤੇ ਐਮਐਸਐਮਈ ਵਰਗੇ ਖੇਤਰਾਂ ਵਿੱਚ ਸਵਿਸ ਭਾਈਵਾਲੀ ਅਤੇ ਸਾਂਝੇ ਉੱਦਮਾਂ ਨੂੰ ਉਤਸ਼ਾਹਿਤ ਕਰਨਗੇ।

## ਅਮਨ ਧਾਲੀਵਾਲ ਨੇ ਥਰੀਏਵਾਲ ਵਿਖੇ ਕੀਤੀ ਆਪ ਆਗੂਆਂ ਨਾਲ ਮੀਟਿੰਗ

# 10 ਲੱਖ ਮੁੱਖ ਮੰਤਰੀ ਸਿਹਤ ਯੋਜਨਾ ਦਾ ਕੀਤਾ ਉਦਘਾਟਨ

**ਚੌਕ ਮਹਿਤਾ, 24 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਵੱਲੋਂ ਗਰੀਬ ਪਰਿਵਾਰਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਸੂਬੇ ਵਿੱਚ ਸਿਹਤ ਸਹੂਲਤਾਂ ਨੂੰ ਲੈ ਕੇ 10 ਲੱਖ ਮੁੱਖ ਮੰਤਰੀ ਯੋਜਨਾ ਕਾਰਡ ਦੀ ਆਰੰਭਤਾ ਪਿੰਡ ਥਰੀਏਵਾਲ ਵਿਖੇ ਉਦਘਾਟਨ ਉਪਰੰਤ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਅੱਜ ਆਪ ਆਗੂਆਂ ਦੀ ਮੀਟਿੰਗ ਵੀ ਸੀ ਤੇ ਨਾਲੇ ਪਿੰਡ ਵਿੱਚ 10 ਮੁੱਖ ਮੰਤਰੀ ਸਿਹਤ ਯੋਜਨਾ ਸਹੂਲਤਾਂ ਲਈ ਕੈਂਪ ਲਗਾਇਆ ਗਿਆ ਹੈ ਉਹਨਾਂ ਕਿਹਾ ਕਿ ਸੂਬਾ ਦਾ ਮੁੱਖ ਮੰਤਰੀ ਵੱਲੋਂ ਜਿੱਥੇ ਸਿਹਤ ਸਹੂਲਤਾਂ ਲਈ ਬਹੁਤ ਵੱਡੀ ਸਹੂਲਤ ਹਰ ਇੱਕ ਲਈ ਪ੍ਰਦਾਨ ਕੀਤੀ ਹੈ ਉੱਥੇ ਹੀ ਮੇਰੀ ਰਸੋਈ ਸਕੀਮ ਸ਼ੁਰੂ ਕਰਕੇ ਉਹਨਾਂ ਵਿਰੋਧੀਆਂ ਦੇ ਮੂੰਹ ਬੰਦ ਕਰ ਦਿੱਤੇ ਹਨ ਹਰ ਗਰੀਬ ਪਰਿਵਾਰ ਨੂੰ ਘਰ ਚਲਾਉਣ ਲਈ ਰਾਸ਼ਨ ਮੁਹਈਆ ਕਰਵਾਇਆ ਜਾਵੇਗਾ ਉਹਨਾਂ ਕਿਹਾ ਕਿ ਸੂਬੇ ਦੀ ਆਪ ਸਰਕਾਰ 2027 ਵਿੱਚ ਜਿੱਤ ਦਾ ਪਰਚਮ ਲਹਿਰਾਏਗੀ ਇਸ ਮੌਕੇ ਸਾਬਕਾ ਚੇਅਰਮੈਨ ਬਾਊ ਵਿਜੇ ਕੁਮਾਰ ਥਰੀਏਵਾਲ ਹਲਕਾ ਕੋਟੀਨੇਟਰ ਕਵਲਜੀਤ ਕੌਰ ਦਲਵਿੰਦਰ ਸਿੰਘ ਪ੍ਰੇਮ ਸਿੰਘ ਦੀਪਕ ਸ਼ਰਮਾ ਅਸ਼ਵਨੀ ਕੁਮਾਰ ਅਮਰੀਕ ਸਿੰਘ ਲਖਵਿੰਦਰ ਸਿੰਘ ਵੇਗੇਵਾਲ ਆਦ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



## ਪੁਲਿਸ ਚੌਂਕੀ ਸੀਂਗੋ ਦੇ ਮੁਲਾਜਮ ਬੇਅੰਤ ਸਿੰਘ ਨੇ

# ਡਿੱਗਿਆ ਪਰਸ ਮਾਲਕ ਹਵਾਲੇ ਕਰਕੇ ਦਿਖਾਈ ਇਮਾਨਦਾਰੀ

**ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਥਾਣਾ ਤਲਵੰਡੀ ਸਾਬੋ ਦੇ ਅਧੀਨ ਆਉਂਦੀ ਪੁਲਿਸ ਚੌਂਕੀ ਸੀਂਗੋ ਵਿਚ ਤਾਇਨਾਤ ਮੁਲਾਜਮ ਬੇਅੰਤ ਸਿੰਘ ਨੂੰ ਤਲਵੰਡੀ ਸਾਬੋ ਟਰੈਕਟਰ ਮੰਡੀ ਕੋਲ ਡਿਊਟੀ ਜਾਣ ਸਮੇਂ ਇੱਕ ਡਿੱਗਿਆ ਹੋਇਆ ਪਰਸ ਮਿਲਿਆ। ਜਿਸ ਨੂੰ ਚੁੱਕਕੇ ਉਹਨਾਂ ਇਸ ਪਰਸ ਦੇ ਅਸਲ ਮਾਲਕ ਨੂੰ ਲੱਭ ਲਿਆ।ਜਾਣਕਾਰੀ ਦਿੰਦੇ ਹੋਏ ਪੁਲਿਸ ਮੁਲਾਜ਼ਮ ਬੇਅੰਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਡਿਊਟੀ ਤੇ ਜਾ ਰਹੇ ਸੀ ਉਹਨਾਂ ਨੂੰ ਰੋੜੀ ਰੋਡ ਟਰੈਕਟਰ ਮੰਡੀ ਕੋਲ ਇਕ ਪਰਸ ਮਿਲਿਆ ਜਿਸ ਵਿੱਚ ਕੁਝ ਨਗਦੀ, ਏ.ਟੀ.ਐਮ, ਪੈਨ ਕਾਰਡ, ਡਰਾਈਵਿੰਗ ਲਾਈਸੈਂਸ ਤੇ ਹੋਰ ਦਸਤਾਵੇਜ਼ ਮੌਜੂਦ ਸਨ। ਪਰਸ ਵਿੱਚ ਮਿਲੇ ਆਧਾਰ ਕਾਰਡ ਅਤੇ ਹੋਰ ਦਸਤਾਵੇਜ਼ਾਂ ਦੇ ਅਧਾਰ 'ਤੇ ਪਤਾ ਲੱਗਿਆ ਕਿ ਗੱਬਰ ਸਿੰਘ ਵਾਸੀ ਕੌਰੇਆਣਾ ਜੋ ਕਚਹਿਰੀ ਤਲਵੰਡੀ ਸਾਬੋ ਵਿੱਚ ਕੰਮ ਕਰਦਾ ਹੈ। ਮੁਲਾਜ਼ਮ ਵੱਲੋਂ ਉਸ ਨੂੰ ਬੁਲਾ ਕੇ ਉਹਨਾਂ ਦਾ ਗੁੰਮਿਆ ਪਰਸ ਮਾਲਕ ਨੂੰ ਸੌਂਪਿਆ ਗਿਆ।ਜਿਸ ਨਾਲ ਆਮ ਲੋਕਾਂ ਵਿੱਚ ਪੁਲਿਸ ਮੁਲਾਜ਼ਮ ਬੇਅੰਤ ਸਿੰਘ ਵੱਲੋਂ ਦਿਖਾਈ ਇਮਾਨਦਾਰੀ ਵਾਰੇ ਸਾਰੇ ਪਾਸੇ ਖੂਬ ਪ੍ਰਸੰਸਾ ਹੋ ਰਹੀ ਹੈ। ਪਰਸ ਮਾਲਕ ਗੱਬਰ ਸਿੰਘ ਨੇ ਬੇਅੰਤ ਸਿੰਘ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV




# ਮਿੱਟੀ ਦੇ ਬਰਤਨਾਂ ਦੇ ਗੁਣ



ਮਿੱਟੀ ਦੇ ਬਰਤਨ ਕੁਦਰਤੀ ਚਿੱਕਣੀ ਮਿੱਟੀ ਤੋਂ ਬਣਾਏ ਜਾਂਦੇ ਹਨ ਅਤੇ ਧੁੱਪ ਵਿੱਚ ਸੁਕਾ ਕੇ ਜਾਂ ਭੱਠੀ ਵਿੱਚ ਪਕਾ ਕੇ ਸਖ਼ਤ ਕੀਤੇ ਜਾਂਦੇ ਹਨ।ਇਹ ਮਨੁੱਖੀ ਸਭਿਆਚਾਰ ਵੱਲੋਂ ਵਰਤੀ ਗਈਆਂ ਸਭ ਤੋਂ ਪੁਰਾਤਨ ਰਸੋਈ ਤਕਨੀਕਾਂ ਵਿੱਚੋਂ ਇੱਕ ਹਨ। ਧਾਤਾਂ, ਪਲਾਸਟਿਕ ਅਤੇ ਇੱਕ ਵਾਰ ਵਰਤੋਂਯੋਗ ਬਰਤਨਾਂ ਦੇ ਆਉਣ ਤੋਂ ਕਾਫ਼ੀ ਪਹਿਲਾਂ, ਮਿੱਟੀ ਦੇ ਘੜੇ, ਭਾਂਡੇ ਅਤੇ ਭੰਡਾਰਨ ਭਾਂਡੇ ਦੁਨੀਆ ਭਰ ਦੀਆਂ ਸੰਸਕ੍ਰਿਤੀਆਂ ਵਿੱਚ ਭੋਜਨ ਤਿਆਰੀ ਦਾ ਕੇਂਦਰ ਰਹੇ ਹਨ।ਹਾਲੀਆ ਦਹਾਕਿਆਂ ਵਿੱਚ ਪਰੰਪਰਾਗਤ ਜੀਵਨ ਸ਼ੈਲੀ, ਵਾਤਾਵਰਣੀ ਟਿਕਾਊਪਣ ਅਤੇ ਸਮੂਹਿਕ ਪੋਸ਼ਣ ਪ੍ਰਤੀ ਵਧ ਰਹੀ ਦਿਲਚਸਪੀ ਨੇ ਮਿੱਟੀ ਦੇ ਬਰਤਨਾਂ ਦੀ ਵਰਤੋਂ ਨੂੰ ਦੁਬਾਰਾ ਜ਼ਿੰਦਾ ਕੀਤਾ ਹੈ।

**ਬਣਤਰ ਅਤੇ ਭੌਤਿਕ ਗੁਣ**-ਮਿੱਟੀ ਦੇ ਬਰਤਨ ਮੁੱਖ ਤੌਰ 'ਤੇ ਕੁਦਰਤੀ ਖਣਿਜਾਂ — ਕਾਓਲਿਨਾਈਟ, ਇਲਾਈਟ ਅਤੇ ਮੋਂਟਮੋਰਿਲੋਨਾਈਟ — ਨਾਲ ਬਣੇ ਹੁੰਦੇ ਹਨ, ਜਿਨ੍ਹਾਂ ਵਿੱਚ ਸਿਲਿਕਾ, ਐਲੂਮੀਨਾ, ਲੋਹੇ ਦੇ ਆਕਸਾਈਡ, ਕੈਲਸ਼ੀਅਮ, ਮੈਗਨੀਸ਼ੀਅਮ ਅਤੇ ਹੋਰ ਲਘੂ ਤੱਤ ਵੀ ਸ਼ਾਮਲ ਹੁੰਦੇ ਹਨ।

ਇਨ੍ਹਾਂ ਦੀਆਂ ਮੁੱਖ ਵਿਸ਼ੇਸ਼ਤਾਵਾਂ ਹਨ:

ਰੰਧਰਦਾਰ ਬਣਤਰ (ਸੂਖਮ ਛਿਦਰ ਜੋ ਪਾਣੀ ਸੋਖਦੇ ਹਨ), ਘੱਟ ਤਾਪ ਚਾਲਕਤਾ (ਤਾਪ ਦਾ ਹੌਲੀ ਸੰਚਾਰ), ਵੱਧ ਤਾਪ ਸੰਭਾਲਣ ਦੀ ਸਮਰੱਥਾ, ਢੰਗ ਨਾਲ ਪਕਾਏ ਜਾਣ 'ਤੇ ਰਸਾਇਣਕ ਤੌਰ 'ਤੇ ਨਿਰਪੱਖ, ਕਿਸੇ ਵੀ ਗੈਰ ਕੁਦਰਤੀ ਤੱਤ ਦੀ ਗੈਰਹਾਜ਼ਰੀ।

ਇਹ ਗੁਣ ਭੋਜਨ ਬਣਾਉਣ ਦੇ ਢੰਗ, ਪੋਸ਼ਣ ਸੰਭਾਲ ਅਤੇ ਸਿਹਤ 'ਤੇ ਸੰਭਾਵੀ ਪ੍ਰਭਾਵਾਂ ਨੂੰ ਪ੍ਰਭਾਵਿਤ ਕਰਦੇ ਹਨ।

ਭੋਜਨ ਅਤੇ ਪੋਸ਼ਣ 'ਤੇ ਪ੍ਰਭਾਵ

ਮਿੱਟੀ ਦੇ ਭਾਂਡੇ ਹੌਲੀ ਹੌਲੀ ਗਰਮ ਹੁੰਦੇ ਹਨ ਅਤੇ ਤਾਪਮਾਨ ਨੂੰ ਸਮਾਨ ਤੌਰ 'ਤੇ ਫੈਲਾਉਂਦੇ ਹਨ। ਇਸ ਨਾਲ ਕਿਸੇ ਇੱਕ ਥਾਂ ਤੇ ਜ਼ਿਆਦਾ ਤਾਪ ਨਹੀਂ ਪੈਂਦਾ ਅਤੇ ਵਿਟਾਮਿਨ ਸੀ, ਫੋਲੇਟ ਅਤੇ ਵਿਟਾਮਿਨ ਬੀ ਵਰਗੇ ਤਾਪ ਸੰਵੇਦਨਸ਼ੀਲ ਪੋਸ਼ਕ ਤੱਤ ਬਚੇ ਰਹਿੰਦੇ ਹਨ।

ਨਮੀ ਦੀ ਰੱਖਿਆ ਅਤੇ ਕੁਦਰਤੀ ਭਾਪ

ਮਿੱਟੀ ਪਾਣੀ ਸੋਖਦੀ ਹੈ ਅਤੇ ਪਕਾਉਣ ਵੇਲੇ ਭਾਪ ਦੇ ਰੂਪ ਵਿੱਚ ਛੱਡਦੀ ਹੈ, ਜਿਸ ਨਾਲ ਕੁਦਰਤੀ ਪ੍ਰੈਸ਼ਰ ਵਰਗਾ ਮਾਹੌਲ ਬਣਦਾ ਹੈ। ਇਸ ਨਾਲ ਭੋਜਨ ਨਰਮ ਹੁੰਦਾ ਹੈ, ਕੁਦਰਤੀ ਸੁਆਦ ਬਚਦਾ ਹੈ, ਵੱਧ ਤੇਲ ਦੀ ਲੋੜ ਘੱਟ ਹੁੰਦੀ ਹੈ, ਹਾਨੀਕਾਰਕ ਪਦਾਰਥਾਂ ਦੀ ਬਣਤਰ ਘੱਟ ਹੁੰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਖਣਿਜ ਤੱਤਾਂ ਦੀ ਮਿਲਾਵਟ

ਲੰਮੇ ਸਮੇਂ ਤੱਕ ਪਕਾਉਣ ਨਾਲ ਕੈਲਸ਼ੀਅਮ, ਮੈਗਨੀਸ਼ੀਅਮ, ਲੋਹਾ ਅਤੇ ਸਿਲਿਕਾ ਵਰਗੇ ਕੁਝ ਖਣਿਜ ਭੋਜਨ ਵਿੱਚ ਮਿਲ ਸਕਦੇ ਹਨ। ਇਹ ਮਾਤਰਾ ਘੱਟ ਹੁੰਦੀ ਹੈ ਪਰ ਪੋਸ਼ਣ ਵਿੱਚ ਯੋਗਦਾਨ ਦੇ ਸਕਦੀ ਹੈ।

ਕੀ ਮਿੱਟੀ ਦੇ ਬਰਤਨ ਭੋਜਨ ਨੂੰ ਖਾਰਾ ਬਣਾਉਂਦੇ ਹਨ?

ਇਹ ਇੱਕ ਲੋਕਪ੍ਰਿਯ ਧਾਰਨਾ ਹੈ ਪਰ ਵਿਗਿਆਨਕ ਤੌਰ 'ਤੇ ਇਸ ਦੀ ਸੀਮਿਤ ਸੱਚਾਈ ਹੈ।

ਮਨੁੱਖੀ ਸਰੀਰ ਖੂਨ ਦਾ pH 7.35-7.45 ਦੇ ਦਾਇਰੇ ਵਿੱਚ ਰੱਖਦਾ ਹੈ, ਜੋ ਕਿ ਗੁਰਦਿਆਂ, ਫੇਫੜਿਆਂ ਅਤੇ ਰਸਾਇਣਕ ਪ੍ਰਣਾਲੀਆਂ ਦੁਆਰਾ ਨਿਯੰਤਰਿਤ ਹੁੰਦਾ ਹੈ।ਆਮ ਹਾਲਤਾਂ ਵਿੱਚ ਭੋਜਨ ਖੂਨ ਦਾ pH ਸਿੱਧਾ ਨਹੀਂ ਬਦਲਦਾ।

ਮਿੱਟੀ ਦੇ ਬਰਤਨਾਂ ਕਾਰਨ pH ਵਿੱਚ ਥੋੜ੍ਹਾ ਬਦਲਾਅ ਹੋ ਸਕਦਾ ਹੈ ਕਿਉਂਕਿ ਕੁਝ ਖਾਰਾ ਖਣਿਜ ਮੌਜੂਦ ਹੁੰਦੇ ਹਨ, ਰੰਧਰਦਾਰ ਭਿੱਤਾਂ ਤੇਜ਼ਾਬੀ ਤੱਤ ਸੋਖ ਸਕਦੀਆਂ ਹਨ, ਪਕਾਉਣ ਵਿੱਚ ਘੱਟ ਤੇਜ਼ਾਬੀ ਪਦਾਰਥ ਵਰਤੇ ਜਾਂਦੇ ਹਨ

ਪਰ ਇਹ ਬਦਲਾਅ ਬਹੁਤ ਘੱਟ ਹੁੰਦਾ ਹੈ ਅਤੇ ਭੋਜਨ ਨੂੰ ਪੂਰੀ ਤਰ੍ਹਾਂ ਖਾਰਾ ਨਹੀਂ ਬਣਾਉਂਦਾ।

ਸਿਹਤ ਲਾਭ

ਘੱਟ ਰਸਾਇਣਕ ਸੰਪਰਕ

ਕੁਦਰਤੀ ਮਿੱਟੀ ਦੇ ਬਰਤਨਾਂ ਵਿੱਚ ਕੋਈ ਕ੍ਰਿਤ੍ਰਿਮ ਪਾਲੀਮਰ ਨਹੀਂ, ਮਾਈਕ੍ਰੋਪਲਾਸਟਿਕ ਨਹੀਂ ਨਿਕਲਦੇ, ਨਾਨ-ਸਟਿਕ ਕੋਟਿੰਗਾਂ ਨਾ ਹੋਣ ਕਾਰਨ ਜ਼ਿਹਰੀਲੇ ਰਸਾਇਣ ਨਹੀਂ ਹੁੰਦੇ,

ਧਾਤੂ ਜ਼ਿਹਰ ਦਾ ਘੱਟ ਖਤਰਾ

ਖਰਾਬ ਗੁਣਵੱਤਾ ਵਾਲੇ ਧਾਤੂ ਬਰਤਨਾਂ ਤੋਂ ਐਲੂਮੀਨੀਅਮ ਜਾਂ ਹੋਰ ਜ਼ਿਹਰੀਲੇ ਤੱਤਾਂ ਨੂੰ ਪੈਦਾ ਕਰ ਸਕਦੇ ਹਨ। ਢੰਗ ਨਾਲ ਬਣੇ ਮਿੱਟੀ ਦੇ ਬਰਤਨ ਆਮ ਤੌਰ 'ਤੇ ਨਿਰਪੱਖ ਹੁੰਦੇ ਹਨ।

ਪਾਚਣ ਕਿਰਿਆ ਲਈ ਫਾਇਦੇਮੰਦ

ਹੌਲੀ ਪਕਾਉਣ ਨਾਲ ਰੇਸ਼ੇ ਨਰਮ ਹੁੰਦੇ ਹਨ, ਜਟਿਲ ਪ੍ਰੋਟੀਨ ਟੁੱਟਦੇ ਹਨ, ਪੋਸ਼ਕ ਤੱਤਾਂ ਦੀ ਉਪਲਬਧਤਾ ਵਧਦੀ ਹੈ, ਘੱਟ ਤੇਲ ਦੀ ਲੋੜ, ਨਮੀ ਬਣੀ ਰਹਿਣ ਕਾਰਨ ਵਧੇਰੇ ਚਰਬੀ ਦੀ ਲੋੜ ਨਹੀਂ ਪੈਂਦੀ, ਜੋ ਦਿਲ ਦੀ ਸਿਹਤ ਲਈ ਲਾਭਦਾਇਕ ਹੋ ਸਕਦਾ ਹੈ।

ਸੰਭਾਵਿਤ ਖਤਰੇ ਅਤੇ ਸੀਮਾਵਾਂ

ਪ੍ਰਦੂਸ਼ਣ ਦਾ ਖਤਰਾ

ਜੇ ਮਿੱਟੀ ਪ੍ਰਦੂਸ਼ਿਤ ਥਾਵਾਂ ਤੋਂ ਆਵੇ ਜਾਂ ਖਤਰਨਾਕ ਗਲੇਜ਼ ਨਾਲ ਲਿਪੀ ਹੋਵੇ ਤਾਂ ਇਸ ਵਿੱਚ ਸੀਸਾ, ਕੈਡਮਿਯਮ ਜਾਂ ਆਰਸੇਨਿਕ ਹੋ ਸਕਦੇ ਹਨ।

ਨਾਜ਼ੁਕਤਾ

ਤਾਪਮਾਨ ਦੇ ਅਚਾਨਕ ਬਦਲਾਅ ਜਾਂ ਝਟਕੇ ਨਾਲ ਟੁੱਟ ਸਕਦੇ ਹਨ।

ਸੰਭਾਲ ਦੀ ਲੋੜ

ਪਹਿਲਾਂ ਸੀਜ਼ਨਿੰਗ, ਹੌਲੀ ਧੋਣ, ਅਤੇ ਪੂਰੀ ਤਰ੍ਹਾਂ ਸੁਕਾਉਣਾ ਜ਼ਰੂਰੀ ਹੈ।

ਲੰਮਾ ਪਕਾਉਣ ਸਮਾਂ

ਹੌਲੀ ਗਰਮੀ ਕਾਰਨ ਸਮਾਂ ਵੱਧ ਲੱਗਦਾ ਹੈ।

ਆਧੁਨਿਕ ਚੁੱਲ੍ਹਿਆਂ ਨਾਲ ਅਣਅਨੁਕੂਲਤਾ

ਅਧਿਕਤਰ ਮਿੱਟੀ ਦੇ ਬਰਤਨ ਇੰਡਕਸ਼ਨ ਚੁੱਲ੍ਹਿਆਂ 'ਤੇ ਵਰਤੇ ਨਹੀਂ ਜਾ ਸਕਦੇ।

**ਵਾਤਾਵਰਣੀ ਲਾਭ** : ਪੂਰੀ ਤਰ੍ਹਾਂ ਜੈਵਿਕ ਤੌਰ 'ਤੇ ਖਤਮ ਹੋਣਯੋਗ,ਘੱਟ ਕਾਰਬਨ ਫੁੱਟਪ੍ਰਿੰਟ, ਗਰਮ ਕਰਨ 'ਤੇ ਕੋਈ ਜ਼ਿਹਰੀਲਾ ਧੂੰਆਂ ਨਹੀਂ ਪੈਂਦਾ ਹੁੰਦਾ ਹੈ।

ਆਰਥਿਕ ਪ੍ਰਭਾਵ : ਪਿੰਡਾਂ ਵਿੱਚ ਰੋਜ਼ਗਾਰ

ਮਿੱਟੀ ਦੇ ਬਰਤਨਾਂ ਦੀ ਮੰਗ ਵਧਣ ਨਾਲ ਕੁੰਭਕਾਰਾਂ ਨੂੰ ਰੋਜ਼ਗਾਰ ਮਿਲਦਾ ਹੈ ਅਤੇ ਸੰਸਕ੍ਰਿਤਿਕ ਵਿਰਾਸਤ ਬਚਦੀ ਹੈ।

**ਘੱਟ ਲਾਗਤ** : ਕੱਚਾ ਮਾਲ — ਮਿੱਟੀ ਅਤੇ ਪਾਣੀ — ਸਸਤਾ ਅਤੇ ਸਥਾਨਕ ਤੌਰ 'ਤੇ ਉਪਲਬਧ ਹੁੰਦਾ ਹੈ।

ਆਯਾਤ 'ਤੇ ਨਿਰਭਰਤਾ ਘੱਟ

ਦੇਸੀ ਉਤਪਾਦਨ ਨੂੰ ਪ੍ਰੋਤਸਾਹਨ ਮਿਲਦਾ ਹੈ।

**ਚਣੌਤੀਆਂ** : ਸੀਮਿਤ ਮਸ਼ੀਨੀਕਰਨ, ਮੌਸਮੀ ਉਤਪਾਦਨ, ਟੁੱਟਣ ਦਾ ਖਤਰਾ ਅਤੇ ਵੱਡੇ ਉਦਯੋਗਾਂ ਨਾਲ ਮੁਕਾਬਲਾ। ਮਿੱਟੀ ਦੇ ਬਰਤਨ ਵਿਗਿਆਨਕ ਤੌਰ 'ਤੇ ਭਰੋਸੇਯੋਗ, ਵਾਤਾਵਰਣੀ ਤੌਰ 'ਤੇ ਟਿਕਾਊ ਅਤੇ ਸੰਸਕ੍ਰਿਤਿਕ ਤੌਰ 'ਤੇ ਮਹੱਤਵਪੂਰਨ ਪਕਾਉਣ ਦਾ ਢੰਗ ਹਨ। ਵਧ ਰਹੀਆਂ ਲੰਮੇ ਸਮੇਂ ਦੀਆਂ ਬਿਮਾਰੀਆਂ, ਵਾਤਾਵਰਣੀ ਨੁਕਸਾਨ ਅਤੇ ਪਰੰਪਰਾਗਤ ਗਿਆਨ ਦੇ ਲੁਪਤ ਹੋ ਜਾਣ ਦੇ ਦੌਰ ਵਿੱਚ, ਇਹ ਸਿਹਤ, ਟਿਕਾਊਪਣ ਅਤੇ ਸਮਾਜਿਕ-ਆਰਥਿਕ ਮਜ਼ਬੂਤੀ ਦਾ ਵਿਲੱਖਣ ਮਿਲਾਪ ਪੇਸ਼ ਕਰਦੇ ਹਨ। ਆਧੁਨਿਕ ਰਸੋਈ ਵਿੱਚ ਇਨ੍ਹਾਂ ਦੀ ਸੋਚ-ਵਿਚਾਰ ਨਾਲ ਸ਼ਮੂਲੀਅਤ ਸਿਰਫ਼ ਭੂਤਕਾਲ ਵੱਲ ਵਾਪਸੀ ਨਹੀਂ, ਸਗੋਂ ਸੰਤੁਲਿਤ ਅਤੇ ਮਜ਼ਬੂਤ ਭਵਿੱਖ ਵੱਲ ਕਦਮ ਹੋ ਸਕਦੀ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ ਸ੍ਰੀ ਅੰਮ੍ਰਿਤਸਰ ਸਾਹਿਬ,ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

### ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ 'ਚ

# ਸਾਲਾਨਾ ਨਤੀਜਾ ਦਿਵਸ ਸਮਾਰੋਹ ਧੂਮਧਾਮ ਨਾਲ ਮਨਾਇਆ ਗਿਆ






ਚੌਂਕ ਮਹਿਤਾ,24 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਵਿੱਚ ਸਾਲਾਨਾ ਨਤੀਜਾ ਦਿਵਸ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਰੋਹ ਵਿੱਚ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਸਮਾਰੋਹ ਦਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰਪੂਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਕੂਲ ਦੇ ਡਾਇਰੈਕਟਰ ਸ੍ਰੀ ਨਰਿੰਦਰ ਸਿੰਘ ਬੱਠ ਅਤੇ ਸ੍ਰੀਮਤੀ ਰਾਜਵੰਤ ਕੌਰ ਬੱਠ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਿਹਨਤ ਅਤੇ ਲਗਨ ਨਾਲ ਹੀ ਜੀਵਨ ਵਿੱਚ ਸਫਲਤਾ ਮਿਲਦੀ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸਰਾਹਨਾ ਕੀਤੀ।

ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਕਸ਼ੀ ਬੇਦੀ ਨੇ ਸਾਲਾਨਾ ਰਿਪੋਰਟ ਪੇਸ਼ ਕੀਤੀ ਅਤੇ ਸਕੂਲ ਦੀਆਂ ਵਿਦਿਆਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਹੋਰ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।

ਇਸ ਮੌਕੇ ਅਧਿਆਪਕਾਂ ਵਿੱਚ ਸ੍ਰੀਮਤੀ ਰਾਜਬੀਰ ਕੌਰ, ਸ੍ਰੀਮਤੀ ਪ੍ਰਦੀਪ ਕੌਰ, ਸ੍ਰੀਮਤੀ ਹਰਪ੍ਰੀਤ ਕੌਰ ਬੱਠ, ਸ੍ਰੀਮਤੀ ਅਮਨਦੀਪ ਕੌਰ, ਸ੍ਰੀਮਤੀ ਅਰਸ਼ਦੀਪ ਕੌਰ, ਸ੍ਰੀਮਤੀ ਜਸ਼ਨਪ੍ਰੀਤ ਕੌਰ, ਸ੍ਰੀਮਤੀ ਸੰਦੀਪ ਕੌਰ, ਸ੍ਰੀਮਤੀ ਸਿਮਰਨ ਕੌਰ, ਸ੍ਰੀਮਤੀ ਰਮਨਪ੍ਰੀਤ ਕੌਰ ਅਤੇ ਸ੍ਰੀਮਤੀ ਰਮਨਦੀਪ ਕੌਰ ਸਮੇਤ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ।ਅੰਤ ਵਿੱਚ ਉੱਤਮ ਨਤੀਜੇ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਰੋਹ ਦੇ ਅੰਤ ਵਿੱਚ ਸਭ ਨੇ ਵਿਦਿਆਰਥੀਆਂ ਦੀ ਕਾਮਯਾਬੀ 'ਤੇ ਖੁਸ਼ੀ ਪ੍ਰਗਟ ਕੀਤੀ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ।

### ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸਖ਼ਤ ਚਿਤਾਵਨੀ

# ਸਿੱਖ ਭਾਵਨਾਵਾਂ ਨਾਲ ਖਿਲਵਾੜ ਨਹੀਂ ਕੀਤਾ ਜਾਵੇਗਾ ਬਰਦਾਸ਼ਤ

ਨਵੀਂ ਦਿੱਲੀ 24 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਗਿਆਨੀ ਰਘਵੀਰ ਸਿੰਘ ਵੱਲੋਂ ਜੋ ਵੀ ਮੁੱਦੇ ਉਠਾਏ ਗਏ ਹਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਤੁਰੰਤ ਉਨ੍ਹਾ ਦੇ ਹੱਲ ਵਾਰੇ ਯੋਗ ਕਾਰਵਾਈ ਕਰਣੀ ਚਾਹੀਦੀ ਹੈ ।ਬਹੁਤ ਲੰਬੇ ਸਮੇਂ ਤੋਂ ਬਹੁਤ ਸਾਰੀਆਂ ਸ਼ਿਕਾਇਤਾਂ ਆ ਰਹੀਆਂ ਹਨ ਜਿਨ੍ਹਾਂ ਬਾਰੇ ਸ਼੍ਰੋਮਣੀ ਕਮੇਟੀ ਵੱਲੋਂ ਕੋਈ ਯੋਗ ਕਾਰਵਾਈ ਨਹੀਂ ਕੀਤੀ ਗਈ ਜੋ ਕਿ ਸ਼੍ਰੋਮਣੀ ਕਮੇਟੀ ਬਾਰੇ ਬਹੁਤ ਹੀ ਸ਼ਰਮਨਾਕ ਹੈ । ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਿੱਖ ਫੈਡਰੇਸ਼ਨ ਯੂਕੇ ਦੇ ਮੁੱਖ ਸੇਵਾਦਾਰ ਭਾਈ ਅਮਰੀਕ ਸਿੰਘ ਗਿੱਲ, ਬੀਪੀਓ ਭਾਈ ਦਬਿੰਦਰਜੀਤ ਸਿੰਘ ਅਤੇ ਹੋਰ ਫੈਡਰੇਸ਼ਨ ਦੇ ਹੋਰ ਆਗੂਆਂ ਨੇ ਕਿਹਾ ਇਸ ਤਰ੍ਹਾਂ ਲਗਦਾ ਹੈ ਕਿ ਅਯੋਗ ਵਿਅਕਤੀਆਂ ਨੂੰ ਵੱਡੇ ਅਹੁਦਿਆਂ ਤੇ ਲਗਾਇਆ ਗਿਆ ਹੈ ।ਸਿੱਖ ਕੌਮ ਦੀਆਂ ਸ਼੍ਰੋਮਣੀ ਸੰਸਥਾਵਾਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਸਿੱਖ ਕੌਮ ਦਾ ਭਰੋਸਾ ਖ਼ਤਮ ਹੋ ਚੁੱਕਾ ਹੈ ਇਸ ਭਰੋਸੇ ਨੂੰ ਦੁਬਾਰਾ ਬਰਕਰਾਰ ਰੱਖਣ ਲਈ ਤੁਹਾਨੂੰ ਤੁਰੰਤ ਕਿਸੇ ਰਿਟਾਇਰਡ ਜੱਜ ਦੀ ਅਗਵਾਈ ਵਾਲੀ ਨਿਰਪੱਖ

ਆਵਾਜ਼ਿ ਕੌਮ AWAZE QAUM International Newspaper & WEB TV



ਜਾਂਚ ਕਮੇਟੀ ਬਣਾ ਕੇ ਸਾਰੇ ਮਸਲਿਆਂ ਦੀ ਪੜਤਾਲ ਕਰਵਾਉਣੀ ਚਾਹੀਦੀ ਹੈ ।ਗਿਆਨੀ ਰਘਵੀਰ ਸਿੰਘ ਜੀ ਨੂੰ ਵੀ ਪਹਿਲਾਂ ਤੋਂ ਪਹਿਰੇਦਾਰੀ ਕਰਨੀ ਚਾਹੀਦੀ ਸੀ ਕਿਉਕਿ ਆਪ ਜੀ ਨੂੰ ਵਿਦੇਸ਼ ਵਿੱਚ ਵੱਸਦੇ ਸਿੱਖਾਂ ਨੇ ਵੀ ਬੇਨਤੀ ਕੀਤੀ ਸੀ ਪਰ ਤੁਸੀਂ ਉਸ ਸਮੇਂ ਤਕੜਾ ਸਟੈਂਡ ਨਹੀਂ ਲੈ ਸਕੇ ਹੁਣ ਜੋ ਗੱਲਬਾਤ ਕਰ ਰਹੇ ਹੋ ਉਸ ਵਕਤ ਕਰਨੀ ਚਾਹੀਦੀ ਸੀ ।ਪਰ ਫਿਰ ਵੀ ਵਿਦੇਸ਼ ਵਿੱਚ ਵੱਸਦੇ ਸਿੱਖ ਹਮੇਸ਼ਾ ਉਨ੍ਹਾਂ ਸਿੰਘਾਂ ਨਾਲ ਡੱਟ ਕੇ ਖੜ੍ਹੇ ਹਨ ਜੋ ਸਿੱਖ ਕੌਮ ਦੀ ਭਲਾਈ ਲਈ ਕੰਮ ਕਰਦੇ ਹਨ।ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਭਾਈ ਰਣਜੀਤ ਸਿੰਘ ਵੱਲੋਂ ਵੀ ਬਹੁਤ ਮੁੱਦਿਆਂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੁਆਲ ਕੀਤੇ ਗਏ ਹਨ ਪਰ ਕਿਸੇ ਸੁਆਲ ਦਾ ਕੋਈ ਜਵਾਬ ਨਹੀਂ ਦਿੱਤਾ ਗਿਆ ।ਜਿਸ ਤਰੀਕੇ ਨਾਲ ਦਰਬਾਰ ਸਾਹਿਬ ਜੀ ਦੇ ਆਲੇ ਦੁਆਲੇ ਵੱਡੀਆਂ ਇਮਾਰਤਾਂ ਬਣਾਈਆਂ ਜਾ ਰਹੀਆਂ ਹਨ ਇਹ ਸਭ ਸ੍ਰੀ ਦਰਬਾਰ ਸਾਹਿਬ ਜੀ ਦੀ ਦਿੱਖ ਨੂੰ ਵਿਗਾੜਨ ਲਈ ਕੀਤਾ ਜਾ ਰਿਹਾ ਹੈ ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਮਾਮਲੇ, ਸਿੱਖ ਇਤਿਹਾਸ ਨੂੰ ਗਲਤ ਤਰੀਕੇ ਨਾਲ ਪੇਸ਼ ਕਰਨ ਵਾਲੀਆਂ ਪੁਸਤਕਾਂ ਜਾਰੀ ਕਰਨੀਆਂ, ਸਿੱਖਾਂ ਦੀਆਂ ਵਿਰਾਸਤੀ ਵਸਤੂਆਂ ਨੂੰ ਤਬਾਹ ਕਰਨਾ, ਗੁਰਦਵਾਰਾ ਸਾਹਿਬਾਨ ਦੀਆਂ ਸ਼ਰਧਾਲੂ ਸੰਗਤਾਂ ਵਲੋਂ ਦਾਨ ਕੀਤੀਆਂ ਜ਼ਮੀਨਾਂ ਨੂੰ ਵੇਚਣ ਦੇ ਘਪਲੇ ਅਤੇ ਆਏ ਦਿਨ ਸੰਗਤਾਂ ਦੇ ਚੜ੍ਹਾਵੇ ਦੀ ਦੁਰਵਰਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਆਮ ਹੀ ਹੋ ਗਿਆ ਹੈ। ਅਸੀਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਵੀ ਚਿਤਾਵਨੀ ਦੇਣਾ ਚਾਹੁੰਦੇ ਹਾਂ ਆਪਣੀਆਂ ਮਨਮਰਜ਼ੀਆਂ ਬੰਦ ਕਰਨ ਪੰਥਕ ਦੋਖੀਆਂ ਨੂੰ ਥੋਕ ਵਿੱਚ ਮੁਆਫ਼ੀਆਂ ਦੇ ਕੇ ਦੁਬਾਰਾ ਸਿੱਖ ਕੌਮ ਦੇ ਸਿਰ ਬਿਠਾਉਣ ਦੀ ਕਵਾਇਦ ਬੰਦ ਕਰਕੇ ਸਿੱਖ ਕੌਮ ਦੇ ਮੁੱਦਿਆਂ ਵੱਲ ਧਿਆਨ ਦਿਓ ।ਆਪ ਸਿੱਖ ਇਤਿਹਾਸ ਨੂੰ ਭਲੀ ਭਾਂਤ ਜਾਣਦੇ ਹੋ ਕਿ ਸਰਕਾਰ ਵੱਲੋਂ ਬਣਾਈ ਗਈ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਇਮਾਰਤ ਸਿੱਖਾਂ ਵੱਲੋਂ ਪਰਵਾਨ ਨਹੀਂ ਸੀ ਕੀਤੀ ਗਈ ਸਿੱਖ ਸੰਗਤ ਨੇ ਦੁਬਾਰਾ ਆਪਣੀ ਕਿਰਤ ਕਮਾਈ ਦੇ ਪੈਸੇ ਨਾਲ ਉਸਾਰੀ ਸੀ ।ਠੀਕ ਉਸੇ ਤਰ੍ਹਾਂ ਹੀ ਸਿੱਖ ਕੌਮ ਨਾਲ ਧ੍ਰੋਹ ਕਮਾਉਣ ਵਾਲੇ ਜਥੇਦਾਰ ਵੀ ਸਿੱਖ ਸੰਗਤਾਂ ਨੇ ਪ੍ਰਵਾਨ ਨਹੀਂ ਕਰਨੇ। ਸੰਗਤਾਂ ਵਿੱਚ ਬਹੁਤ ਭਾਰੀ ਰੋਸ ਇਸ ਵੇਲੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਨੀਤੀਆਂ ਬਾਰੇ ਹੈ । ਅਸੀਂ ਅਖੀਰ ਵਿੱਚ ਇਹ ਕਹਿਣਾ ਚਾਹੁੰਦੇ ਹਾਂ ਕਿ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਵੱਲੋਂ ਉਠਾਏ ਗਏ ਮਸਲਿਆਂ ਬਾਰੇ ਕਿਸੇ ਸੇਵਾ ਮੁਕਤ ਜੱਜ ਦੀ ਅਗਵਾਈ ਵਿੱਚ ਨਿਰਪੱਖ ਜਾਂਚ ਕਮੇਟੀ ਬਣਾ ਕੇ ਪੜਤਾਲ ਕਰਵਾਈ ਜਾਵੇ।

**ਜੱਥੇਦਾਰ ਅਕਾਲ ਤਖਤ ਸਾਹਿਬ ਵਲੋਂ ਪੰਥਕ ਦੋਖੀਆਂ ਨੂੰ ਥੋਕ ਵਿੱਚ ਮੁਆਫ਼ੀਆਂ ਦੇ ਕੇ ਦੁਬਾਰਾ ਸਿੱਖ ਕੌਮ ਦੇ ਸਿਰ ਬਿਠਾਉਣ ਦੀ ਕਵਾਇਦ ਹੋਣੀ ਚਾਹੀਦੀ ਹੈ ਬੰਦ**

# ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਕਰੋਲ ਬਾਗ ਦਾ ਸਾਲਾਨਾ ਸਮਾਗਮ ਆਯੋਜਿਤ




ਨਵੀਂ ਦਿੱਲੀ, 24 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਏ ਜਾ ਰਹੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਵਿਚ ਵਿਦਿਆਰਕੀਆਂ ਨੂੰ ਸਿੱਖਿਆ ਦੇ ਨਾਲ-ਨਾਲ ਚੰਗੇ ਨਾਗਰਿਕ ਬਣਾਉਣ ਦੀ ਵੀ ਸਿੱਖਲਾਈ ਦਿੱਤੀ ਜਾਂਦੀ ਹੈ। ਇਹ ਪ੍ਰਗਟਾਵਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ ਹੈ। ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਕਰੋਲ ਬਾਗ ਦੇ ਸਾਲਾਨਾ ਸਮਾਗਮ ਮੌਕੇ ਹਾਜ਼ਰ ਸੰਗਤ ਨੂੰ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੀ ਮਿਆਰੀ ਸਿੱਖਿਆ ਤੇ ਨੈਤਿਕ ਕਦਰਾਂ ਕੀਮਤਾਂ ਦੀ ਸਿੱਖਲਾਈ ਦੀ ਬਦੌਲਤ ਇਥੇ ਪੜ੍ਹ ਕੇ ਗਏ ਅਣਗਿਣਤ ਵਿਦਿਆਰਥੀ ਅੱਜ ਸਮਾਜਿਕ ਤੌਰ 'ਤੇ ਉਚੇ ਉੱਚੇ ਅਹੁਦਿਆਂ 'ਤੇ ਬਿਰਾਜਮਾਨ ਹਨ ਜਿਹਨਾਂ ਵਿਚ ਡਾਕਟਰ, ਇੰਜੀਨੀਅਰ, ਪਾਇਲਟ, ਵਕੀਲ, ਆਈ ਏ ਐਸ ਤੇ ਹੋਰ ਅਫਸਰ ਸ਼ਾਮਲ ਹਨ। ਉਹਨਾਂ ਕਿਹਾ ਕਿ ਸਾਲਾਨਾ ਸਮਾਗਮ ਦੀ ਹਮੇਸ਼ਾ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਨੂੰ ਵੀ ਉਡੀਕ ਰਹਿੰਦੀ ਹੈ ਕਿਉਂਕਿ ਇਸ ਦਿਵਸ 'ਤੇ ਉਹਨਾਂ ਨੂੰ ਆਪਣੇ ਬੱਚਿਆਂ ਦੀ ਕਾਰਗੁਜ਼ਾਰੀ ਦਾ ਪਤਾ ਚਲਦਾ ਹੈ। ਉਹਨਾਂ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਕਰੋਲ ਬਾਗ ਦੇ ਪ੍ਰਿੰਸੀਪਲ ਜਸਵਿੰਦਰ ਕੌਰ ਤੇ ਸਮੁੱਚਾ ਸਟਾਫ ਬਹੁਤ ਵਧੀਆ ਸਿੱਖਿਆ ਦੇਣ ਅਤੇ ਸ਼ਾਨਦਾਰ ਤਰੀਕੇ ਨਾਲ ਅੱਜ ਦਾ ਸਮਾਗਮ ਕਰਨ ਲਈ ਵਧਾਈ ਦੇ ਪਾਤਰ ਹਨ। ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਕੀਰਤਨ ਨਾਲ ਹੋਈ, ਜਿਸ ਮਗਰੋਂ ਅਲੱਗ ਅਲੱਗ ਐਕਟੀਵਿਟੀ ਰਾਹੀਂ ਬੱਚਿਆਂ ਨੇ ਕਲਾ ਦਾ ਪ੍ਰਦਰਸ਼ਨ ਕੀਤਾ। ਪੰਜਾਬੀ ਕਲਾ ਤੇ ਸੰਸਕ੍ਰਿਤੀ ਨੂੰ ਦਰਸਾਉਂਦੇ ਹੋਏ ਭੰਗੜਾ ਤੇ ਗਿੱਧਾ ਕੀਤਾ ਗਿਆ। ਇਸਦੇ ਨਾਲ ਹੀ ਅੱਜ ਦੇ ਸਮਾਜ ਨੂੰ ਬਜ਼ੁਰਗਾਂ ਦਾ ਸਤਿਕਾਰ ਤੇ ਨਾਲ ਰੱਖਣ ਦਾ ਸੰਦੇਸ਼ ਦੇਂਦੇ ਹੋਏ ਨਾਟਕ ਪੇਸ਼ ਕੀਤਾ ਗਿਆ। ਇਸ ਮੌਕੇ ਦਿੱਲੀ ਕਮੇਟੀ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋ, ਸਮਾਜ ਸੇਵੀ ਐਮ ਐਮ ਪਲ ਸਿੰਘ ਗੋਲਡੀ, ਐਜੂਕੇਸ਼ਨ ਸੈੱਲ ਦੇ ਚੇਅਰਮੈਨ ਕੁਲਤਾਰਨ ਸਿੰਘ ਕੋਛੜ, ਮੈਂਬਰ ਰਣਜੀਤ ਕੌਰ, ਰਮਨਦੀਪ ਸਿੰਘ ਥਾਪਰ ਸਮੇਤ ਹੋਰ ਸਖ਼ਸ਼ੀਅਤਾਂ ਹਾਜ਼ਰ ਸਨ। ਸਕੂਲ ਦੇ ਚੇਅਰਮੈਨ ਪਰਮਜੀਤ ਸਿੰਘ ਚੰਢੋਕ, ਮੈਨੇਜਰ ਜੁਝਾਰ ਸਿੰਘ ਵੱਲੋਂ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਭਗਵੰਤ ਮਾਨ ਵੱਲੋਂ ਚਲਾਈ ਮੇਰੀ ਰਸੋਈ ਸਕੀਮ ਸ਼ਲਾਘਾ ਯੋਗ ਕਦਮ : ਆਪ ਆਗੂ



**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਚਲਾਈ ਮੇਰੀ ਰਸੋਈ ਸਕੀਮ ਸ਼ਲਾਘਾ ਯੋਗ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਂਟ, ਸਰਪੰਚ ਅੰਮ੍ਰਿਤ ਚਹਿਲ ਮੈਂਬਰ ਜਿਲ੍ਹਾ ਪ੍ਰੀਸ਼ਦ, ਆਪ ਆਗੂ ਰਮਨਦੀਪ ਸਿੰਘ ਭਸੌੜ, ਆਪ ਆਗੂ ਅਵਤਾਰ ਸਿੰਘ ਤਾਰੀ ਭਸੌੜ, ਸਰਪੰਚ ਲਾਲੀ ਬੰਗਾਵਾਲੀ ਅਤੇ ਆਪ ਆਗੂ ਖਾਨ ਕਹੇਰੂ ਨੇ ਕੀਤਾ। ਆਗੂਆਂ ਨੇ ਕਿਹਾ ਕਿ ਮੇਰੀ ਰਸੋਈ ਸਕੀਮ ਦਾ ਕੀਤਾ ਐਲਾਨ ਹੋਣ ਨਾਲ ਨੀਲੇ ਕਾਰਡ ਵਾਲਿਆਂ ਨੂੰ ਮਿਲੇਗੀ ਫੂਡ ਕਿੱਟ40 ਲੱਖ ਪਰਿਵਾਰਾਂ ਨੂੰ ਮਿਲੇਗੀ। ਆਗੂਆਂ ਨੇ ਕਿਹਾ ਕਿ ਇਸ ਸਹੂਲਤ ਵਿਚ ਕਣਕ ਦੇ ਨਾਲ ਹੁਣ 2 ਕਿੱਲੋ ਮਾਂਹ ਛੋਲਿਆਂ ਦੀ ਦਾਲ 2 ਕਿੱਲੋ ਚੀਨੀ, 1 ਕਿੱਲੋ ਨਮਕ 200 ਗ੍ਰਾਮ ਹਲਦੀ ਤੇ 1 ਲੀਟਰ ਸਰੋਂ ਦਾ ਤੇਲ ਮਿਲੇਗਾ ਇੱਕ ਵਾਰ 'ਚ 3 ਮਹੀਨਿਆਂ ਦਾ ਮਿਲੇਗਾ ਸਮਾਨ ਮਿਲੇਗਾ ।ਆਗੂਆਂ ਨੇ ਕਿਹਾ ਕਿ ਇਸ ਸਕੀਮ ਨਾਲ ਗਰੀਬ ਪਰਿਵਾਰਾਂ ਨੂੰ ਬਹੁਤ ਮਦਦ ਮਿਲੇਗੀ ਜੋ ਇੱਕ ਬਹੁਤ ਵੱਡਾ ਸ਼ਲਾਘਾ ਯੋਗ ਕਦਮ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਇਲੈਕਸ਼ਨਾਂ ਦਾ ਬਿਗੁਲ ਵੱਜਣ ਤੋਂ ਪਹਿਲਾਂ ਪਾਰਟੀਆਂ ਬਦਲਣ ਵਾਲਿਆਂ ਨੂੰ ਦਿੱਤੇ ਜਾਣ ਵਾਲੇ

# ਸਿਰਪਾਓ ਤੇ ਲੱਗੇ ਰੋਕ, ਜਥੇਦਾਰ ਕੁਲਦੀਪ ਸਿੰਘ ਗੜਗੱਜ ਜੀ ਕਰਨ ਹੁਕਮਨਾਮਾ ਜਾਰੀ





ਜੰਡਿਆਲਾ ਗੁਰੂ 24 ਫਰਵਰੀ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਵਿੱਚ ਇਲੈਕਸਨਾਂ ਦਾ ਬਿਗੁਲ ਵੱਜਣ ਤੋਂ ਪਹਿਲਾਂ ਸਿਆਸਤਦਾਨ ਲੋਕਾਂ ਵੱਲੋਂ ਪਾਰਟੀ ਵਿੱਚ ਸ਼ਾਮਲ ਕਰਨ ਦਾ ਸਿਲਸਿਲਾ ਸੁਰੂ ਕਰ ਦਿੱਤਾ ਜਾਂਦਾ ਹੈ ਅਤੇ ਸਿਆਸਤ ਦੇ ਨਸ਼ੇ ਵਿੱਚ ਉਨਾਂ ਸਿਆਸਤਦਾਨਾਂ ਵਲੋਂ ਪਾਰਟੀ ਵਿੱਚ ਸ਼ਾਮਿਲ ਕਰਨ ਮੌਕੇ ਗੁਰੂ ਘਰ ਵੱਲੋਂ ਦਿੱਤੀ ਜਾਣ ਵਾਲੀ ਸਿਰਪਾਓ ਦੀ ਬਖਸਿਸ ਨੂੰ ਵਰਤਿਆ ਜਾਂਦਾ ਹੈ ਅਤੇ ਸਿਰਪਾਓ ਪਾ ਕਿ ਸਾਮਲ ਕੀਤਾ ਜਾਂਦਾ ਹੈ ਜੋ ਬੇਅਦਬੀ ਦਾ ਹਿਸਾ ਮੰਨਿਆਂ ਜਾ ਸਕਦਾ ਹੈ ਕਿਉਂਕਿ ਸਿੱਖ ਇਤਿਹਾਸ ਵਿੱਚ ਸਿਰਪਾਓ ਦੀ ਬਹੁਤ ਵੱਡੀ ਮਹੱਤਤਾ ਹੈ ਅਤੇ ਸਿੱਖ ਗੁਰੂ ਸਾਹਿਬਾਨਾਂ ਵੱਲੋਂ ਹਰੇਕ ਉਸ ਪ੍ਰਾਣੀ ਲਈ ਬਖਸਿਸ ਭਰੀ ਦਾਤ ਸਿਰਪਾਓ ਦੀ ਦਿੱਤੀ ਜਾਂਦੀ ਹੈ ਜੋ ਪ੍ਰਾਣੀ ਆਪਣੇ ਬਚਨਾਂ ਕਹਿਣੀ ਤੇ ਕਥਨੀ ਵਿੱਚ ਪ੍ਰਪੱਕ ਪੂਰਾ ਸਮਰਪਿਤ ਹੋ ਕਿ ਸੇਵਾ ਭਾਵਨਾ ਨਾਲ ਆਪਣੇ ਜੀਵਨ ਦੇ ਸਫਰ ਨੂੰ ਚਲਾਉਂਦਾ ਹੈ ਅਤੇ ਸੇਵਾ ਭਾਵਨਾ ਨਾਲ ਸਤਸੰਗਤ ਕਰਕੇ ਗੁਰੂ ਘਰ ਦੀ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਕਾਰਜ ਕਰਕੇ ਆਪਣੇ ਆਪ ਨੂੰ ਗੁਰੂ ਘਰ ਦਾ ਨਿਮਾਣਾ ਸੇਵਕ ਜਨ ਸਮਝਦਾ ਹੈ । ਇਸ ਸਿਰਪਾਓ ਦੀ ਦਾਤ ਨੂੰ ਮਰਿਆਦਾ ਦੇ ਅਨੁਸਾਰ ਕਿਸੇ ਵੀ ਇਨਸਾਨ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿੱਚ ਹੀ ਦਿੱਤਾ ਜਾ ਸਕਦਾ ਹੈ।। ਸਿਰਪਾਓ ਦੀ ਪਰੰਪਰਾ ਧੰਨ ਧੰਨ ਸ੍ਰੀ ਗੁਰੂ ਅੰਗਦ ਦੇਵ ਜੀ ਮਹਾਰਾਜ ਤੋਂ ਸ਼ੁਰੂ ਹੋਈ ਅਤੇ ਸਿੱਖ ਧਰਮ ਵਿੱਚ ਸਿਰਪਾਓ ਦੀ ਬਹੁਤ ਵੱਡੀ ਮਹਾਨਤਾ ਹੈ। ਸਿਰਪਾਓ ਦਾ ਅਰਥ ਹੈ ਕਿ ਸਿਰ ਤੋਂ ਲੈ ਕੇ ਪੈਰਾਂ ਤੱਕ ਪਹਿਨਣ ਵਾਲੀ ਪੋਸ਼ਾਕ ਵੀ ਕਿਹਾ ਜਾਂਦਾ ਹੈ ਸਿਰਪਾਓ ਸਿੱਖਾ ਦੇ ਦੂਜੇ ਗੁਰੂ ਸਾਹਿਬਾਨ ਧੰਨ ਧੰਨ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਤੀਸਰੇ ਗੁਰੂ ਸਾਹਿਬਾਨ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਨੂੰ ਸਿਰਪਾਓ ਦਿੱਤੇ ਗਏ ਸਨ। ਉਹਨਾਂ ਦੀ ਸੇਵਾ ਭਾਵਨਾ ਨੂੰ ਦੇਖਦੇ ਹੋਏ ਉਹਨਾਂ ਦੀ ਤਨ ਮਨ ਧਨ ਨਾਲ ਕੀਤੀ ਸੇਵਾ ਤੋਂ ਖੁਸ਼ ਹੋ ਕੇ ਗੁਰੂ ਅਮਰਦਾਸ ਜੀ ਨੂੰ ਸਿਰਪਾਓ ਦੀ ਬਖਸ਼ਿਸ਼ ਪ੍ਰਾਪਤ ਹੋਈ ਸੀ ਅਤੇ ਗੁਰੂ ਅਮਰਦਾਸ ਜੀ ਨੇ ਸਿਰਪਾਓ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਹੋਇਆ ਬਖਸਿਸ ਹੋਏ ਸਿਰਪਾਓ ਨੂੰ ਆਪਣੇ ਸੀਸ ਉਪਰ ਸਜਾਉਂਦੇ ਸਨ। ਅਤੇ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਵੱਲੋਂ ਸਿਰਪਾਓ ਦੇ ਕੀਤੇ ਗਏ ਸਤਿਕਾਰ ਨੂੰ ਵੇਖਦਿਆਂ ਹੋਇਆ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਵੱਲੋਂ ਆਦਿ 12 ਵਰ ਗੁਰੂ ਸਾਹਿਬ ਜੀ ਨੂੰ ਦਿੱਤੇ ਗਏ !ਜਿੰਨਾਂ ਨੂੰ ਅਸੀਂ ਅੱਜ ਵੀ ਮਾਣ ਰਹੇ ਹਾਂ ! ਇਥੇ ਇਹ ਦੱਸਣਯੋਗ ਹੈ ਕਿ ਸ੍ਰੀ ਗੁਰੂ ਅੰਗਦ ਦੇਵ ਜੀ ਇੱਕ ਸਾਲ ਬਾਅਦ ਸ੍ਰੀ ਗੁਰੂ ਅਮਰਦਾਸ ਜੀ ਨੂੰ ਇੱਕ ਸਰੋਪਾ ਭੇਟ ਕਰਦੇ ਸਨ। ਇਹ ਪਰੰਪਰਾ ਦੂਸਰੇ ਗੁਰੂ ਸਾਹਿਬਾਨ ਤੋਂ ਸ਼ੁਰੂ ਹੋ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ, ਅਤੇ ਅੱਜ ਵੀ ਸਿੱਖ ਧਰਮ ਵਿੱਚ ਕਾਇਮ ਹੈ। ਪਰ ਅੱਜ ਦੇ ਸਮੇਂ ਦੀ ਗੱਲ ਕਰੀਏ ਤਾਂ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਹੁਕਮਨਾਮੇ ਨੂੰ ਟਿਚ ਜਾਣਦੇ ਹੋਏ ਸਾਰੇ ਰਾਜਨੀਤਿਕ ਲੋਕ ਅਤੇ ਕੁੱਝ ਪੰਥਕ ਆਗੂਆ ਵੱਲੋਂ ਸਿਰਪਾਓ ਨੂੰ ਮਮੂਲੀ ਦੋ ਮੀਟਰ ਦਾ ਕੱਪੜਾ ਸਮਝ ਕੇ ਸ਼ਰੇਆਮ ਮਰਿਆਦਾ ਦੀ ਉਲੰਘਣਾ ਕਰ ਰਹੇ ਹਨ । ਜੋ ਅਸੀ ਰੋਜ ਅਖਬਾਰਾ ਤੋਂ ਸੋਸਲ ਮੀਡੀਆ ਰਾਹੀਂ ਦੇਖ ਰਹੇ ਹਾਂ ਪਰ ਚੁੱਪ ਹਾਂ। ਪੰਜਾਬ ਵਿੱਚ ਜਦ ਵੀ ਇਲੈਕਸ਼ਨ ਦਾ ਦੌਰ ਆਉਂਦਾ ਹੈ ਤਾਂ ਪਾਰਟੀਆਂ ਬਦਲਣ ਵਾਲੇ ਲੋਕ ਬਰਸਾਤੀ ਡੱਡੂਆਂ ਵਾਂਗ ਬਾਹਰ ਨਿਕਲ ਕਿ ਆਪਣੇ ਆਪ ਨੂੰ ਵਫਾਦਾਰ ਸਿਪਾਹੀ ਵਜੋਂ ਪੇਸ ਕਰਨ ਲਈ ਸਿਆਸੀ ਨੁਮਾਇੰਦਿਆ ਕੋਲ ਸਿਰਪਾਓ ਪਵਾਉਂਦੇ ਹਨ ਜਿਸ ਵਿੱਚ ਅੱਜ ਕੱਲ੍ਹ ਪਾਰਟੀਆਂ ਬਦਲਣ ਦਾ ਆਮ ਦੌਰ ਚੱਲਿਆ ਹੋਇਆ ਹੈ। ਅਤੇ ਪਹਿਲੀ ਪਾਰਟੀ ਵਿੱਚ ਵਫਾਦਾਰ ਸਿਪਾਹੀ ਵਜੋਂ ਸਮਾਂ ਗੁਜ਼ਾਰਨ ਤੋਂ ਬਾਅਦ ਉਸ ਪਾਰਟੀ ਨੂੰ ਅਲਵਿਦਾ ਆਖ ਦੂਸਰੀ ਪਾਰਟੀ ਵਿੱਚ ਸਾਮਲ ਹੋ ਰਹੇ ਹਨ ਅਤੇ ਦੂਜੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਆਗੂ ਇਸ ਨੂੰ ਬਹੁਤ ਵੱਡੀ ਕੁਰਬਾਨੀ ਸਮਝ ਕੇ ਸ਼ਾਮਿਲ ਹੋਣ ਵਾਲੇ ਵਿਅਕਤੀਆਂ ਨੂੰ ਸਿਰਪਾਓ ਨਾਲ ਸਨਮਾਨਿਤ ਕਰ ਰਹੇ ਹਨ। ਪਰ ਸਨਮਾਨਿਤ ਦੇ ਨਾਲ ਨਾਲ ਉਹ ਸਿਰਪਾਓ ਦੀ ਮਰਿਆਦਾ ਨੂੰ ਨਹੀ ਸਮਝਦੇ ਜਾਂ ਜਾਣਬੁੱਝ ਕਿ ਮਰਿਆਦਾਂ ਦੀਆਂ ਧੱਜੀਆਂ ਉਡਾਈਆਂ ਜਾਂਦੀਆਂ ਹਨ ਉਹ ਇਹ ਨਹੀਂ ਦੇਖਦੇ ਕਿ ਜਿਸ ਵਿਅਕਤੀ ਨੂੰ ਸਿਰਪਾਓ ਦਿੱਤਾ ਜਾ ਰਿਹਾ ਉਹ ਵਿਅਕਤੀ ਸਿਰ ਮੁੰਨੇ ਦੇ ਨਾਲ ਨਾਲ ਉਸ ਵਿਅਕਤੀ ਨੇ ਸਿਰ ਢੱਕਿਆ ਹੋਇਆ ਹੈ ਜਾਂ ਨੰਗੇ ਸਿਰ ਤਾਂ ਨਹੀਂ । ਸਿਰਪਾਓ ਲੈਣ ਵਾਲੇ ਵਿਅਕਤੀ ਕੋਲ ਕੋਈ ਨਸ਼ਾ ਜਾਂ ਨਸ਼ਾ ਰੂਪੀ ਕੋਈ ਵਸਤੂ ਤਾਂ ਨਹੀਂ ਹੈ। ਪਰ ਨਹੀਂ ਉਸ ਟਾਈਮ ਤੇ ਇਹ ਸਭਕੁਝ ਇਸ ਦੇ ਉਲਟ ਹੀ ਵੇਖਣ ਨੂੰ ਮਿਲਦਾ ਹੈ ਉਸ ਟਾਈਮ ਤੇ ਤਾਂ ਇਹਨਾਂ ਰਾਜਨੀਤਿਕ ਲੋਕ ਸਿਰਪਾਓ ਨੂੰ ਮਮੂਲੀ ਦੇ ਦੋ ਢਾਈ ਮੀਟਰ ਦਾ ਕੱਪੜਾ ਹੀ ਸਮਝ ਕੇ ਲੋਕਾਂ ਨੂੰ ਨਿਵਾਜਦੇ ਹਨ। ਉਸ ਟਾਈਮ ਤੇ ਸਿੱਖੀ ਸਿਧਾਂਤਾਂ ਤੇ ਤਿੱਖੇ ਤੀਰ ਚੱਲਦੇ ਹਨ। ਪਰ ਸਾਡੇ ਪੰਥਕ ਲੀਡਰ ਫਿਰ ਵੀ ਚੁੱਪ ਹਨ। ਕਿਉਂ ਨਹੀਂ ਇਸ ਪ੍ਰਤੀ ਵੀ ਕਾਨੂੰਨ ਬਣਾਉਂਦੇ ਅਤੇ ਇਸ ਤੇ ਰੋਕ ਲਾਉਂਦੇ। ਇਨਾਂ ਸਿਆਸੀ ਪਾਰਟੀਆਂ ਵੱਲੋਂ ਸਿਰਪਾਓ ਦੀ ਵਰਤੋਂ ਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਜੀ ਵੱਲੋਂ ਹੁਕਮਨਾਮਾ ਜਾਰੀ ਕਰਕੇ ਪੂਰਨ ਤੌਰ ਤੇ ਰੋਕ ਲਗਾਈ ਜਾਵੇ !ਅਤੇ ਸਿਆਸੀ ਪਾਰਟੀਆਂ ਆਪਣੇ ਸਿਆਸੀ ਚੋਣ ਨਿਸ਼ਾਨ ਦਾ ਲੋਗੋ ਲੱਗਾ ਕੱਪੜਾ ਦੇ ਕਿ ਉਸ ਨੂੰ ਸਨਮਾਨਿਤ ਕਰਨ !

> **ਸਿਰ ਮੋਨਿਆ ਨੂੰ ਸਿਰਪਾਓ ਦੇ ਕਿ ਕੀਤੀ ਜਾ ਰਹੀ ਬੇਅਦਬੀ ਸਿਆਸੀ ਪਾਰਟੀਆਂ ਆਪਣੀ ਪਾਰਟੀ ਦਾ ਕੱਪੜੇ ਤੇ ਲੱਗਿਆ ਲੋਗੋ ਦੇ ਕਿ ਕਰਨ ਸਨਮਾਨਿਤ**

### ਸ੍ਰੀ ਸੰਕਟ ਮੋਚਨ ਸੇਵਾ ਸੰਘ ਵੱਲੋਂ ਜਾਗਰਣ ਦੀਆਂ ਤਿਆਰੀਆਂ ਲਈ ਸ਼ਹਿਰ ਦੀਆਂ

# ਵੱਖ ਵੱਖ ਸੰਸਥਾਵਾਂ ਦੇ ਆਗੂਆਂ ਨਾਲ ਮੀਟਿੰਗ



ਸੰਗਰੂਰ ( ਰਣਜੀਤ ਸਿੰਘ ਪੇਧਨੀ ) ਪ੍ਰਾਚੀਨ ਸ੍ਰੀ ਹਨੂਮਾਨ ਮੰਦਰ ਸੰਕਟ ਮੋਚਨ ਮੰਡੀ ਗਲੀ ਸੰਗਰੂਰ ਦੇ ਸੰਚਾਲਕ ਪੰਕਜ ਬਾਵਾ ਅਤੇ ਸ੍ਰੀ ਸੰਕਟ ਮੋਚਨ ਸੇਵਾ ਸੰਘ ਰਜਿ: ਦੇ ਪ੍ਰਧਾਨ ਅਨਿਲ ਕੁਮਾਰ ਗੋਇਲ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਜਾਗਰਣ ਦੀਆਂ ਤਿਆਰੀਆਂ ਸਬੰਧੀ ਸੰਗਰੂਰ ਸ਼ਹਿਰ ਦੀਆਂ 2 ਦਰਜਨ ਤੋਂ ਵੱਧ ਵੱਖ ਵੱਖ ਸੰਸਥਾਵਾਂ ਦੇ ਨੁਮਾਇੰਦਾ ਆਗੂਆਂ ਦੀ ਸਾਂਝੀ ਮੀਟਿੰਗ ਅਗਰਵਾਲ ਧਰਮਸ਼ਾਲਾ ਸੰਗਰੂਰ ਵਿਖੇ ਕੀਤੀ ਗਈ। ਸੰਕਟ ਮੋਚਨ ਸੇਵਾ ਸੰਘ ਦੇ ਮੀਡਿਆ ਸਲਾਹਕਾਰ ਅਤੇ ਅਗਰਵਾਲ ਸਭਾ ਸੰਗਰੂਰ ਦੇ ਕੋਰ ਕਮੇਟੀ ਵਿਜੈ ਕੁਮਾਰ ਸਿੰਗਲਾ ਦੇ ਮੰਚ ਸੰਚਾਲਨ ਅਧੀਨ ਹੋਈ ਇਸ ਮੀਟਿੰਗ ਦੀ ਪ੍ਰਧਾਨਗੀ ਪੰਡਤ ਬਿਰਜੇਸ ਦੀਕਿਸ਼ਤ ਮੁੱਖ ਪੁਜਾਰੀ ਪ੍ਰਾਚੀਨ ਸ਼ਿਵ ਮੰਦਰ ਬਾਗੀਚਾ ਵਾਲਾ,ਉੱਘੇ ਸਮਾਜ ਸੇਵੀ ਅਤੇ ਦਾਨੀ ਗੋਪਾਲ ਦਾਸ ਗੋਇਲ, ਅਗਰਵਾਲ ਸਭਾ ਸੰਗਰੂਰ ਦੇ ਪ੍ਰਧਾਨ ਬਦਰੀ ਜਿੰਦਲ, ਪ੍ਰਸਿੱਧ ਇਤਿਹਾਸਕਾਰ ਰਾਜੀਵ ਜਿੰਦਲ, ਕੈਮਿਸਟ ਐਸੋਸੀਏਸ਼ਨ ਸੰਗਰੂਰ ਦੇ ਚੇਅਰਮੈਨ ਸਰਜੀਵਨ ਜਿੰਦਲ ਅਤੇ ਸੰਕਟ ਮੋਚਨ ਸੇਵਾ ਸੰਘ ਦੇ ਚੇਅਰਮੈਨ ਵਿਪਨ ਕੁਮਾਰ ਨੇ ਸਾਂਝੇ ਤੌਰ 'ਤੇ ਕੀਤੀ।

ਪ੍ਰਾਚੀਨ ਸ੍ਰੀ ਹਨੂਮਾਨ ਮੰਦਰ ਵੱਲੋਂ ਹਰ ਸਾਲ ਮਹਾਂਵੀਰ ਜੈਅੰਤੀ ਮੌਕੇ ਕਰਵਾਏ ਜਾਂਦੇ ਜਾਗਰਣ ਦੀਆਂ ਤਿਆਰੀਆਂ ਲਈਆਂ ਇਸ ਮੀਟਿੰਗ ਵਿੱਚ ਵਿਚਾਰ ਚਰਚਾ ਕੀਤੀ ਗਈ ਅਤੇ ਦੱਸਿਆ ਗਿਆ ਕਿ ਜਾਗਰਣ ਸਥਾਨ 'ਤੇ 22 ਮਾਰਚ ਨੂੰ ਝੰਡਾ ਚੜ੍ਹਾਇਆ ਜਾਵੇਗਾ। 26 ਮਾਰਚ ਨੂੰ ਪਾਵਨ ਜੋਤੀ ਲੈਕੇ ਆਉਣ ਲਈ ਸੰਗਰੂਰ ਤੋਂ ਸਾਲਾਸਰ ਲਈ ਸੰਗਤ ਰਵਾਨਾ ਹੋਵੇਗੀ ਅਤੇ 29 ਮਾਰਚ ਨੂੰ ਵਿਸ਼ਾਲ ਸੋਭਾ ਯਾਤਰਾ ਕੱਢੀ ਜਾਵੇਗੀ ਅਤੇ 1 ਅਪ੍ਰੈਲ ਨੂੰ ਸ੍ਰੀ ਮਹਾਂਕਾਲੀ ਦੇਵੀ ਮੰਦਰ ਵਿਖੇ ਵਿਸ਼ਾਲ ਜਾਗਰਣ ਕਰਵਾਇਆ ਜਾਵੇਗਾ। ਇਸ ਮੀਟਿੰਗ ਵਿੱਚ ਅਰੂਪ ਸਿੰਗਲਾ ਪ੍ਰਧਾਨ ਸ੍ਰੀ ਦੁਰਗਾ ਸੇਵਾ ਦਲ ਸੰਗਰੂਰ, ਕ੍ਰਿਸ਼ਨ ਕੁਮਾਰ ਪ੍ਰਧਾਨ ਮੰਗਲਾ ਦੇਵੀ ਮੰਦਰ ਕਮੇਟੀ ਕਿਲਾ ਮਾਰਕੀਟ ਸੰਗਰੂਰ, ਯਸਪਾਲ ਸ਼ਰਮਾ ਪ੍ਰਧਾਨ ਰਾਜ ਰਾਜਸੇਵਰੀ ਮੰਦਰ ਕਮੇਟੀ ਸੰਗਰੂਰ, ਯਸਪਾਲ ਬਿੱਟੂ ਪ੍ਰਧਾਨ ਪ੍ਰਾਚੀਨ ਸ਼ਿਵ ਮੰਦਰ ਬਗੀਚੀ ਵਾਲਾ ਸੰਗਰੂਰ, ਰਿਸ਼ੂ ਬਾਗੜੀ ਪ੍ਰਧਾਨ ਸ੍ਰੀ ਜੈਅੰਤੀ ਦੇਵੀ ਮੰਦਰ ਕਮੇਟੀ, ਨੀਰਜ ਕੁਮਾਰ ਪ੍ਰਧਾਨ ਸ੍ਰੀ ਮਨੀ ਮਹੇਸ਼ ਲੰਗਰ ਕਮੇਟੀ,ਗੋਬਿੰਦਰ ਸ਼ਰਮਾ ਪ੍ਰਧਾਨ ਪੈਦਲ ਯਾਤਰਾ ਮੰਡਲੀ ਸੰਗਰੂਰ, ਕੇਅਰਿੰਗ ਪੀਪਲਜ ਸੰਗਰੂਰ ਦੇ ਪ੍ਰਧਾਨ ਪ੍ਰੀਤ ਅਮਨ ਸ਼ਰਮਾ,ਜੇਪੀ ਗੋਇਲ, ਰਾਮ ਸ਼ੰਕਰ ਰਾਜੂ, ਦਲੀਪ ਮਿਸ਼ਰਾ,ਸਨਾਤਨ ਉਤਕਰਸ਼ ਫਾਊਂਡੇਸ਼ਨ ਦੇ ਪ੍ਰਧਾਨ ਪ੍ਰਦੀਪ ਸ਼ਰਮਾ,ਅਰੁਣ ਪਰਾਸਰ, ਜਗਦੀਪ ਕਾਲੜਾ ਅਰੋੜਾ ਵੈੱਲਫੇਅਰ ਸਭਾ ਸੰਗਰੂਰ, ਰੋਟਰੀ ਕਲੱਬ ਸੰਗਰੂਰ ਦੇ ਰਾਜੀਵ ਜੈਨ, ਸਮਾਜ ਸੇਵੀ ਹਰੀਸ਼ ਅਰੋੜਾ, ਰਕੇਸ਼ ਕੁਮਾਰ ਪ੍ਰਧਾਨ ਵਿਸ਼ਵ ਜਾਗ੍ਰਤੀ ਮਿਸ਼ਨ ਸੰਗਰੂਰ, ਐਡਵੋਕੇਟ ਪਵਨ ਗੁਪਤਾ, ਅਰੁਜਨ ਪੰਡਿਤ,ਆਰਐੱਸਐੱਸ ਦੇ ਆਗੂ ਨਵੀਨ ਸ਼ਰਮਾ, ਸਹਾਰਾ ਫਾਊਂਡੇਸ਼ਨ ਦੇ ਸੰਚਾਲਕ ਸਰਬਜੀਤ ਰੇਖੀ, ਭਾਜਪਾ ਆਗੂ ਸੰਜੀਵ ਕੁਮਾਰ ਲੱਕੀ ਤੋਂ ਇਲਾਵਾ ਵੱਖ ਵੱਖ ਸੰਸਥਾਵਾਂ ਦੇ ਆਗੂਆਂ ਨੇ ਜਾਗਰਣ ਪ੍ਰਬੰਧਕਾਂ ਨੂੰ ਭਰੋਸਾ ਦਿੱਤਾ ਕਿ ਜੋ ਵੀ ਜ਼ੁੰਮੇਵਾਰੀ ਸੰਸਥਾਵਾਂ ਦੀ ਲਗਵਾਈ ਜਾਵੇਗੀ ਉਸਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇਗਾ। ਇਨ੍ਹਾਂ ਸੰਸਥਾਵਾਂ ਦੇ ਆਗੂਆਂ ਨੇ ਅਪੀਲ ਕੀਤੀ ਕਿ ਵੱਖ ਵੱਖ ਸਮਾਗਮਾਂ ਮੌਕੇ ਲਗਾਏ ਜਾਂਦੇ ਭੰਡਾਰਿਆਂ ਦੌਰਾਨ ਸਾਫ਼ ਸਫ਼ਾਈ ਖਾਸ ਧਿਆਨ ਰੱਖਿਆ ਜਾਵੇ ਅਤੇ ਪਾਬੰਦੀ ਸ਼ੁਦਾ ਪਲਾਸਟਿਕ ਦੀ ਵਰਤੋਂ ਨਾ ਕੀਤੀ ਜਾਵੇ। ਇਸ ਤੋਂ ਇਲਾਵਾ ਕਿਸੇ ਵੀ ਭੰਡਾਰੇ ਵਿੱਚ ਜੂਠ ਨਾ ਸੁੱਟੀ ਜਾਵੇ ਅਤੇ ਲੋੜ ਅਨੁਸਾਰ ਹੀ ਭੰਡਾਰਾ ਵਿੱਚੋਂ ਪ੍ਰਸ਼ਾਦ ਲਿਆ ਜਾਵੇ। ਇਸ ਮੌਕੇ ਸ੍ਰੀ ਸੰਕਟ ਮੋਚਨ ਸੇਵਾ ਸੰਘ ਦੇ ਸੰਗਰੂਰ ਦੀ ਸਮੁੱਚੀ ਟੀਮ ਦੇ ਮੈਂਬਰ ਅਤੇ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਕਰਵਾਏ ਗਏ 119ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਪਿੰਡ ਦਬੁਰਜੀ (ਮਹਿਤਾ ਚੌਕ) ਦੀ ਵਿਦਿਆਰਥਣ ਹਰਨੂਰ ਕੌਰ ਨੇ ਬੀ ਐੱਸ ਸੀ (ਆਨਰਜ਼) ਮੈਥੇਮੈਟਿਕਸ ਵਿੱਚ ਗੋਲਡ ਮੈਡਲ ਹਾਸਿਲ ਕੀਤਾ





**ਚੌਕ ਮਹਿਤਾ, 24 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਕਰਵਾਏ ਗਏ 119 ਵੇ ਕਨਵੋਕੇਸਨ ਸਮਾਰੋਹ ਵਿੱਚ ਪਿੰਡ ਦਬੁਰਜੀ (ਚੌਕ ਮਹਿਤਾ) ਦੀ ਵਿਦਿਆਰਥਣ ਹਰਨੂਰ ਕੌਰ ਨੇ ਬੀ ਐੱਸ ਸੀ ( ਆਨਰਜ) ਮੈਥੇਮੈਟਿਕਸ ਵਿਚ ਗੋਲਡ ਮੈਡਲ ਹਾਸਲ ਕਰਕੇ ਆਪਣੇ ਮਾਤਾ ਪਿਤਾ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਹ ਸਨਮਾਨ ਹਰਨੂਰ ਕੌਰ ਨੂੰ ਸ੍ਰੀ ਸੱਤਿਆਜੀਤ ਸਿੰਘ ਮਜੀਠੀਆ ਜੋ ਕਿ ਖ਼ਾਲਸਾ ਕਾਲਜ ਚੈਰੀਟੇਬਲ ਸੋਸਾਇਟੀ ਦੇ ਪ੍ਰੈਸੀਡੈਂਟ ਹਨ ਅਤੇ ਸ੍ਰੀ ਰਾਜਿੰਦਰ ਮੋਹਨ ਸਿੰਘ ਛੀਨਾ ਜੋ ਕਿ ਖਾਲਸਾ ਕਾਲਜ ਚੈਰੀਟੇਬਲ ਸੋਸਾਇਟੀ ਦੇ ਸੈਕਰੇਟਰੀ ਹਨ ਵੱਲੋਂ ਦਿੱਤਾ ਗਿਆ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਅਤੇ ਡਾ. ਮੇਹਲ ਸਿੰਘ ਵੀ ਇਸ ਮੌਕੇ ਤੇ ਮੌਜੂਦ ਸਨ। ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਹਰਨੂਰ ਕੌਰ ਨੇ ਦੱਸਿਆ ਕਿ ਅੱਜ ਉਸਨੇ ਆਪਣੇ ਸਵਰਗਵਾਸੀ ਪਿਤਾ ਅਮਨਪਾਲ ਸਿੰਘ ਸੇਖੋਂ ਦਾ ਸੁਪਨਾ ਪੂਰਾ ਕੀਤਾ ਹੈ। ਹਰਨੂਰ ਦੇ ਮਾਤਾ ਸ਼੍ਰੀਮਤੀ ਹਰਪ੍ਰੀਤ ਕੌਰ ਜੋ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀ ਸੈ ਸਕੂਲ, ਚੂੰਘ ਵਿਚ ਕੋ ਆਰਡੀਨੇਟਰ ਵਜੋਂ ਸੇਵਾਵਾਂ ਨਿਭਾ ਰਹੇ ਨੇ ਇਸ ਮੌਕੇ ਆਪਣੇ ਸਟਾਫ ਦਾ ਮੂੰਹ ਮਿੱਠਾ ਕਰਵਾਇਆ ਅਤੇ ਖੁਸ਼ੀ ਮਨਾਈ। ਸਕੂਲ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਹਰਨੂਰ ਕੌਰ ਨੂੰ ਇਹ ਸਨਮਾਨ ਹਾਸਿਲ ਕਰਨ ਤੇ ਉਸਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਵਧਾਈ ਦਿੱਤੀ। ਇਸ ਮੌਕੇ ਭਰਾ ਉਦੈਪਾਲ ਸਿੰਘ, ਮਾਸਟਰ ਮੁਖਤਾਰ ਸਿੰਘ ਗਿੱਲ, ਰਵਨੀਤ ਕੌਰ(ਕੋ ਆਰਡੀਨੇਟਰ ਦਸਮੇਸ਼ ਵਿਦਿਅਕ ਸੰਸਥਾਵਾ), ਜਸ਼ਨਦੀਪ ਸਿੰਘ ਸੇਖੋਂ (ਜੇ ਐੱਸ ਟਰੇਡਰਜ਼), ਰਣਧੀਰ ਸਿੰਘ ਧੀਰ ਅਤੇ ਹੋਰ ਪਰਿਵਾਰ ਦੇ ਮੈਂਬਰ ਮੌਜੂਦ ਸਨ।

## ਰਾਹੁਲ ਗਾਂਧੀ ਦੀ ਬਰਨਾਲਾ ਰੈਲੀ ਆਪ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗੀ : ਮੌੜ



ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ ) ਸਥਾਨਕ ਸਹਿਰ ਬਰਨਾਲਾ ਵਿਖੇ 28 ਫਰਵਰੀ ਨੂੰ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਣ ਜਾ ਰਹੀ ਮਨਰੇਗਾ ਬਚਾਓ ਮਹਾ ਰੈਲੀ ਨੂੰ ਲੈ ਕੇ ਪੰਜਾਬ ਦੀ ਰਾਜਨੀਤੀ ਵਿੱਚ ਚਰਚਾਵਾਂ ਦਾ ਦੌਰ ਤੇਜ਼ ਹੋ ਗਿਆ ਹੈ। ਇਸ ਰੈਲੀ ਵਿੱਚ ਹੋਣ ਵਾਲਾ ਇਕੱਠ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਕਾਂਗਰਸ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਗੁਰਮੇਲ ਸਿੰਘ ਮੌੜ ਨੇ ਕੀਤਾ। ਇਨ੍ਹਾਂ ਕਿਹਾ ਕਿ ਇਹ ਰੈਲੀ ਸਿਰਫ਼ ਇੱਕ ਰਾਜਨੀਤਿਕ ਇਕੱਠ ਨਹੀਂ, ਸਗੋਂ ਲੋਕ ਹਿੱਤਾਂ ਨਾਲ ਜੁੜੀ ਇੱਕ ਵੱਡੀ ਆਵਾਜ਼ ਹੈ ਜੋ ਸੂਬੇ ਦੀ ਦਿਸ਼ਾ ਤੇ ਦਸ਼ਾ ਦੋਵਾਂ ਨੂੰ ਪ੍ਰਭਾਵਿਤ ਕਰੇਗੀ। ਉਨ੍ਹਾਂ ਕਿਹਾ ਕਿ ਮਨਰੇਗਾ ਜਿਹੀਆਂ ਲੋਕ ਹਿਤੈਸ਼ੀ ਯੋਜਨਾਵਾਂ ਨੂੰ ਬਚਾਉਣ ਲਈ ਇਹ ਰੈਲੀ ਇੱਕ ਇਤਿਹਾਸਕ ਕਦਮ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਰੋਜਗਾਰ ਅਤੇ ਆਰਥਿਕ ਸੁਰੱਖਿਆ ਦੇ ਮੁੱਦੇ ਲੋਕਾਂ ਦੀਆਂ ਮੁੱਖ ਚਿੰਤਾਵਾਂ ਹਨ. ਜਿਨ੍ਹਾਂ ਨੂੰ ਲੈ ਕੇ ਕਾਂਗਰਸ ਸਪਸ਼ਟ ਅਤੇ ਮਜ਼ਬੂਤ ਸਟੈਂਡ ਲੈ ਰਹੀ ਹੈ। ਪੰਜਾਬ ਦੀ ਰਾਜਨੀਤੀ ਵਿੱਚ ਇਹ ਰੈਲੀ ਇੱਕ ਨਵੇਂ ਅਧਿਆਇ ਦੀ ਸ਼ੁਰੂਆਤ ਕਰ ਰੈਲੀ 'ਚ ਹਲਕਾ ਮਹਿਲ ਕਲਾਂ ਤੋਂ ਹਜ਼ਾਰਾਂ ਵਰਕਰ ਕਾਫਲਿਆਂ ਦੇ ਰੂਪ ਵਿੱਚ ਭਾਗ ਲੈਣਗੇ।

। ਉਨ੍ਹਾਂ ਕਿਹਾ ਕਿ ਲੋਕਾਂ ਦੀ ਵੱਡੀ ਭਾਗੀਦਾਰੀ ਸਾਬਤ ਕਰੇਗੀ ਕਿ ਜਨਤਾ ਬਦਲਾਅ ਚਾਹੁੰਦੀ ਹੈ ਅਤੇ ਆਪਣੇ ਅਧਿਕਾਰਾਂ ਲਈ ਖੜ੍ਹੀ ਹੋਣ ਲਈ ਤਿਆਰ ਹੈ। ਮੌਜੂਦਾ ਸਰਕਾਰ ਨੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਨਹੀਂ ਉਤਰਿਆ, ਜਿਸ ਕਾਰਨ ਗ੍ਰਾਮੀਣ ਅਤੇ ਮਜ਼ਦੂਰ ਵਰਗ ਵਿੱਚ ਨਾਰਾਜ਼ਗੀ ਵਧੀ ਹੈ।

## ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਸਬ ਡਵੀਜ਼ਨ ਸੰਗਰੂਰ ਵਿਖੇ ਹ.ਫ਼ਤੇ 'ਚ ਦੋ ਮੁਕੱਦਮੇ ਦਰਜ, ਦੋ ਮੁਲਜ਼ਮ ਗ੍ਰਿ.ਫ਼ਤਾਰ

### ਜ਼ਿਲ੍ਹਾ ਪੁਲਿਸ ਦੀ ਸਬ ਡਵੀਜ਼ਨ ਸੰਗਰੂਰ ਦੀ 17 ਫਰਵਰੀ ਤੋਂ 23 ਫਰਵਰੀ ਤਕ ਦੀ ਕਾਰਗੁਜ਼ਾਰੀ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਐਸ.ਐਸ.ਪੀ. ਸੰਗਰੂਰ, ਸਰਤਾਜ ਸਿੰਘ ਚਾਹਲ (ਆਈ.ਪੀ.ਐਸ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਬ ਡਵੀਜ਼ਨ ਸੰਗਰੂਰ ਪੁਲਿਸ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 17 ਫਰਵਰੀ 2026 ਤੋਂ 23 ਫਰਵਰੀ ਤਕ ਡਰੱਗ ਦੇ ਦੋ ਮੁਕੱਦਮੇ ਦਰਜ ਕਰਕੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 07 ਗ੍ਰਾਮ ਹੈਰੋਇਨ/ਚਿੱਟਾ ਅਤੇ 200 ਨਸ਼ੀਲੇ ਟੀਕੇ ਬਰਾਮਦ ਕਰਵਾਏ ਗਏ। ਸ਼ਰਾਬ ਦਾ ਧੰਦਾ ਕਰਨ ਵਾਲਿਆਂ ਦੇ ਖ਼ਿਲਾਫ਼ ਆਬਕਾਰੀ ਐਕਟ ਤਹਿਤ ਇਕ ਮੁਕੱਦਮਾ ਦਰਜ ਕਰਕੇ ਇਕ ਮੁਲਜ਼ਮ ਕਾਬੂ ਕਰਕੇ 16 ਬੋਤਲਾਂ ਸ਼ਰਾਬ ਠੇਕਾ ਦੇਸੀ ਹਰਿਆਣਾ ਬਰਾਮਦ ਕਰਵਾਈ ਗਈ। ਆਰਮਜ਼ ਐਕਟ ਤਹਿਤ ਇਕ ਮੁਕੱਦਮਾ ਦਰਜ ਕਰਕੇ ਦੋ ਮੁਲਜ਼ਮ ਕਾਬੂ ਕਰਨ ਦੇ ਨਾਲ ਨਾਲ 315 ਬੋਰ ਦੇਸੀ ਪਿਸਤੌਲ ਸਮੇਤ ਤਿੰਨ ਕਾਰਤੂਸ ਬਰਾਮਦ ਕੀਤੇ ਗਏ ਹਨ। ਨਸ਼ੇ ਦੀ ਦਲਦਲ ਵਿੱਚ ਫਸੇ 23 ਵਿਅਕਤੀਆਂ ਨੂੰ ਦਵਾਈ ਦਵਾਈ ਗਈ। ਇਸੀ ਦੌਰਾਨ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 155 ਟਰੈਫ਼ਿਕ ਚਲਾਨ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 262 ਵਿਅਕਤੀਆਂ ਵਿਰੁੱਧ 172 ਬੀਐਲਐਸਐਸ ਤਹਿਤ ਕਾਰਵਾਈ ਕੀਤੀ ਗਈ ਅਤੇ 08 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਇਸ ਤੋਂ ਇਲਾਵਾ ਆਮ ਪਬਲਿਕ ਦੇ ਵੱਖ ਵੱਖ ਸਥਾਨਾਂ ਪਰ ਗੁੰਮ ਹੋਏ ਵੱਖ ਵੱਖ 20 ਮੋਬਾਈਲ ਟੈਕਨੀਕਲ ਤਰੀਕੇ ਨਾਲ ਲੱਭ ਕੇ ਉਕਤ ਮੋਬਾਈਲਾਂ ਦੇ ਅਸਲ ਮਾਲਕਾ ਦੇ ਸਪੁਰਦ ਕੀਤੇ ਗਏ ਹਨ। ਪਬਲਿਕ ਵੱਲੋਂ ਪੁਲਿਸ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਜਾ ਰਹੀ ਹੈ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖ਼ਿਲਾਫ਼ ਜੰਗ ਜਾਰੀ ਹੈ।

### ਗੁਰਦੁਆਰਾ ਗੁਰੂ ਕੀ ਬੇਰ ਵਿਖੇ

# ਹੋਲੇ ਮਹੱਲੇ ਦੇ 57ਵੇਂ ਸਾਲਾਨਾ ਧਾਰਮਿਕ ਦੀਵਾਨ ਸੰਪਨ













## ਆਖਰੀ ਦਿਨ ਦੇ ਦੀਵਾਨਾਂ ਵਿਚ ਭਾਈ ਸੁੱਲਖਣ ਸਿੰਘ ਰਿਆੜ ਦੇ ਜੱਥੇ ਸਮੇਤ ਕਈ ਹੋਰਨਾਂ ਜਥਿਆਂ ਨੇ ਭਾਰੀ ਗਿਣਤੀ ਵਿਚ ਜੁੜ ਬੈਠੀਆਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਨਾਲ ਜੋੜਨਾਂ ਕੀਤਾ

**ਚੌਕ ਮਹਿਤਾ, 24ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਹਾਸਿਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ) ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਅਗਵਾਈ ਵਿੱਚ 18 ਫਰਵਰੀ ਤੋਂ ਸ਼ੁਰੂ ਹੋਏ ਹੋਲੇ ਮਹੱਲੇ ਨੂੰ ਸਮਰਪਿਤ 57ਵੇਂ ਸਾਲਾਨਾ ਧਾਰਮਿਕ ਦੀਵਾਨਾਂ ਦੀ ਅੱਜ ਸਮਾਪਤੀ ਹੋਈ ਹੈ।

ਜਿਕਰਯੋਗ ਹੈ ਕਿ ਲਗਾਤਾਰ ਇਕ ਹਫਤਾ ਸੱਜੇ ਇਨਾਂ ਦੀਵਾਨਾਂ ਵਿਚ ਵੱਖ ਵੱਖ ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰ ਜਥਿਆਂ ਨੇ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਵਾਇਆ। ਅੱਜ ਆਖਰੀ ਦਿਨ ਦੇ ਦੀਵਾਨਾਂ ਵਿਚ ਭਾਈ ਸੁੱਲਖਣ ਸਿੰਘ ਰਿਆੜ ਦੇ ਜੱਥੇ ਸਮੇਤ ਕਈ ਹੋਰਨਾਂ ਜਥਿਆਂ ਨੇ ਭਾਰੀ ਗਿਣਤੀ ਵਿਚ ਜੁੜ ਬੈਠੀਆਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਨਾਲ ਜੋੜਨਾਂ ਕੀਤਾ।

ਦੱਸਣਯੋਗ ਹੈ ਕਿ ਇਹ ਅਸਥਾਨ ਇਤਹਾਸਿਕ ਮਹੱਤਤਾ ਰੱਖਦਾ ਹੋਣ ਕਾਰਨ ਅਤੇ ਸੰਤ ਬਾਬਾ ਸੱਜਣ ਸਿੰਘ ਜੀ ਦਾ ਇਲਾਕੇ ਵਿਚ ਚੰਗਾ ਸਤਿਕਾਰ ਹੋਣ ਕਰਕੇ ਇਲਾਕੇ ਦੇ ਪਿੰਡਾਂ ਤੋਂ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਇਨ੍ਹਾਂ ਦੀਵਾਨਾਂ ਵਿਚ ਹਾਜਰੀ ਭਰੀ ਅਤੇ ਲੰਗਰਾਂ ਸਮੇਤ ਹੋਰ ਕਈ ਪ੍ਰਕਾਰ ਦੀ ਸੇਵਾ ਵਿਚ ਹਿੱਸਾ ਲੈਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਅੱਜ ਦੇ ਸਮਾਗਮ ਵਿੱਚ ਦਮਦਮੀ ਟਕਸਾਲ ਮਹਿਤਾ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੀ ਤਰਫੋਂ ਜਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਜੱਥੇਦਾਰ ਬਾਬਾ ਬੋਹੜ ਸਿੰਘ, ਸੰਤ ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਸੰਤ ਬਾਬਾ ਗੁਰਪਿੰਦਰ ਸਿੰਘ ਸਤਲਾਣੀ ਸਾਹਿਬ, ਸੰਤ ਬਾਬਾ ਗੁਰਦੇਵ ਸਿੰਘ ਜੀ ਭਗਤਾਂ ਦਾ ਡੇਰਾ ਤਰਸਿੱਕਾ, ਸੰਤ ਬਾਬਾ ਕੰਵਲਜੀਤ ਸਿੰਘ ਨਾਗੀਆਂਣਾ ਸਾਹਿਬ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ , ਸੰਤ ਬਾਬਾ ਗੁਰਦੀਪ ਸਿੰਘ ਖੁਜਲਾ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ,

ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਜੰਡਿਆਲਾ ਗੁਰੂ, ਗਿਆਨੀ ਭੁਪਿੰਦਰ ਸਿੰਘ ਗਦਲੀ ਵਾਲੇ, ਸੰਤ ਬਾਬਾ ਬੀਰ ਸਿੰਘ ਭੰਗਾਲੀ ਸਾਹਿਬ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਸਿਆਸੀ ਸਲਾਹਕਾਰ ਤੇ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਭਾਈ ਰਣਜੀਤ ਸਿੰਘ ਬਾਬੋਵਾਲ, ਹੈਂਡ ਗ੍ਰੰਥੀ ਭਾਈ ਸੁਲੱਖਣ ਸਿੰਘ, ਬਾਬਾ ਰਾਜਾ ਬੁਲਾਰੀਆ, ਜਗਰੂਪ ਸਿੰਘ ਬੋਪਾਰਾਏ ਤੇ ਬਾਬਾ ਬਲਰਾਜ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

## ਡਿਪਟੀ ਕਮਿਸ਼ਨਰ ਨੇ ਰੰਗਲਾ ਪੰਜਾਬ ਉਤਸਵ ਦੀਆਂ ਤਿਆਰੀਆਂ ਦੀ ਕੀਤੀ ਸਮੀਖਿਆ

## ਰੰਗਲਾ ਪੰਜਾਬ ਉਤਸਵ ਚ ਆਮ ਜਨਤਾ ਦਾ ਦਾਖਲ ਹੋਵੇਗਾ ਬਿਲਕੁਲ ਮੁਫ਼ਤ

### ਜ਼ਿਲ੍ਹਾ ਵਾਸੀਆਂ ਤੇ ਪੰਜਾਬ ਵਾਸੀਆਂ ਨੂੰ ਰੰਗਲਾ ਪੰਜਾਬ ਉਤਸਵ ਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ ਡਿਪਟੀ ਕਮਿਸ਼ਨਰ




ਜੰਡਿਆਲਾ ਗੁਰੂ , 24 ਫਰਵਰੀ ( ਕੁਲਵੰਤ ਸਿੰਘ ਵਿਰਦੀ ) – ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਵਿਭਾਗ ਵੱਲੋਂ ਪੰਜਾਬ ਦੇ ਸੱਭਿਆਚਾਰਕ ਵਿਰਸੇ, ਰਹਿਣ-ਸਹਿਣ ਅਤੇ ਖਾਣ-ਪੀਣ ਨੂੰ ਵਿਸ਼ਵ ਪੱਧਰ 'ਤੇ ਪ੍ਰਸਿੱਧ ਕਰਨ ਦੇ ਮੰਤਵ ਨਾਲ ਮਿਤੀ 27 ਫਰਵਰੀ ਤੋਂ 1 ਮਾਰਚ ਤੱਕ ਅੰਮ੍ਰਿਤਸਰ ਦੇ ਰਣਜੀਤ ਐਵੀਨਿਊ ਮੈਦਾਨ ਵਿਖੇ ਤਿੰਨ ਰੋਜ਼ਾ 'ਰੰਗਲਾ ਪੰਜਾਬ' ਉਤਸਵ ਕਰਵਾਇਆ ਜਾ ਰਿਹਾ ਹੈ। ਰੰਗਲਾ ਪੰਜਾਬ ਉਤਸਵ ਦੀਆਂ ਤਿਆਰੀਆਂ ਦੀ ਸਮੀਖਿਆ ਲਈ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰੋਹਿਤ ਗੁਪਤਾ, ਡਿਪਟੀ ਕਮਿਸ਼ਨਰ (ਪੁਲਿਸ) ਸ. ਜੇ.ਐੱਸ. ਵਾਲੀਆ, ਡੀ.ਆਰ.ਓ. ਨਵਕੀਰਤ ਸਿੰਘ ਰੰਧਾਵਾ, ਜ਼ਿਲ੍ਹਾ ਟੂਰਿਜ਼ਮ ਅਫ਼ਸਰ ਸੁਖਮਨ ਸਿੰਘ, ਸਿਹਤ ਵਿਭਾਗ ਤੋਂ ਡਾ. ਰਜਿੰਦਰਪਾਲ ਸਿੰਘ, ਏ.ਐੱਫ.ਐੱਸ.ਓ. ਵਿਕਾਸ ਸ਼ਰਮਾ ਤੋਂ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਅੰਮ੍ਰਿਤਸਰ ਦੇ ਰਣਜੀਤ ਐਵੀਨਿਊ ਦੇ ਮੈਦਾਨ ਵਿੱਚ 27 ਫਰਵਰੀ ਨੂੰ ਰੰਗਲਾ ਪੰਜਾਬ ਉਤਸਵ ਸ਼ੁਰੂ ਹੋਵੇਗਾ ਜੋ 1 ਮਾਰਚ 2026 ਤੱਕ ਚੱਲੇਗਾ। ਉਨ੍ਹਾਂ ਦੱਸਿਆ ਕਿ ਤਿੰਨ ਦਿਨਾਂ ਇਹ ਰੰਗਲਾ ਪੰਜਾਬ ਉਤਸਵ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਸਮਰਪਿਤ ਹੋਵੇਗਾ ਅਤੇ ਇਸ ਵਿੱਚ ਪੰਜਾਬ ਦੇ ਸੱਭਿਆਚਾਰਕ ਵਿਰਸੇ, ਰਹਿਣ-ਸਹਿਣ ਅਤੇ ਖਾਣ-ਪੀਣ ਦੀ ਖ਼ੂਬਸੂਰਤ ਝਲਕ ਦੇਖਣ ਨੂੰ ਮਿਲੇਗੀ। ਉਨ੍ਹਾਂ ਕਿਹਾ ਕਿ ਰੰਗਲਾ ਪੰਜਾਬ ਉਤਸਵ ਦੌਰਾਨ ਖ਼ੂਬਸੂਰਤ ਕਰਾਫ਼ਟ ਬਜ਼ਾਰ ਲਗਾਇਆ ਜਾਵੇਗਾ ਜਿਸ ਦੁਕਾਨਦਾਰਾਂ ਵੱਲੋਂ ਸਟਾਲ ਲਗਾ ਕੇ ਰਿਵਾਇਤੀ ਪੰਜਾਬੀ ਅਤੇ ਹੋਰ ਸਮਾਨ ਵੇਚਿਆ ਜਾਵੇਗਾ। ਇਸ ਤੋਂ ਇਲਾਵਾ ਉਤਸਵ ਦੌਰਾਨ ਲਗਾਈ ਜਾਣ ਵਾਲੀ ਫੂਡ ਕੋਰਟ ਵਿੱਚ ਪੰਜਾਬ ਦੇ ਲਜ਼ੀਜ਼ ਪਕਵਾਨਾਂ ਦਾ ਸਵਾਦ ਵੀ ਚੱਖਿਆ ਜਾ ਸਕੇਗਾ ਅਤੇ ਫੂਡ ਕੋਰਟ ਵਿੱਚ 30 ਸਟਾਲ ਲਗਾਏ ਜਾਣਗੇ। ਇਸ ਤੋਂ ਇਲਾਵਾ ਰੰਗਲਾ ਪੰਜਾਬ ਉਤਸਵ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਵੱਲੋਂ ਵੀ ਆਪਣੇ ਸਟਾਲ ਲਗਾ ਕੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਰੰਗਲਾ ਪੰਜਾਬ ਉਤਸਵ ਦੇ ਤਿੰਨੇ ਦਿਨ ਸ਼ਾਮ ਨੂੰ ਪੰਜਾਬ ਦੇ ਨਾਮੀਂ ਗਾਇਕ ਕਲਾਕਾਰਾਂ ਵੱਲੋਂ ਗਾਇਕੀ ਦੇ ਅਖ਼ਾੜੇ ਲਗਾ ਕੇ ਦਰਸ਼ਕਾਂ ਦਾ ਮੰਨੋਰੰਜਨ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪੰਜਾਬੀ ਸੱਭਿਆਚਾਰ ਦੀਆਂ ਹੋਰ ਵੰਨਗੀਆਂ ਗਿੱਧਾ-ਭੰਗੜਾ ਦੀ ਪੇਸ਼ਕਾਰੀ ਵੀ ਦੇਖਣ ਨੂੰ ਮਿਲੇਗੀ। ਉਨ੍ਹਾਂ ਦੱਸਿਆ ਕਿ 27 ਫਰਵਰੀ ਨੂੰ ਰੰਗਲਾ ਪੰਜਾਬ ਉਤਸਵ ਦੇ ਪਹਿਲੇ ਦਿਨ ਦੀ ਸ਼ਾਮ ਨੂੰ ਵਿਸ਼ਵ ਪ੍ਰਸਿੱਧ ਲੋਕ ਗਾਇਕ ਵਿਰਾਸਤ ਸੰਧੂ, ਜਸਪਿੰਦਰ ਨਰੂਲਾ ਅਤੇ ਜੈਜ਼ੀ ਬੀ ਵੱਲੋਂ ਅਖਾੜਾ ਲਗਾ ਕੇ ਦਰਸ਼ਕਾਂ ਦਾ ਮੰਨੋਰੰਜਨ ਕੀਤਾ ਜਾਵੇਗਾ। ਉਤਸਵ ਦੇ ਦੂਸਰੇ ਦਿਨ ਦੀ ਸ਼ਾਮ ਨੂੰ ਗਾਇਕਾ ਮੀਤ ਕੌਰ, ਕੌਰ ਬੀ ਅਤੇ ਗਾਇਕ ਕੁਲਵਿੰਦਰ ਬਿੱਲਾ ਵੱਲੋਂ ਪੇਸ਼ਕਾਰੀ ਕੀਤੀ ਜਾਵੇਗੀ। ਰੰਗਲਾ ਪੰਜਾਬ ਉਤਸਵ ਦੇ ਤੀਸਰੇ ਤੇ ਆਖਰੀ ਦਿਨ ਦੀ ਸ਼ਾਮ ਨੂੰ ਗਾਇਕ ਹਰਜੀਤ ਹਰਮਨ, ਬਾਣੀ ਸੰਧੂ ਅਤੇ ਮਨਮੋਹਨ ਵਾਰਿਸ ਵੱਲੋਂ ਆਪਣੀ ਗਾਇਕੀ ਰਾਹੀਂ ਰੰਗ ਬੰਨਿਆ ਜਾਵੇਗਾ। ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਰੰਗਲਾ ਪੰਜਾਬ ਉਤਸਵ ਦੌਰਾਨ ਆਮ ਲੋਕਾਂ ਦੀ ਐਂਟਰੀ ਬਿਲਕੁੱਲ ਮੁਫ਼ਤ ਹੋਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਦੇ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅੰਮ੍ਰਿਤਸਰ ਦੇ ਰਣਜੀਤ ਐਵੀਨਿਊ ਮੈਦਾਨ ਵਿੱਚ 27, 28 ਫਰਵਰੀ ਅਤੇ 1 ਮਾਰਚ ਨੂੰ ਲੱਗ ਰਹੇ ਰੰਗਲਾ ਪੰਜਾਬ ਉਤਸਵ ਵਿੱਚ ਪਹੁੰਚ ਕੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਖ਼ੂਬਸੂਰਤ ਝਲਕ ਨੂੰ ਦੇਖਣ ਅਤੇ ਇਸ ਦਾ ਅਨੰਦ ਮਾਨਣ।

## ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਬੁਰਜ ਕਲਾਰਾ ਵਿਖੇ ਬੀਰ ਸਿੰਘ ਕੈਨੇਡੀਅਨ ਦੇ ਪਰਿਵਾਰ ਵੱਲੋਂ ਸਟੇਸ਼ਨਰੀ ਵੰਡੀ

### ਵੀਡੀਓ ਕਾਲ ਰਾਹੀਂ ਬੀਰ ਸਿੰਘ ਕੈਨੇਡੀਅਨ ਨੇ ਬੱਚਿਆਂ ਤੋਂ ਪੁੱਛੇ ਸਵਾਲ ਪੁੱਛੇ ਤੇ ਜੇਤੂਆਂ ਨੂੰ ਪਰਿਵਾਰ ਵੱਲੋਂ ਦਿੱਤੇ ਗਏ ਇਨਾਮ



ਹਠੂਰ/ ਜਗਰਾਉਂ -(ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਆਖਰੀ ਪਿੰਡ ਬੁਰਜ ਕਲਾਰਾ ਵਿਖੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿਖੇ ਹਰ ਸਾਲ ਦੀ ਤਰ੍ਹਾਂ ਸਰਦਾਰ ਬੀਰ ਸਿੰਘ ਕੈਨੇਡੀਅਨ ਦੇ ਪਰਿਵਾਰ ਵੱਲੋਂ ਬੱਚਿਆਂ ਨੂੰ ਸਟੇਸ਼ਨਰੀ ਵੰਡੀ, ਵੀਡੀਓ ਕਾਲ ਰਾਹੀਂ ਬੱਚਿਆਂ ਨੂੰ ਬੀਰ ਸਿੰਘ ਕੈਨੇਡੀਅਨ ਨੇ ਕਈ ਕਿਸਮ ਦੇ ਸਵਾਲ ਪੁੱਛੇ ਤੇ ਸਹੀ ਜਵਾਬ ਦੇਣ ਵਾਲੇ ਬੱਚਿਆਂ ਨੂੰ ਸ੍ਰ: ਬੀਰ ਸਿੰਘ ਕੈਨੇਡੀਅਨ ਦੇ ਪਰਿਵਾਰ ਵੱਲੋਂ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ, ਹੈੱਡ ਟੀਚਰ ਗੁਰਸੇਵ ਸਿੰਘ ਅਤੇ ਸਕੂਲ ਸਟਾਫ ਨੇ ਬੀਰ ਸਿੰਘ ਕੈਨੇਡੀਅਨ ਅਤੇ ਉਨ੍ਹਾਂ ਦੇ ਸਮੂਹ ਪਰਿਵਾਰ ਦਾ ਬੱਚਿਆਂ ਨੂੰ ਸਟੇਸ਼ਨਰੀ ਵੰਡਣ ਅਤੇ ਸਵਾਲ ਜਵਾਬ ਵਿੱਚ ਜੇਤੂ ਬੱਚਿਆਂ ਨੂੰ ਨਗਦ ਇਨਾਮ ਦੇਣ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਬੱਚਿਆਂ ਲਈ ਲੱਡੂਆਂ ਦਾ ਲੰਗਰ ਵੀ ਲਗਾਇਆ ਗਿਆ, ਗੱਲਬਾਤ ਕਰਦਿਆਂ ਹੈੱਡ ਟੀਚਰ ਸ੍ਰ: ਗੁਰਸੇਵ ਸਿੰਘ ਨੇ ਕਿਹਾ ਕਿ ਸ੍ਰ: ਬੀਰ ਸਿੰਘ ਕੈਨੇਡੀਅਨ ਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਹਰ ਸਾਲ ਅਜਿਹੀਆਂ ਸੇਵਾਵਾਂ ਪਹਿਲ ਦੇ ਆਧਾਰ ਤੇ ਕੀਤੀਆਂ ਜਾਂਦੀਆਂ ਹਨ। ਤੇ ਉਨ੍ਹਾਂ ਵੱਲੋਂ ਅਜਿਹੇ ਸ਼ਲਾਘਾਯੋਗ ਉਪਰਾਲੇ ਕਰਨ ਲਈ ਪਰਿਵਾਰ ਵਧਾਈ ਦਾ ਪਾਤਰ ਹੈ। ਇਸ ਮੌਕੇ ਜਗਤਾਰ ਸਿੰਘ ਕਾਲਾ, ਗੁਰਮੀਤ ਸਿੰਘ, ਹੈੱਡ ਗ੍ਰੰਥੀ ਬਾਬਾ ਗੁਰਨਾਇਬ ਸਿੰਘ ਰਾਮਾ, ਰਜਿੰਦਰ ਪਾਲ ਟੇਕ ਬੁੱਕ ਡੀਪੂ ਹਠੂਰ ਵਾਲੇ, ਸਕੂਲ ਸਟਾਫ਼ ਵਿੱਚ ਹੈੱਡ ਟੀਚਰ ਗੁਰਸੇਵ ਸਿੰਘ, ਮੈਡਮ ਨੇਹਾ ਰਾਣੀ, ਪ੍ਰਿੰਯਕਾ ਸ਼ਰਮਾ, ਜਸਵੀਰ ਕੌਰ, ਦਲਵਿੰਦਰ ਕੌਰ ਸਮੇਤ ਸਕੂਲ ਦੇ ਬੱਚੇ ਹਾਜ਼ਰ ਸਨ।

### ਅਕਾਲ ਯੂਨੀਵਰਸਿਟੀ ਵਿੱਚ ਆਈਪੀਐੱਸ ਅਧਿਕਾਰੀ ਵੱਲੋਂ

# ਸਿਵਲ ਸੇਵਾਵਾਂ ਬਾਰੇ ਵਿਸ਼ੇਸ਼ ਲੈਕਚਰ ਦਾ ਆਯੋਜਨ





ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਮੁਕਾਬਲਾ ਪ੍ਰੀਖਿਆ ਕੇਂਦਰ ਵੱਲੋਂ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਹ ਸੈਸ਼ਨ ਆਈਪੀਐੱਸ ਮਿਸਟਰ ਰਵੀ ਕੁਮਾਰ ਦੁਆਰਾ ਸਿਵਲ ਸੇਵਾਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਨੂੰ ਅਗਵਾਈ ਪ੍ਰਦਾਨ ਕਰਨ ਲਈ ਕਰਵਾਇਆ ਗਿਆ, ਜਿਸ ਵਿੱਚ ਕੁੱਲ 109 ਵਿਦਿਆਰਥੀਆਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦੀ ਕੋਆਰਡੀਨੇਟਰ ਮੈਡਮ ਸਤਵੀਰ ਕੌਰ ਸਨ। ਸੈਸ਼ਨ ਦੀ ਸ਼ੁਰੂਆਤ ਮਹਿਮਾਨ ਅਧਿਕਾਰੀ ਦੇ ਸਵਾਗਤ ਨਾਲ ਹੋਈ। ਇਸ ਤੋਂ ਬਾਅਦ ਅਧਿਕਾਰੀ ਨੇ ਯੂਪੀਐੱਸਸੀ ਪ੍ਰੀਖਿਆ ਦੀ ਤਿਆਰੀ ਸੰਬੰਧੀ ਵੱਖ-ਵੱਖ ਪਹਿਲੂਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ। ਉਨ੍ਹਾਂ ਨੇ ਪ੍ਰੀਲਿਮਨਰੀ ਪ੍ਰੀਖਿਆ ਲਈ ਸੰਕਲਪਕ ਸਪਸ਼ਟਤਾ, ਕਰੰਟ ਅਫੇਅਰਜ਼, ਨਿਰੰਤਰ ਦੁਹਰਾਈ ਅਤੇ ਮੌਕ ਟੈਸਟਾਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਮੁੱਖ ਪ੍ਰੀਖਿਆ ਸੰਬੰਧੀ ਗੱਲ ਕਰਦੇ ਹੋਏ ਅਧਿਕਾਰੀ ਨੇ ਜਵਾਬ ਲਿਖਣ ਦੇ ਅਭਿਆਸ, ਸੰਗਠਿਤ ਪੇਸ਼ਕਾਰੀ, ਵਿਸ਼ਲੇਸ਼ਣਾਤਮਕ ਸੋਚ ਅਤੇ ਸਮੇਂ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਨੂੰ ਸਫਲਤਾ ਦੇ ਅਹਿਮ ਤੱਤ ਦੱਸਿਆ। ਉਨ੍ਹਾਂ ਨੇ ਵਿਕਲਪੀ ਵਿਸ਼ੇ ਦੀ ਚੋਣ ਅਤੇ ਤਿਆਰੀ ਵਿੱਚ ਲਗਾਤਾਰਤਾ ਬਣਾਈ ਰੱਖਣ ਬਾਰੇ ਵੀ ਵਿਦਿਆਰਥੀਆਂ ਨੂੰ ਕੁਝ ਮਹੱਤਵਪੂਰਨ ਸੁਝਾਅ ਦਿੱਤੇ। ਇੰਟਰੈਕਟਿਵ ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਤਿਆਰੀ ਦੀ ਰਣਨੀਤੀ, ਅਸਫਲਤਾਵਾਂ ਨਾਲ ਨਿਭਣ ਅਤੇ ਮੋਟੀਵੇਸ਼ਨ ਬਣਾਈ ਰੱਖਣ ਬਾਰੇ ਕਈ ਸਵਾਲ ਪੁੱਛੇ। ਮਾਹਿਰ ਅਫਸਰ ਨੇ ਹਰ ਪ੍ਰਸ਼ਨ ਦਾ ਧੀਰਜ ਅਤੇ ਤਜਰਬੇ ਨਾਲ ਉੱਤਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਅਨੁਸ਼ਾਸਨ, ਕੇਂਦ੍ਰਿਤ ਮਿਹਨਤ ਅਤੇ ਆਤਮਵਿਸ਼ਵਾਸ ਨਾਲ ਤਿਆਰੀ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ। ਇਹ ਸੈਸ਼ਨ ਸਿਵਲ ਸੇਵਾਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਲਈ ਬਹੁਤ ਹੀ ਲਾਭਕਾਰੀ ਅਤੇ ਪ੍ਰੇਰਣਾਦਾਇਕ ਸਾਬਤ ਹੋਇਆ। ਵਿਦਿਆਰਥੀਆਂ ਨੇ ਤਿਆਰੀ ਦੇ ਦੋਵੇਂ ਪੜਾਵਾਂ ਬਾਰੇ ਸਪਸ਼ਟਤਾ ਪ੍ਰਾਪਤ ਕੀਤੀ ਅਤੇ ਸੇਵਾ ਕਰ ਰਹੇ ਆਈਪੀਐੱਸ ਅਧਿਕਾਰੀ ਨਾਲ ਸਿੱਧੀ ਗੱਲਬਾਤ ਤੋਂ ਨਵਾਂ ਉਤਸ਼ਾਹ ਪ੍ਰਾਪਤ ਕੀਤਾ।

### ਲੋਕ ਸਭਾ ਮੈਂਬਰ ਮੀਤ ਹੇਅਰ ਅਤੇ ਮੁੱਖ ਮੰਤਰੀ ਦੇ ਵਿਸ਼ੇਸ਼ ਕਾਰਜ ਅ.ਫਸਰ ਰਾਜਬੀਰ ਘੁਮਾਣ ਅਤੇ

# ਮੁੱਖ ਮੰਤਰੀ ਦੇ ਨਿੱਜੀ ਸਕੱਤਰ ਸੁਖਵੀਰ ਸਿੰਘ ਸੁੱਖੀ ਨੇ ਦੰਗਲ ਵਿੱਚ ਭਰੀ ਹਾਜ਼ਰੀ





**ਭਵਾਨੀਗੜ੍ਹ/ਘਰਾਚੋਂ (ਰਣਜੀਤ ਸਿੰਘ ਪੇਧਨੀ** )-ਬਾਬਾ ਫ਼ਕੀਰਾ ਦਾਸ ਜੀ ਦੇ ਸਲਾਨਾ ਜੋੜ ਮੇਲੇ ਮੌਕੇ ਪਿੰਡ ਘਰਾਚੋਂ ਵਿਖੇ ਸਰਪੰਚ ਦਲਜੀਤ ਸਿੰਘ ਘੁਮਾਣ ਅਤੇ ਸਮੁੱਚੀ ਗ੍ਰਾਮ ਪੰਚਾਇਤ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਅੰਤਰਰਾਸ਼ਟਰੀ ਪੱਧਰ ਦਾ ਮਹਾਂ ਕੁਸ਼ਤੀ ਦੰਗਲ ਕਰਵਾਇਆ ਗਿਆ। ਇਸ ਖੇਡ ਮੇਲੇ ਵਿੱਚ ਸਿਆਸੀ ਜਗਤ ਦੀਆਂ ਨਾਮੀ ਹਸਤੀਆਂ ਨੇ ਸ਼ਿਰਕਤ ਕਰਕੇ ਖਿਡਾਰੀਆਂ ਦਾ ਹੌਸਲਾ ਵਧਾਇਆ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਮੁੱਖ ਮੰਤਰੀ ਪੰਜਾਬ ਦੇ ਵਿਸ਼ੇਸ਼ ਕਾਰਜ ਅ.ਫਸਰ ਰਾਜਬੀਰ ਸਿੰਘ ਘੁਮਾਣ ਅਤੇ ਮੁੱਖ ਮੰਤਰੀ ਦੇ ਨਿੱਜੀ ਸਕੱਤਰ ਸੁਖਵੀਰ ਸਿੰਘ ਸੁੱਖੀ ਨੇ ਜੇਤੂ ਪਹਿਲਵਾਨਾਂ ਨੂੰ ਆਸ਼ੀਰਵਾਦ ਦਿੱਤਾ। ਸਮਾਗਮ ਦੌਰਾਨ ਜ਼ਿਲ੍ਹਾ ਮੈਜਿਸਟ੍ਰੇਟ ਸੰਗਰੂਰ ਰਾਹੁਲ ਚਾਂਬਾ, ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਵੱਖ-ਵੱਖ ਅਦਾਰਿਆਂ ਦੇ ਪ੍ਰਧਾਨ ਵੀ ਹਾਜ਼ਰ ਰਹੇ। ਇਸ ਦੰਗਲ ਦੀ ਖਾਸੀਅਤ ਇਹ ਰਹੀ ਕਿ ਪਹਿਲੀ ਝੰਡੀ ਦੀ ਕੁਸ਼ਤੀ ਜਿੱਤਣ ਵਾਲੇ ਪਹਿਲਵਾਨ ਨੂੰ ਫੋਰਡ ਟਰੈਕਟਰ ਨਾਲ ਸਨਮਾਨਿਤ ਕੀਤਾ ਗਿਆ। ਇਸ ਮੁਕਾਬਲੇ ਵਿੱਚ ਨਾ ਸਿਰਫ਼ ਭਾਰਤ ਬਲਕਿ ਇਰਾਨ ਦੇ ਨਾਮੀ ਪਹਿਲਵਾਨਾਂ ਨੇ ਵੀ ਆਪਣੀ ਤਾਕਤ ਦਾ ਪ੍ਰਦਰਸ਼ਨ ਕੀਤਾ। ਖੇਡਾਂ ਦੇ ਨਾਲ-ਨਾਲ ਸੱਭਿਆਚਾਰਕ ਰੰਗ ਬਿਖੇਰਦਿਆਂ ਮਸ਼ਹੂਰ ਪੰਜਾਬੀ ਗਾਇਕ ਹਰਜੀਤ ਹਰਮਨ ਨੇ ਆਪਣੇ ਅਖਾੜੇ ਰਾਹੀਂ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ।

ਇਹ ਕੁਸ਼ਤੀ ਦੰਗਲ 23 ਫਰਵਰੀ ਨੂੰ ਅੱਚੋਵਾਲ ਦੀ ਧਰਤੀ 'ਤੇ ਵੀ ਕਰਵਾਇਆ ਗਿਆ, ਜਿਸ ਵਿੱਚ ਬਹੁਤ ਉੱਚ ਕੋਟੀ ਦੇ ਪਹਿਲਵਾਨਾਂ ਨੇ ਹਿੱਸਾ ਲੈ ਕੇ ਦਰਸ਼ਕਾਂ ਦੀ ਵਾਹ-ਵਾਹ ਖੱਟੀ। ਦੋਵਾਂ ਥਾਵਾਂ 'ਤੇ ਵੱਡੀ ਗਿਣਤੀ ਵਿੱਚ ਪਹੁੰਚੇ ਖੇਡ ਪ੍ਰੇਮੀਆਂ ਨੇ ਪੰਜਾਬ ਦੀ ਇਸ ਪੁਰਾਤਨ ਖੇਡ ਪ੍ਰਤੀ ਭਾਰੀ ਉਤਸ਼ਾਹ ਦਿਖਾਇਆ।

# ਸੰਗਰੂਰ ਜ਼ਿਲ੍ਹੇ 'ਚ 'ਸੀ.ਐਮ.ਦੀ ਯੋਗਸ਼ਾਲਾ' ਬਣੀ ਸਿਹਤ ਕ੍ਰਾਂਤੀ ਦਾ ਕੇਂਦਰ, ਹਰ ਉਮਰ ਵਰਗ ਲਈ ਲਾਭਕਾਰੀ ਸਾਬਤ ਹੋ ਰਹੀ 'ਸੀ.ਐਮ. ਦੀ ਯੋਗਸ਼ਾਲਾ'



**ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ**)-ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਸੀ.ਐਮ. ਦੀ ਯੋਗਸ਼ਾਲਾ ਤਹਿਤ ਲਹਿਰਾਗਾਗਾ ਵਿੱਚ ਲਗ ਰਹੀਆਂ ਮੁਫ਼ਤ ਯੋਗ ਕਲਾਸਾਂ ਲੋਕਾਂ ਲਈ ਵਰਦਾਨ ਸਾਬਤ ਹੋ ਰਹੀਆਂ ਹਨ। ਗੁਰੂ ਰਵਿਦਾਸ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਸੰਜੀਵ ਗੋਇਲ ਅਤੇ ਰਾਜ ਪੱਧਰੀ ਸਲਾਹਕਾਰ ਅਮਰੇਸ਼ ਕੁਮਾਰ ਝਾਅ ਅਤੇ ਕਮਲੇਸ਼ ਮਿਸ਼ਰਾ ਦੀ ਨਿਗਰਾਨੀ ਹੇਠ ਚੱਲ ਰਹੀਆਂ ਇਹ ਕਲਾਸਾਂ ਲੋਕਾਂ ਦੀ ਸਿਹਤ ਅਤੇ ਆਤਮਿਕ ਸ਼ਾਂਤੀ ਦਾ ਕੇਂਦਰ ਬਣ ਚੁੱਕੀਆਂ ਹਨ। ਸੀ.ਐਮ. ਦੀ ਯੋਗਸ਼ਾਲਾ ਵਿੱਚ ਸੂਖਸ਼ਮ ਵਿਯਾਮ, ਸਥੂਲ ਵਿਯਾਮ, ਆਸਣ, ਪ੍ਰਾਣਾਯਾਮ ਆਦਿ ਸਿਖਾਇਆ ਜਾਂਦਾ ਹੈ। ਇਸ ਵਿੱਚ ਹਰ ਉਮਰ ਵਰਗ ਦੇ ਲੋਕ ਹਿੱਸਾ ਲੈ ਰਹੇ ਹਨ। ਯੋਗ ਕਰਨ ਨਾਲ ਸਰਵਾਈਕਲ, ਪਿੱਠ ਦਰਦ, ਤਣਾਅ, ਜੋੜਾਂ ਦੇ ਦਰਦ, ਮੋਟਾਪਾ ਅਤੇ ਹਾਈ-ਲੋਅ ਬਲੱਡ ਪ੍ਰੈਸ਼ਰ ਆਦਿ ਬਿਮਾਰੀਆਂ ਤੋਂ ਰਾਹਤ ਮਿਲ ਰਹੀ ਹੈ। ਲਹਿਰਾਗਾਗਾ ਦੇ ਰਹਿਣ ਵਾਲੇ ਪੂਜਾ, ਸੁਖਜੀਤ, ਰਜਨੀ ਅਤੇ ਪੂਜਾ ਗਰਗ ਨੇ ਦੱਸਿਆਂ ਕਿ ਉਹਨਾਂ ਨੂੰ ਸਰਵਾਈਕਲ ਤੋਂ ਰਾਹਤ ਮਿਲੀ ਹੈ ਅਤੇ 8-10 ਕਿੱਲੋ ਵਜ਼ਨ ਵੀ ਘੱਟਿਆ ਹੈ। ਸਪਨਾ ਨੇ ਦੱਸਿਆਂ ਕਿ ਡਿਪਰੈਸ਼ਨ ਤੋਂ ਰਾਹਤ ਮਿਲੀ, ਜੋ ਕਿ ਹੁਣ ਦਵਾਈ ਬੰਦ ਕਰ ਚੁੱਕੇ ਹਨ ਅਤੇ ਐਲਰਜੀ ਵੀ ਠੀਕ ਹੋਈ ਹੈ। ਰੋਜ਼ ਸੀ.ਐਮ ਦੀ ਯੋਗਸ਼ਾਲਾ ਵਿੱਚ ਆਉਣ ਵਾਲੀ ਸ਼ਵੇਤਾ ਨੇ ਦੱਸਿਆ ਕਿ ਜੋੜਾਂ ਦੇ ਦਰਦ ਤੋਂ ਰਾਹਤ ਮਿਲੀ ਹੈ ਅਤੇ ਸਾਹ ਦੀ ਸਮੱਸਿਆ ਤੋਂ ਨਿਜਾਤ ਮਿਲੀ ਹੈ ਅਤੇ 10 ਕਿੱਲੋ ਵਜ਼ਨ ਵੀ ਘਟਿਆ ਹੈ। ਅੰਜੂ ਨੇ ਦੱਸਿਆਂ ਕਿ ਉਹਨਾਂ ਨੂੰ ਐਲਰਜੀ, ਸਾਹ ਦੀ ਸਮੱਸਿਆ ਅਤੇ ਹਾਈ ਬੀ.ਪੀ ਦੀ ਸਮੱਸਿਆ ਤੋਂ ਰਾਹਤ ਮਿਲੀ ਹੈ। ਸ਼ਿਵਾਲੀ ਤੇ ਅੰਜੂ ਬਾਂਸਲ ਨੇ ਦੱਸਿਆਂ ਕਿ ਸੈਟਿਕਾ ਪੇਨ ਤੋਂ ਛੁਟਕਾਰਾ ਮਿਲਿਆ ਹੈ । ਪਰਮਜੀਤ ਕੌਰ ਨੇ ਦੱਸਿਆ ਕਿ ਸਰਵਾਈਕਲ ਅਤੇ ਸਿਰ ਦਰਦ ਵਿਚ ਰਾਹਤ ਅਤੇ ਲੋਅ ਬਲੱਡ ਪ੍ਰੈਸ਼ਰ ਆਦਿ ਸਮੱਸਿਆਵਾਂ ਤੋਂ ਰਾਹਤ ਮਿਲੀ ਹੈ ਉੱਥੇ ਹੀ ਰਿਤੂ ਰਾਣੀ, ਬਲਜਿੰਦਰ ਕੌਰ, ਪੂਨਮ ਜਿੰਦਲ, ਰੇਨੂੰ, ਜੱਸੀ ਨੇ ਦੱਸਿਆ ਕਿ ਲਚਕੀਲਾਪਣ ਵਿਚ ਵਾਧਾ, ਚੁਸਤੀ ਫੁਰਤੀ ਵਧੀ ਹੈ ਅਤੇ ਸੀ.ਐਮ. ਦੀ ਯੋਗਸ਼ਾਲਾ ਪ੍ਰੋਜੈਕਟ ਪੰਜਾਬ ਸਰਕਾਰ ਦਾ ਸ਼ਲਾਘਾਯੋਗ ਕਦਮ ਹੈ। ਜਿਸ ਵਿੱਚ ਯੋਗ ਇੰਸਟਰਕਟਰ ਦਲਜੀਤ ਕੌਰ ਦੁਆਰਾ ਲੋਕਾਂ ਨੂੰ ਸਿਹਤ ਸੰਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਮੈਡਮ ਦਲਜੀਤ ਕੌਰ ਦੱਸਦੇ ਹਨ ਕਿ ਉਹ ਲਹਿਰਾਗਾਗਾ ਜੀ ਪੀ ਐਫ਼ ਕੰਪਲੈਕਸ, ਬਾਬਾ ਮਸਤ ਰਾਮ ਸਮਾਧੀ, ਸ਼ੇਰੇ ਪੰਜਾਬ ਕਲੱਬ ਅਤੇ ਹੋਰ ਨੇੜੇ ਦੇ ਪਿੰਡਾਂ ਵਿੱਚ ਸਵੇਰੇ - ਸ਼ਾਮ ਕਲਾਸਾਂ ਲਗਾ ਰਹੇ ਹਨ। ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਬਹੁਤ ਧੰਨਵਾਦ ਕਰਦੇ ਹਨ। ਯੋਗ ਦੇ ਨਿਯਮਿਤ ਅਭਿਆਸ ਦੇ ਨਾਲ ਨਾਲ ਲੋਕਾਂ ਨੂੰ ਸਵਸਥ ਜੀਵਨ ਜਿਊਣ ਦੀ ਵੀ ਪ੍ਰੇਰਨਾ ਮਿਲ ਰਹੀ ਹੈ। ਨਿਰਮਲ ਸਿੰਘ ਜ਼ਿਲ੍ਹਾ ਕੋਆਰਡੀਨੇਟਰ ਸੰਗਰੂਰ ਨੇ ਕਿਹਾ ਕਿ ਇਹ ਪ੍ਰੋਜੈਕਟ ਸ਼ਹਿਰ ਅਤੇ ਪਿੰਡ ਨਿਵਾਸੀਆਂ ਲਈ ਵਰਦਾਨ ਸਾਬਤ ਹੋ ਰਿਹਾ ਹੈ। ਉਹਨਾਂ ਨੇ ਦੱਸਿਆਂ ਕਿ ਇਹ ਯੋਗਸ਼ਾਲਾ ਸੰਗਰੂਰ ਦੇ ਨਾਲ ਨਾਲ ਸੁਨਾਮ, ਦਿੜ੍ਹਬਾ, ਮੂਣਕ, ਖਨੌਰੀ , ਭਵਾਨੀਗੜ੍ਹ ਅਤੇ ਧੂਰੀ ਵਿੱਚ ਵੀ ਚੱਲ ਰਹੀ ਹੈ। ਲੋਕਾਂ ਨੂੰ ਰੋਜ਼ਾਨਾ ਯੋਗ ਦਾ ਸੱਦਾ ਦਿੰਦੇ ਹੋਏ ਜ਼ਿਲ੍ਹਾ ਕੋਆਰਡੀਨੇਟਰ ਨੇ ਕਿਹਾ ਕਿ ਯੋਗ ਦਾ ਭਰਪੂਰ ਲਾਭ ਲੈਣ ਲਈ ਟੋਲ ਫ਼ਰੀ ਨੰਬਰ 76694-00500 ਜਾਂ https://cmdiyogshala .punjab.gov.in ਤੇ ਲਾਗ ਇਨ ਕੀਤਾ ਜਾ ਸਕਦਾ ਹੈ।

## ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਤਹਿਤ ਸੰਪੂਰਨਤਾ ਅਭਿਆਨ 2.0 ਦੀ ਸ਼ੁਰੂਆਤ; ਬਲਾਕ ਧੂਰੀ ਵਿਖੇ ਚੱਲੇਗਾ ਅਭਿਆਨ : ਡਿਪਟੀ ਕਮਿਸ਼ਨਰ

ਸੰਗਰੂਰ ( ਰਣਜੀਤ ਸਿੰਘ ਪੇਧਨੀ )-ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਤਹਿਤ ਨੀਤੀ ਆਯੋਗ, ਭਾਰਤ ਸਰਕਾਰ ਅਤੇ ਸੂਬਾ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੰਪੂਰਨਤਾ ਅਭਿਆਨ 2.0 ਦੀ ਸ਼ੁਰੂਆਤ ਅੱਜ ਸੰਗਰੂਰ ਵਿਖੇ ਡਿਪਟੀ ਕਮਿਸ਼ਨਰ, ਸ਼੍ਰੀ ਰਾਹੁਲ ਚਾਬਾ ਵੱਲੋਂ ਕੀਤੀ ਗਈ। ਇਹ ਅਭਿਆਨ ਐਸਪੀਰੇਸ਼ਨਲ ਬਲਾਕ ਧੂਰੀ ਵਿੱਚ ਤਿੰਨ ਮਹੀਨਿਆਂ ਤੱਕ ਚਲਾਇਆ ਜਾਵੇਗਾ, ਜਿਸ ਦਾ ਮੁੱਖ ਉਦੇਸ਼ ਨਿਰਧਾਰਤ ਕਾਰਗੁਜ਼ਾਰੀ ਸੰਕੇਤਕਾਂ ਦੀ ਸੌ ਫ਼ੀਸਦੀ ਪ੍ਰਾਪਤੀ ਯਕੀਨੀ ਬਣਾਉਣਾ ਹੈ।



ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੰਪੂਰਨਤਾ ਅਭਿਆਨ 2.0 ਤਹਿਤ ਸਿਹਤ, ਪੋਸ਼ਣ, ਸਿੱਖਿਆ, ਬੁਨਿਆਦੀ ਸਹੂਲਤਾਂ ਅਤੇ ਪਸ਼ੂ ਪਾਲਣ ਨਾਲ ਸੰਬੰਧਤ ਅਹਿਮ ਸੰਕੇਤਕਾਂ ਵਿੱਚ ਸੁਧਾਰ ਲਿਆਉਣ ਲਈ ਵਿਭਾਗੀ ਸਹਿਯੋਗ ਨਾਲ ਵਿਸ਼ੇਸ਼ ਕਾਰਵਾਈ ਯੋਜਨਾ ਤਿਆਰ ਕੀਤੀ ਗਈ ਹੈ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਕੇਤਕ ਦੀ ਨਿਰੰਤਰ ਮੋਨੀਟਰਿੰਗ ਕੀਤੀ ਜਾਵੇਗੀ ਅਤੇ ਨਿਰਧਾਰਤ ਟੀਚਿਆਂ ਦੀ ਸਮੇਂ-ਬੱਧ ਪ੍ਰਾਪਤੀ ਲਈ ਜ਼ਮੀਨੀ ਪੱਧਰ 'ਤੇ ਦੌਰੇ ਵੀ ਕੀਤੇ ਜਾਣਗੇ। ਸ਼੍ਰੀ ਰਾਹੁਲ ਚਾਬਾ ਨੇ ਕਿਹਾ ਕਿ ਐਸਪੀਰੇਸ਼ਨਲ ਬਲਾਕ ਧੂਰੀ ਵਿੱਚ ਚੱਲਣ ਵਾਲਾ ਇਹ ਅਭਿਆਨ ਸਰਕਾਰੀ ਸੇਵਾਵਾਂ ਦੀ ਸੰਪੂਰਨ ਪਹੁੰਚ ਯਕੀਨੀ ਬਣਾਉਣ ਵੱਲ ਇਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਨਿਰਧਾਰਤ ਸੰਕੇਤਕਾਂ ਦੀ ਸਹੀ ਰਿਪੋਰਟ ਹਾਸਲ ਕਰਨ ਲਈ ਪੂਰਾ ਯਤਨ ਕਰਨ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸੰਪੂਰਨਤਾ ਅਭਿਆਨ 2.0 ਤਹਿਤ ਆਪਣੇ-ਆਪਣੇ ਖੇਤਰਾਂ ਵਿੱਚ ਸੌ ਫ਼ੀਸਦੀ ਯੋਗਦਾਨ ਪਾਉਣ ਦਾ ਅਹਿਦ ਲਿਆ। ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਜਾਗਰੂਕਤਾ ਗਤੀਵਿਧੀਆਂ ਤੇਜ਼ ਕੀਤੀਆਂ ਜਾਣ ਅਤੇ ਲੋਕਾਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇ, ਤਾਂ ਜੋ ਅਭਿਆਨ ਦੇ ਟੀਚੇ ਸਮੇਂ ਸਿਰ ਪ੍ਰਾਪਤ ਕੀਤੇ ਜਾ ਸਕਣ। ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਸੰਪੂਰਨਤਾ ਅਭਿਆਨ 2.0 ਦੇ ਸਫਲ ਹੋਣ ਨਾਲ ਧੂਰੀ ਬਲਾਕ ਵਿੱਚ ਸਮਾਜਿਕ ਅਤੇ ਆਰਥਿਕ ਵਿਕਾਸ ਨੂੰ ਹੋਰ ਗਤੀ ਮਿਲੇਗੀ ਅਤੇ ਆਮ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਮਿਲੇਗਾ। ਇਸ ਡੀ.ਡੀ.ਪੀ.ਓ., ਜੇ.ਐਸ. ਬੱਗਾ ਸਮੇਤ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਅਤੇ ਬਲਾਕ ਪੱਧਰੀ ਅਧਿਕਾਰੀ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਹਾਰਾਸ਼ਟਰ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# 'ਹਿੰਦ ਦੀ ਚਾਦਰ' ਸਿਹਤ ਕੈਂਪ ਆਯੋਜਿਤ





ਮੁੰਬਈ/ਚੌਕ ਮਹਿਤਾ, 24ਫਰਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ )-ਮਹਾਰਾਸ਼ਟਰ ਵਿਖੇ ਖਾਰਘਰ (ਨਵੀਂ ਮੁੰਬਈ) ਦੇ ਉਵੇ ਮੈਦਾਨ 'ਚ 28 ਫਰਵਰੀ ਤੇ 01 ਮਾਰਚ ਨੂੰ ਤੀਸਰੇ ਪੜਾਅ ਦੇ ਹੋਣ ਜਾ ਰਹੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਤੋਂ ਪਹਿਲਾਂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ 'ਹਿੰਦ-ਦੀ-ਚਾਦਰ' ਸਿਹਤ ਕੈਂਪ ਲਗਾਏ ਜਾ ਰਹੇ ਹਨ।

ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਵੱਲੋਂ ਜਾਰੀ ਵਿਸ਼ੇਸ਼ ਹਦਾਇਤਾਂ ਅਨੁਸਾਰ ਇਹ ਸਿਹਤ ਕੈਂਪ ਗੁਰੂ ਜੀ ਦੀ ਮਾਨਵਤਾ ਪ੍ਰਤੀ ਸੇਵਾ ਤੇ ਬਲਿਦਾਨ ਨੂੰ ਯਾਦ ਕਰਦੇ ਹੋਏ ਲੋੜਵੰਦ ਲੋਕਾਂ ਨੂੰ ਮੁਫਤ ਸਿਹਤ ਸਬੰਧੀ ਸਲਾਹ ,ਡਾਕਟਰੀ ਸਹਾਇਤਾ ਅਤੇ ਦਵਾਈਆਂ ਮੁਹੱਈਆ ਕਰਵਾਉਣ ਲਈ ਆਯੋਜਿਤ ਕੀਤੇ ਗਏ,ਜਿਸਦਾ ਉਦੇਸ਼ ਸ਼ਹੀਦੀ ਦਿਵਸ ਮੌਕੇ ਮਾਨਵਤਾ ਦੀ ਸੇਵਾ ਤੇ ਗੁਰੂ ਜੀ ਦੇ ਸੰਦੇਸ਼ ਨੂੰ ਮਹਾਰਾਸ਼ਟਰ ਦੇ ਘਰ-ਘਰ ਫੈਲਾਉਣਾ ਹੈ।

ਮੁੱਖ ਮੰਤਰੀ ਮਹਾਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਮਹਾਰਾਸ਼ਟਰ ਸਰਕਾਰ ਵੱਲੋਂ 'ਹਿੰਦ ਦੀ ਚਾਦਰ' ਨਾਮ ਅਧੀਨ ਚਲਾਈ ਜਾ ਰਹੀ ਇਸ ਮੁਹਿੰਮ ਅਧੀਨ ਕੋਂਕਣ ਖੇਤਰ ਦੇ ਵੱਖ-ਵੱਖ ਹਿੱਸਿਆਂ 'ਚ, ਜਿੱਥੇ ਸਿਹਤ ਸੇਵਾਵਾਂ ਦੀ ਲੋੜ ਹੈ,ਉੱਥੇ ਮਾਹਿਰ ਡਾਕਟਰਾਂ ਦੀ ਦੇਖ ਰੇਖ ਹੇਠ ਇੰਨ੍ਹਾ ਸਿਹਤ ਕੈਂਪਾਂ ਦੀ ਵਿਵਸਥਾ ਕੀਤੀ ਜਾ ਰਹੀ ਹੈ।ਸਿਹਤ ਕੈਂਪਾਂ ਦੌਰਾਨ ਲੋੜਵੰਦਾਂ ਲਈ ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਐਕਸ-ਰੇ ਜਾਂਚ, ਹਰ ਤਰ੍ਹਾਂ ਦੇ ਖ਼ੂਨ ਦੇ ਟੈਸਟ, ਈ.ਸੀ.ਜੀ., ਕੈਂਸਰ ਦੀ ਜਾਂਚ ਤੇ ਇਲਾਜ ਤੋਂ ਇਲਾਵਾ ਗਰਭਵਤੀ ਮਹਿਲਾਵਾਂ ਦੀ ਜਾਂਚ, ਬੱਚੇ ਦੇ ਜਨਮ ਤੋਂ ਪਹਿਲਾਂ ਤੇ ਬਾਅਦ ਦੀਆਂ ਸੇਵਾਵਾਂ, ਟੀਕਾਕਰਨ, ਖ਼ੁਰਾਕ ਤੇ ਪੋਸ਼ਣ ਸੰਬੰਧੀ ਸਲਾਹ ਆਦਿ ਮੈਡੀਕਲ ਸੁਵਿਧਾਵਾਂ ਸ਼ਾਮਲ ਹਨ, ਜੋ ਲੋੜ ਅਨੁਸਾਰ ਮਰੀਜ਼ਾਂਨੂੰ ਮੁਫਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਸ੍ਰੀ ਨਾਇਕ ਨੇ ਦੱਸਿਆ ਕਿ ਇਹ ਸਿਹਤ ਕੈਂਪ 25 ਫਰਵਰੀ ਤੱਕ ਚੱਲਣਗੇ ਤੇ ਹੁਣ ਤੱਕ ਢਾਈ ਲੱਖ ਦੇ ਕਰੀਬ ਲੋੜਵੰਦ ਇੰਨ੍ਹਾਂ ਸੇਵਾਵਾਂ ਦਾ ਫਾਇਦਾ ਲੈ ਚੁੱਕੇ ਹਨ। ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਇਸ ਉਪਰਾਲੇ ਲਈ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦੀ ਪੁਰਜ਼ੋਰ ਸ਼ਲਾਘਾ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਸਮਾਜ ਭਲਾਈ ਲਈ ਸਰਕਾਰ ਦਾ ਇਹ ਇੱਕ ਮਹੱਤਵਪੂਰਨ ਕਦਮ ਹੈ।

**ਗੁਰੂ ਜੀ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਸਮਾਜ ਭਲਾਈ ਲਈ ਫੜਨਵੀਸ ਸਰਕਾਰ ਦਾ ਇੱਕ ਮਹੱਤਵਪੂਰਨ ਕਦਮ - ਗਿ.ਹਰਨਾਮ ਸਿੰਘ ਖਾਲਸਾ**

### ਸੁਖਬੀਰ ਸਿੰਘ ਬਾਦਲ ਦੀ ਆਮਦ ਨੂੰ ਲੈ ਕੇ

# ਜਗਰਾਉਂ ਦੇ ਅਕਾਲੀ ਹੋਏ ਪੱਬਾਂ ਭਾਰ



ਜਗਰਾਉਂ -(ਵਰਿਆਮ ਹਠੂਰ) 18 ਮਾਰਚ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਆਮਦ ਨੂੰ ਲੈ ਕੇ ਅਕਾਲੀ ਦਲ ਜਗਰਾਉ ਦੇ ਵਰਕਰ ਪੱਬਾਂ ਪਾਰ ਹੁੰਦੇ ਦਿਖਾਈ ਦਿੰਦੇ ਹਨ । ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐਸ.ਆਰ.ਕਲੇਰ ਦੀ ਅਗਵਾਈ ਹੇਠ ਹੋਈ ਭਰਵੀਂ ਬੈਠਕ ਦੌਰਾਨ ਹਲਕਾ ਇੰਚਾਰਜ ਨੇ ਪਾਰਟੀ ਵਰਕਰਾਂ ਨੂੰ ਇਹ ਰੈਲੀ ਦੀ ਸਫਲਤਾ ਲਈ ਕਮਰਕੱਸੇ ਕਸ ਲੈਣ ਦਾ ਸੱਦਾ ਦਿੱਤਾ। ਜੋਸ਼ੀਲੇ ਨਾਅਰਿਆਂ ਨਾਲ ਅਰੰਭ ਹੋਈ ਇਸ ਬੈਠਕ ਦੌਰਾਨ ਪਾਰਟੀ ਦੇ ਵਰਕਰਾਂ ਵਿਚ ਜੋਸ਼ ਉਤਸ਼ਾਹ ਦੇਖਣ ਵਾਲਾ ਸੀ। ਇਸ ਦੌਰਾਨ ਸ੍ਰੀ ਕਲੇਰ ਨੇ ਰੈਲੀ ਨੂੰ ਕਾਮਯਾਬ ਕਰਨ ਲਈ ਪਾਰਟੀ ਵਰਕਰਾਂ ਤੋਂ ਸੁਝਾਅ ਹਾਸਿਲ ਕੀਤੇ । ਇਸ ਮੌਕੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਆਖਿਆ ਕਿ ਆਮ ਆਦਮੀ ਪਾਰਟੀ ਨੇ ਝੂਠ ਤੇ ਕੂੜ ਨੀਤੀ ਨਾਲ ਲੋਕਾਂ ਨੂੰ ਪ੍ਰਭਾਵਿਤ ਕਰਕੇ ਸੱਤਾ ਦੇ ਚਾਰ ਸਾਲ ਮਾਣ ਲਏ ਪ੍ਰੰਤੂ ਪੰਜਾਬ ਦੇ ਲੋਕ ਹੁਣ ਕੇਜਰੀਵਾਲ ਲਾਣੇ ਨੂੰ ਚਲਦਾ ਕਰਨ ਦਾ ਮਨ ਬਣਾ ਬੈਠੇ ਹਨ। ਇਸ ਮੌਕੇ ਐਸ.ਆਰ ਕਲੇਰ ਦੇ ਜਜ਼ਬਾਤੀ ਤੇ ਭਾਵੁਕ ਸ਼ਬਦਾਂ ਨੇ ਹਾਜਰੀਨ ਨੂੰ ਹਲੂਣਕੇ ਰੱਖ ਦਿੱਤਾ। ਸ੍ਰੀ ਕਲੇਰ ਨੇ ਆਖਿਆ ਆਪ ਦੀ ਲੋਟੇਰਾ ਤੇ ਝੂਠ-ਕੂੜ ਨੀਤੀ ਨੂੰ ਚੱਲਦਾ ਕਰਨ ਲਈ ਮੋਰਚਿਆਂ 'ਚ ਡਟਣ ਦਾ ਵੇਲਾ ਹੈ। ਉਨ੍ਹਾਂ ਵਰਕਰਾਂ ਨੂੰ ਕਮਰਕੱਸੇ ਕਸ ਲੈਣ ਦਾ ਸੱਦਾ ਦਿੰਦਿਆਂ ਕਿਹਾ 18 ਮਾਰਚ ਦੀ ਰੈਲੀ ਤੋਂ ਪਹਿਲਾਂ ਸ੍ਰੋਮਣੀ ਅਕਾਲੀ ਦਲ ਦੇ ਹੱਕ 'ਚ ਲੋਕ ਲਹਿਰ ਖੜ੍ਹੀ ਕਰਨ ਦਾ ਵੇਲਾ ਹੈ। ਜਿਸ ਲਈ ਮਿਤੀ 1 ਮਾਰਚ ਤੋਂ ਹਲਕੇ ਦੇ ਸਾਰੇ ਪਿੰਡਾਂ ਵਿੱਚ ਵਰਕਰਾਂ ਨੂੰ ਲਾਮਬੰਦ ਕੀਤਾ ਜਾਵੇਗਾ, ਸ੍ਰੀ ਕਲੇਰ ਨੇ ਆਖਿਆ ਕਿ ਪੰਜਾਬ ਦੇ ਭੋਲੇ ਭਾਲੇ ਲੋਕ ਆਮ ਆਦਮੀ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਦਾ ਮੂੰਹ ਤੋੜਵਾਂ ਜੁਆਬ ਦੇਣ ਲਈ ਤਿਆਰ ਬਰ ਤਿਆਰ ਹਨ। ਤੇ ਉਹ 18 ਦੀ ਜਗਰਾਉ ਰੈਲੀ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਦਾ ਵੱਡਾ ਸੰਕੇਤ ਜ਼ਾਰੀ ਕਰੇਗੀ। ਇਸ ਮੌਕੇ ਸ੍ਰੀ ਕਲੇਰ ਨੇ 18 ਦੀ ਰੈਲੀ ਦੀ ਸਫਲਤਾ ਲਈ ਅੱਡੀ ਚੋਟੀ ਦਾ ਜੋਰ ਲਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਰੈਲੀ ਦੇ ਲਾਮਿਸਾਲ ਇਕੱਠ ਨਾਲ ਮੁੱਖ ਮੰਤਰੀ ਦੇ ਨਾਲ-ਨਾਲ ਦਿੱਲੀ ਦੇ ਲੁਟੇਰਿਆਂ ਦੀਆਂ ਚਾਲਾਂ ਵੀ ਢਿੱਲੀਆਂ ਹੋ ਜਾਣਗੀਆਂ। ਇਸ ਮੌਕੇ ਦਵਿੰਦਰਜੀਤ ਸਿੰਘ ਸਿੱਧੂ ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਜਗਰਾਉਂ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਉਂ, ਹਲਕਾ ਐਸ ਸੀ ਵਿੰਗ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਆਈ ਟੀ ਵਿੰਗ ਹਲਕਾ ਪ੍ਰਧਾਨ ਸੁਖਦੇਵ ਸਿੰਘ ਜੱਗਾ ਕਾਉਂਕੇ, ਐਨ. ਆਰ. ਆਈ. ਭਿੰਦਾ ਸਿਵੀਆ, ਸਿਨੀਅਰ ਯੂਥ ਆਗੂ ਜੱਟ ਗਰੇਵਾਲ, ਸਿਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਸੀਨੀਅਰ ਆਗੂ ਵਰਿੰਦਰਪਾਲ ਸਿੰਘ ਪਾਲੀ ਜਗਰਾਉਂ ਅਤੇ ਹੋਰ ਅਨੇਕਾਂ ਵਰਕਰ ਹਾਜ਼ਰ ਸਨ।

**18 ਮਾਰਚ ਨੂੰ ਜਗਰਾਉਂ ਦੀ ਦਾਣਾ ਮੰਡੀ ਰੈਲੀ ਵਿੱਚ ਹੋਵੇਗਾ ਰਿਕਾਰਡ ਤੋੜ ਇਕੱਠ : ਐੱਸ.ਆਰ.ਕਲੇਰ**

# ਬਾਗਬਾਨ ਵਿਖੇ ਅਮਨਦੀਪ ਹਸਪਤਾਲ ਨੇ ਲਾਇਆ ਚੈਕਅਪ ਕੈਂਪ




ਫ਼ਿਰੋਜ਼ਪੁਰ, 24 ਫਰਵਰੀ (ਮਨੋਹਰ ਲਾਲ) :– ਸੀਨਿਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਅੱਜ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਜਨਰਲ ਮੀਟਿੰਗ ਕੀਤੀ ਗਈ, ਜਿਸ ਦੀ ਪ੍ਰਧਾਨਗੀ ਪਰਦੀਪ ਧਵਨ ਪਰਧਾਨ ਵੱਲੋਂ ਕਰਦਿਆਂ ਸੀਨੀਅਰ ਸਿਟੀਜਨ ਦੀਆਂ ਸਮੱਸਿਆਵਾਂ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਅਮਨਦੀਪ ਹਸਪਤਾਲ ਫਿਰੋਜਪੁਰ ਵੱਲੋਂ ਬਾਗਬਾਨ ਕੰਪਲੈਕਸ ਵਿੱਖੇ ਚੈਕਅਪ ਕੈਂਪ ਲਗਾ ਕੇ ਹਾਜ਼ਰੀਨ ਦਾ ਚੈਕਅਕ ਕੀਤਾ ਗਿਆ, ਜਿਸ ਵਿਚ ਸੀਨਿਅਰ ਸਿਟੀਜਨ ਫੋਰਮ ਦੇ ਮੈਂਬਰ ਸਹਿਬ ਦਾ ਬਲੱਡ ਪਰੈਸ਼ਰ ਅਤੇ ਸ਼ੂਗਰ ਚੈਕ ਕੀਤੀ ਗਈ ਅਤੇ ਲੋੜ ਅਨੁਸਾਰ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਟੀਮ ਦੇ ਇੰਚਾਰਜ ਸ਼੍ਰੀ ਸੁਸ਼ੀਲ ਅਰੋੜਾ ਨੇ ਦਸਿਆ ਕਿ ਅਮਨਦੀਪ ਹਸਪਤਾਲ ਵੱਲੋਂ ਰੋਬਟਿਕ ਸਰਜਰੀ ਰਾਹੀਂ ਗੋਡਿਆਂ ਦਾ ਇਲਾਜ ਕੀਤਾ ਜਾਂਦਾ ਹੈ ਅਤੇ ਮਾਰੀਜਾਂ ਦਾ 28 ਫਰਵਰੀ ਤੱਕ ਮੁਫ਼ਤ ਚੈਕਅੱਪ ਕੀਤਾ ਜਾ ਰਿਹਾ ਹੈ। ਇਸ ਟੀਮ ਵਿੱਚ ਡਾਕਟਰ ਗੁਰਿੰਦਰ ਸਿੰਘ, ਡਾਕਟਰ ਅਨਿਸ, ਰਾਜਵਿੰਦਰ ਸਿੰਘ ਹਾਜ਼ਰ ਸਨ। ਇਸ ਸਮੇਂ ਸ਼੍ਰੀ ਦੀਵਾਨ ਸਿੰਘ ਸੁਖੀਜਾ, ਪ੍ਰੇਮ ਰਸੀਆ ਸੁਭਾਸ਼ ਡੋਡਾ, ਪਰਵੇਸ਼ ਕੁਮਾਰ, ਸ਼ਿਵ ਦਰਸ਼ਨ ਲਾਲ, ਰਾਕੇਸ਼ ਸ਼ਰਮਾ, ਕੋਆਰਡੀਨੇਟਰ ਸਤੀਸ਼ ਪੁਰੀ ਸੀਨਿਅਰ ਮੀਤ ਪ੍ਰਧਾਨ, ਹਰੀਸ਼ ਮੋਂਗਾ ਸੀਨਿਅਰ ਆਗੂ, ਡਾਕਟਰ ਗੁਰਦੇਵ ਸਿੰਘ, ਪਰਮੋਦ ਮੋਂਗਾ ਆਦਿ ਨੇ ਯੋਗਾ ਕਰਨ ਤੇ ਜ਼ੋਰ ਦਿੱਤਾ ਕਿ ਭਿਆਨਕ ਬਿਮਾਰੀਆਂ ਦਾ ਸਾਹਮਣਾ ਯੋਗਾ ਨਾਲ ਕੀਤਾ ਜਾ ਸਕਦਾ ਹੈ। ਇਸ ਸਮੇਂ ਫੋਰਮ ਵੱਲੋਂ ਅਮਨਦੀਪ ਹਸਪਤਾਲ ਦੀ ਸਮੁੱਚੀ ਟੀਮ ਨੂੰ ਸਨਮਾਨਿਤ ਕੀਤਾ ਗਿਆ ਅਤੇ ਜਨਮ ਦਿਵਸ ਵਾਲੇ ਮੈਂਬਰਾਂ ਨੂੰ ਗਿਫ਼ਟ ਦਿੱਤੇ ਗਏ। ਸਟੇਜ ਸੈਕਟਰੀ ਦੀ ਭੂਮਿਕਾ ਸ਼੍ਰੀ ਮੁਹਿੰਦਰ ਸਿੰਘ ਧਾਲੀਵਾਲ ਨੇ ਨਿਭਾਈ। ਅੰਤ ਵਿਚ ਪ੍ਰਧਾਨ ਸ਼੍ਰੀ ਪਰਦੀਪ ਧਵਨ ਨੇ ਅਮਨਦੀਪ ਹਸਪਤਾਲ ਦੀ ਸਮੁੱਚੀ ਟੀਮ ਦਾ ਮੈਡੀਕਲ ਚੈਕ ਅਪ ਕੈਂਪ ਲਈ ਧੰਨਵਾਦ ਕੀਤਾ। ਫੋਰਮ ਦੇ ਨਵੇਂ ਮੈਬਰ ਸ਼੍ਰੀ ਦਿਨੇਸ਼ ਕਟਾਰੀਆ ਨੂੰ ਜੀ ਆਇਆਂ ਕਿਹਾ ਅਤੇ ਵਿਸ਼ੇਸ਼ ਤੌਰ ਤੇ ਸੀਨੀਅਰ ਮੇਂਸਤ ਸ਼੍ਰੀ ਜੇਦਿਕਾ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਦੂਸਰੇ ਮੁਲਕਾਂ ਵਿੱਚ ਵਸਦੇ ਬਜੁਰਗਾਂ ਦੀ ਸਿਹਤ ਬਾਰੇ ਸਰਕਾਰਾਂ ਦੀ ਕਾਰਗੁਜਾਰੀ ਤੇ ਚਾਨਣਾ ਪਾਇਆ।

# ਪਿੰਡ ਕੌਰੇਆਣਾ ਦੇ ਗੁਰਪ੍ਰੀਤ ਸਿੰਘ ਭੱਟੀ ਨੇ ਏਸ਼ੀਆ ਖੇਡਾਂ ਵਿੱਚ ਜਿੱਤਿਆ ਗੋਲਡ ਮੈਡਲ



ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪਿੰਡ ਕੌਰੇਆਣਾ ਦੇ ਪ੍ਰਸਿੱਧ ਗੀਤਕਾਰ ਗੁਰਮੇਲ ਭੱਟੀ ਦੇ ਸਪੁੱਤਰ ਨੌਜਵਾਨ ਗੁਰਪ੍ਰੀਤ ਸਿੰਘ ਭੱਟੀ ਨੇ ਬਲਡ ਰੋਅ ਪਾਵਰ ਲਿਫਟਿੰਗ ਫੈਡਰੇਸ਼ਨ ਏਸ਼ੀਆ ਖੇਡਾਂ ਵਿੱਚ ਗੋਲਡ ਮੈਡਲ ਜਿੱਤਿਆ ਹੈ। ਇਸ ਨੌਜਵਾਨ ਨੇ ਏਸ਼ੀਆ ਖੇਡਾਂ ਵਿੱਚ ਗੋਲਡ ਮੈਡਲ ਹਾਸਲ ਕਰ ਆਪਣਾ ਤੇ ਆਪਣੇ ਮਾਤਾ ਪਿਤਾ ਦਾ ਖ਼ੂਬ ਨਾਮ ਰੌਸ਼ਨ ਕੀਤਾ ਹੈ ਜੋ ਕਿ ਇਲਾਕੇ ਲਈ ਬੜੀ ਮਾਣ ਵਾਲੀ ਗੱਲ ਹੈ। ਗੁਰਪ੍ਰੀਤ ਸਿੰਘ ਭੱਟੀ ਦੇ ਤਲਵੰਡੀ ਸਾਬੋ ਪਹੁੰਚਦਿਆਂ ਹੀ ਬੱਸ ਸਟੈਂਡ ਵਿਖੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਸਿੰਘ ਭਾਗੀਵਾਂਦਰ ਸਮੇਤ ਅਨੇਕਾਂ ਕਾਂਗਰਸੀ ਨੌਜਵਾਨ ਆਗੂਆਂ ਨੇ ਉਨ੍ਹਾਂ ਦੇ ਗਲ ਹਾਰ ਪਾ ਕੇ ਸੁਆਗਤ ਕਰਦਿਆਂ ਮੂੰਹ ਮਿੱਠਾ ਕਰਵਾਇਆ। ਇਸ ਸਮੇਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਨੌਜਵਾਨ ਨੇ ਇਹ ਵੱਡੀ ਜਿੱਤ ਹਾਸਲ ਕਰ ਜਿੱਥੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ ਉਥੇ ਆਪਣੇ ਇਲਾਕੇ ਦੇ ਨੌਜਵਾਨਾਂ ਨੂੰ ਵਧੀਆ ਸੇਧ ਦਿੱਤੀ ਹੈ। ਉਨ੍ਹਾਂ ਕਿਹਾ ਕਿ ਗੁਰਪ੍ਰੀਤ ਸਿੰਘ ਭੱਟੀ ਦੀ ਇਸ ਕਾਮਯਾਬੀ ਨੂੰ ਦੇਖਦਿਆਂ ਅਨੇਕਾਂ ਹੀ ਨੌਜਵਾਨਾਂ ਵਿੱਚ ਅੱਗੇ ਵਧ ਕੇ ਕੁਝ ਕਰਨ ਦੀ ਰੁਚੀ ਪੈਦਾ ਹੋਵੇਗੀ। ਉਨ੍ਹਾਂ ਗੁਰਪ੍ਰੀਤ ਸਿੰਘ ਭੱਟੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ। ਗੁਰਪ੍ਰੀਤ ਸਿੰਘ ਭੱਟੀ ਨੇ ਕਿਹਾ ਕਿ ਖਿਡਾਰੀ ਮਿਹਨਤ ਨਾਲ ਆਪਣਾ ਮੁਕਾਮ ਹਾਸਲ ਕਰ ਸਕਦਾ ਹੈ।

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਆਸ਼ਾ ਵਰਕਰਾਂ ਦੀ ਮਹੀਨਾਵਾਰ ਮੀਟਿੰਗ ਆਯੋਜਿਤ



ਤਲਵੰਡੀ ਸਾਬੋ, 24 ਫ਼ਰਵਰੀ (ਗੁਰਜੰਟ ਸਿੰਘ ਨਥੇਹਾ)- ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਦੀ ਰਹਿਨੁਮਾਈ ਹੇਠ ਆਸ਼ਾ ਵਰਕਰਾਂ ਦੀ ਮਹੀਨਾਵਾਰ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਆਸ਼ਾ ਵਰਕਰਾਂ ਨਾਲ ਰਾਸ਼ਟਰੀ ਅਤੇ ਰਾਜ ਪੱਧਰੀ ਸਿਹਤ ਪ੍ਰੋਗਰਾਮਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਉਨ੍ਹਾਂ ਨੂੰ ਟੀਕਾਕਰਨ ਮੁਹਿੰਮ ਨੂੰ ਹੋਰ ਤੇਜ਼ ਕਰਨ, ਗਰਭਵਤੀ ਮਹਿਲਾਵਾਂ ਦੀ ਸਮੇਂ-ਸਿਰ ਜਾਂਚ ਅਤੇ ਸੰਭਾਲ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਸੀਨੀਅਰ ਮੈਡੀਕਲ ਅਫਸਰ ਵੱਲੋਂ ਆਸ਼ਾ ਵਰਕਰਾਂ ਨੂੰ ਨਿਰਦੇਸ਼ ਦਿੱਤੇ ਗਏ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਸਿਹਤ ਸੇਵਾਵਾਂ ਬਾਰੇ ਜਾਗਰੂਕ ਕਰਨ ਅਤੇ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਪਹੁੰਚਾਉਣ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰ ਪਿੰਡ ਪੱਧਰ 'ਤੇ ਸਿਹਤ ਵਿਭਾਗ ਦੀ ਮਜ਼ਬੂਤ ਕੜੀ ਹਨ ਅਤੇ ਉਨ੍ਹਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਮੀਟਿੰਗ ਦੇ ਅੰਤ ਵਿੱਚ ਆਸ਼ਾ ਵਰਕਰਾਂ ਨੂੰ ਆਪਣੇ ਕੰਮ ਪ੍ਰਤੀ ਨਿਸ਼ਠਾ ਅਤੇ ਜ਼ਿੰਮੇਵਾਰੀ ਨਾਲ ਸੇਵਾਵਾਂ ਨਿਭਾਉਣ ਲਈ ਉਤਸ਼ਾਹਿਤ ਕੀਤਾ ਗਿਆ ਤਾਂ ਜੋ ਮਾਤਾ ਤੇ ਬੱਚਾ ਸਿਹਤ ਅਤੇ ਟੀਕਾਕਰਨ ਪ੍ਰੋਗਰਾਮਾਂ ਨੂੰ ਸਫਲਤਾਪੂਰਵਕ ਅੱਗੇ ਵਧਾਇਆ ਜਾ ਸਕੇ।

# ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਪਿੰਡ ਚੰਦ ਪੁਰਾਣਾ ਵਿਖੇ ਸਲਾਨਾ ਸ਼ਹੀਦੀ ਜ਼ੋੜ ਮੇਲਾ 15 ਮਾਰਚ ਨੂੰ ਤਿਆਰੀਆਂ ਜ਼ੋਰਾਂ ਤੇ—ਸੰਤ ਬਾਬਾ ਗੁਰਦੀਪ ਸਿੰਘ ਚੰਦ ਵਾਲੇ



ਫ਼ਿਰੋਜ਼ਪੁਰ, 24 ਫਰਵਰੀ (ਮਨੋਹਰ ਲਾਲ) :— ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਪਿੰਡ ਚੰਦ ਪੁਰਾਣਾ (ਮੋਗਾ) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਹੀਦ ਜ਼ੋੜ ਮੇਲਾ 15 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਪਿੰਡ ਚੰਦ ਪੁਰਾਣਾ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਗੁਰਦੀਪ ਸਿੰਘ ਚੰਦਾਂ ਵਾਲੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਲਵੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਪਿੰਡ ਚੰਦ ਪੁਰਾਣਾ (ਮੋਗਾ) ਵਿਖੇ ਸਲਾਨਾ ਸ਼ਹੀਦੀ ਜ਼ੋੜ ਮੇਲਾ ਬਹੁਤ ਹੀ ਸ਼ਰਧਾ ਅਤੇ ਭਾਵਨਾ ਨਾਲ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾਵੇਗਾ। ਸ੍ਰੀਮਾਨ ਸੰਤ ਬਾਬਾ ਗੁਰਦੀਪ ਸਿੰਘ ਚੰਦਾਂ ਵਾਲਿਆਂ ਨੇ ਅੱਗੇ ਦੱਸਿਆ ਕਿ ਇਹ ਸ਼ਹੀਦੀ ਜ਼ੋੜ ਮੇਲਾ 15 ਮਾਰਚ 2026 ਦਿਨ ਐਤਵਾਰ (2 ਚੇਤ) ਨੂੰ ਕਰਵਾਇਆ ਜਾ ਰਿਹਾ ਹੈ, ਜ਼ੋ ਕਿ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਪੰਥ ਦੇ ਮਹਾਨ ਰਾਗੀ, ਢਾਡੀ, ਕਵੀਸ਼ਰੀ, ਕਥਾਵਾਚਕ ਜਥਿਆਂ ਵੱਲੋਂ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਖ ਗੁਣੀ ਗਿਆਨੀ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਸ੍ਰੀਮਾਨ ਸੰਤ ਬਾਬਾ ਗੁਰਦੀਪ ਸਿੰਘ ਚੰਦਾਂ ਵਾਲਿਆਂ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਪ੍ਰਸਿੱਧ ਕਾਰੋਬਾਰੀ ਸਰਦਾਰ ਮਨਿੰਦਰਪਾਲ ਸਿੰਘ ਗੁਰੂਗ੍ਰਾਮ ਦੇ ਸਪੁੱਤਰ ਅੰਗਦਦੀਪ ਸਿੰਘ ਦੇ ਸ਼ੁਭ ਅਨੰਦ ਕਾਰਜ ਸਮੇਂ

# ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਪੁੱਜੇ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ















ਪ੍ਰਸਿੱਧ ਕਾਰੋਬਾਰੀ ਸਰਦਾਰ ਮਨਿੰਦਰਪਾਲ ਸਿੰਘ ਗੁਰੂਗ੍ਰਾਮ ਦੇ ਸਪੁੱਤਰ ਅੰਗਦਦੀਪ ਸਿੰਘ ਦੇ ਸ਼ੁਭ ਅਨੰਦ ਕਾਰਜ ਸਮੇਂ ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਪੁੱਜੇ ਮਾਨਯੋਗ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਸਰਦਾਰ ਦੀਦਾਰ ਸਿੰਘ ਨਲਵੀ,ਅੰਤ੍ਰਿੰਗ ਮੈਂਬਰ ਰਹੇ ਗੁਰਪ੍ਰਸਾਦਿ ਸਿੰਘ ਫਰੀਦਾਬਾਦ,ਸਰਦਾਰ ਪ੍ਰਭਜੀਤ ਸਿੰਘ ਜੀਤੀ,ਸਰਦਾਰ ਸ਼ੇਰਦਿਲ ਸਿੰਘ ਸ਼ੈਰੀ ਪ੍ਰਧਾਨ ਸ੍ਰੀ ਗੁਰੂ ਸਿੰਘ ਸਭਾ ਗੁਰੂਗ੍ਰਾਮ,ਬੀਬੀ ਗਗਨਦੀਪ ਕੌਰ ਸਿੱਧੂ,ਸਰਦਾਰ ਜਸਪਾਲ ਸਿੰਘ ਚੱਢਾ ਪਿੰਡ ਬਲੂਚੀ ਪ੍ਰਧਾਨ ਗੁਰਦੁਆਰਾ ਸਾਊਥ ਸਿਟੀ,ਸਰਦਾਰ ਪ੍ਰਭਜੋਤ ਸਿੰਘ ਚੰਡੋਕ ਵੀ ਹਾਜ਼ਰ ਸਨ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




# ਪ੍ਰਸਾਸ਼ਨ ਅਤੇ ਕਾਰ ਸੇਵਾ ਭੂਰੀ ਵਾਲਿਆਂ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਸਾਂਝੇ ਤੌਰ 'ਤੇ ਸਫਾਈ ਸੇਵਾ ਕੀਤੀ ਆਰੰਭ

## ਹੋਲਾ ਮਹੱਲਾ ਦੌਰਾਨ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਦਾ ਕੋਨਾ ਕੋਨਾ ਲਿਸ਼ਕਾਇਆ ਜਾਵੇਗਾ

## ਰੁੱਖਾਂ ਦੀ ਧੁਲਾਈ, ਛਾਂਦਾਰ ਤੇ ਫਲਦਾਰ ਬੂਟਿਆਂ ਦੀ ਧੁਲਾਈ, ਛੰਗਾਈ ਤੇ ਪਾਣੀ ਤੇ ਛਿੜਕਾਓ ਦੀ ਸੇਵਾ ਵੀ ਰਹੇਗੀ ਜਾਰੀ



**ਸ੍ਰੀ ਅਨੰਦਪੁਰ ਸਾਹਿਬ 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਹੋਲਾ ਮਹੱਲਾ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਵਿਖੇ ਲੱਖਾਂ ਸੰਗਤਾਂ ਦੇ ਪਹੁੰਚਣ ਮੌਕੇ ਅੱਜ ਤੋਂ ਪ੍ਰਸਾਸ਼ਨ ਅਤੇ ਡੇਰਾ ਕਾਰ ਸੇਵਾ ਭੂਰੀ ਵਾਲਿਆਂ ਸ੍ਰੀ ਅਮ੍ਰਿਤਸਰ ਸਾਹਿਬ ਬਾਬਾ ਕਸ਼ਮੀਰ ਸਿੰਘ, ਬਾਬਾ ਸੁਖਵਿੰਦਰ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਸਫਾਈ ਦੀ ਸੇਵਾ ਦੀ ਸੇਵਾ ਅਰੰਭ ਕਰ ਦਿੱਤੀ ਹੈ। ਸੇਵਾ ਦੀ ਅਰਦਾਸ ਗਿਆਨੀ ਜੋਗਿੰਦਰ ਸਿੰਘ ਮੁੱਖ ਗ੍ਰੰਥੀ ਤਖਤ ਸ੍ਰੀ ਕੇਸਗੜ ਸਾਹਿਬ ਵੱਲੋਂ ਕੀਤੀ ਗਈ। ਇਸ ਮੌਕੇ ਭਾਈ ਅਮਰਜੀਤ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਭੂਰੀ ਵਾਲੇ ਮਹਾਪੁਰਸ਼ਾ ਵੱਲੋਂ ਸ਼ਹਿਰ ਵਿੱਚ ਕੂੜਾ ਇਕੱਠਾ ਕਰਕੇ ਇਸ ਦੇ ਪ੍ਰਬੰਧਨ ਲਈ ਪ੍ਰਸਾਸ਼ਨ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿਚ ਸਹਿਯੋਗ ਪਾਇਆ ਜਾ ਰਿਹਾ ਹੈ। ਇਸ ਮੌਕੇ ਤਹਿਸੀਲਦਾਰ ਸ੍ਰੀ ਅਨੰਦਪੁਰ ਸਾਹਿਬ ਵਿਨੋਦ ਕੁਮਾਰ ਅਤੇ ਕਾਰ ਸੇਵਾ ਭੂਰੀ ਵਾਲਿਆਂ ਦੇ ਸੇਵਾਦਾਰ ਬਾਬਾ ਸੁਵਿੰਦਰ ਸਿੰਘ ਜੀ, ਬਾਬਾ ਰਤਨ ਸਿੰਘ ਜੀ, ਬਾਬਾ ਕਾਲਾ ਜੀ, ਬਾਬਾ ਸੇਵਾ ਜੀ ਵੱਲੋਂ ਨਗਰ ਕੌਂਸਲ ਦੇ ਕਰਮਚਾਰੀਆਂ ਅਤੇ ਭੂਰੀ ਵਾਲਿਆਂ ਦੇ ਸੇਵਾਦਾਰਾਂ ਦੇ ਸਹਿਯੋਗ ਨਾਲ ਅੱਜ ਵਿਆਪਕ ਸਫਾਈ ਮੁਹਿੰਮ ਦਾ ਆਗਾਜ਼ ਕਰ ਦਿੱਤਾ ਹੈ। ਜੋ ਕਿ ਹੋਲਾ ਮਹੱਲਾ ਤਿਉਹਾਰ ਦੀ ਸਮਾਪਤੀ ਤੱਕ ਜਾਰੀ ਰਹੇਗੀ। ਕਾਰ ਸੇਵਕਾਂ ਵੱਲੋਂ ਫਲਦਾਰ, ਫੁੱਲਦਾਰ ਬੂਟਿਆ ਦੇ ਦਰੱਖਤਾਂ ਦੀ ਧੁਲਾਈ ਕਰਕੇ ਅਤੇ ਪਾਬੰਦੀ ਵਾਲੇ ਪਲਾਸਟਿਕ ਦੇ ਬਰਤਨਾਂ ਦੀ ਵਰਤੋ ਨਾ ਕਰਨ ਬਾਰੇ ਲੋਕਾਂ ਨੂੰ ਜਾਗਰੂਕ ਕਰਕੇ ਗਰੀਨ ਤੇ ਕਲੀਨ ਹੋਲਾ ਮਹੱਲਾ ਮਨਾਉਣ ਦੀ ਮੁਹਿੰਮ ਚਲਾਈ ਹੈ। ਇਸ ਮੌਕੇ ਮੈਨੇਜਰ ਮਲਕੀਤ ਸਿੰਘ, ਅਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਮੀਤ ਮੈਨੇਜਰ ਭੁਪਿੰਦਰ ਸਿੰਘ, ਮੀਤ ਮੈਨੇਜਰ ਐਡਵੋਕੇਟ ਜਸਵੀਰ ਸਿੰਘ, ਸੂਚਨਾ ਅਫਸਰ ਹਰਪ੍ਰੀਤ ਸਿੰਘ, ਅਕਾਲੀ ਆਗੂ ਮਨਿੰਦਰ ਪਾਲ ਸਿੰਘ ਮਨੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਰ ਸੇਵਾ ਵਾਲੇ ਹਾਜ਼ਰ ਸਨ।

# 15ਵੀਂ ਭਾਰਤੀ ਵਿਦਿਆਰਥੀ ਸੰਸਦ ਵਿੱਚ ਤਰੁਣ ਚੁੱਘ ਦਾ ਸੱਦਾ: ਨੌਜਵਾਨਾਂ ਨੂੰ ਲੋਕਤੰਤਰ ਦੀ ਰੱਖਿਆ ਲਈ ਅੱਗੇ ਆਉਣਾ ਚਾਹੀਦਾ ਹੈ

ਪੁਣੇ, ਅੰਮ੍ਰਿਤਸਰ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)-15ਵੀਂ ਭਾਰਤੀ ਵਿਦਿਆਰਥੀ ਸੰਸਦ ਨੂੰ ਸੰਬੋਧਨ ਕਰਦਿਆਂ ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਕਿਹਾ ਕਿ ਲੋਕਤੰਤਰ ਭਾਰਤ ਦੀ ਆਤਮਾ ਹੈ ਅਤੇ ਦੇਸ਼ ਦੇ ਨੌਜਵਾਨਾਂ ਨੂੰ ਇਸਨੂੰ ਮਜ਼ਬੂਤ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅੱਜ ਭਾਰਤ ਦੁਨੀਆ ਦੀ ਚੌਥੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਗਿਆ ਹੈ ਅਤੇ ਵਿਸ਼ਵ ਪੱਧਰ 'ਤੇ ਇਸਦੀ ਸਾਖ ਲਗਾਤਾਰ ਵਧ ਰਹੀ ਹੈ। ਇਹ ਬਦਲਾਅ ਨਾ ਸਿਰਫ਼ ਨੀਤੀਆਂ ਦੁਆਰ, ਸਗੋਂ ਯੁਵਾ ਸ਼ਕਤੀ ਦੀ ਊਰਜਾ ਦੁਆਰਾ ਵੀ ਸੰਭਵ ਹੋਇਆ ਹੈ। ਚੁੱਘ ਨੇ ਕਿਹਾ ਕਿ ਅੱਜ ਦੇ ਨੌਜਵਾਨ ਸਿਰਫ਼ ਭਵਿੱਖ ਦੇ ਨਾਗਰਿਕ ਨਹੀਂ ਹਨ, ਸਗੋਂ ਵਰਤਮਾਨ ਵਿੱਚ ਫੈਸਲਾਕੁੰਨ ਭਾਈਵਾਲ ਹਨ। ਉਨ੍ਹਾਂ ਨੌਜਵਾਨਾਂ ਨੂੰ ਦੇਸ਼ ਦੀਆਂ ਚੁਣੌਤੀਆਂ ਨੂੰ ਆਪਣੀਆਂ ਨਿੱਜੀ ਚੁਣੌਤੀਆਂ ਸਮਝਣ ਅਤੇ ਰਾਸ਼ਟਰ ਨਿਰਮਾਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਇਹ ਕਹਿੰਦੇ ਹੋਏ, "ਤੁਸੀਂ ਪਾਣੀ ਵਿੱਚ ਉਤਰੇ ਬਿਨਾਂ ਤਾਪਮਾਨ ਨੂੰ ਮਾਪ ਨਹੀਂ ਸਕਦੇ," ਚੁਘ ਨੇ ਸਪੱਸ਼ਟ ਕੀਤਾ ਕਿ ਰਾਜਨੀਤੀ ਤੋਂ ਦੂਰੀ ਬਣਾ ਕੇ ਰਾਸ਼ਟਰੀ ਤਬਦੀਲੀ ਅਸੰਭਵ ਹੈ। ਭਾਰਤ ਦੀ ਇਤਿਹਾਸਕ ਪਰੰਪਰਾ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਜਦੋਂ ਵੀ ਦੇਸ਼ ਨੂੰ ਕਿਸੇ ਸੰਕਟ ਦਾ ਸਾਹਮਣਾ ਕਰਨਾ ਪਿਆ ਹੈ, ਭਾਰਤ ਦੇ ਨੌਜਵਾਨਾਂ ਨੇ ਅਗਵਾਈ ਕੀਤੀ ਹੈ। ਚੰਦਰਗੁਪਤ ਮੌਰਿਆ ਤੋਂ ਲੈ ਕੇ ਭਗਤ ਸਿੰਘ ਅਤੇ ਸੁਭਾਸ਼ ਚੰਦਰ ਬੋਸ ਤੱਕ, ਨੌਜਵਾਨਾਂ ਨੇ ਹਰ ਯੁੱਗ ਵਿੱਚ ਦੇਸ਼ ਦੀ ਦਿਸ਼ਾ ਨੂੰ ਆਕਾਰ ਦਿੱਤਾ ਹੈ। ਅੱਜ ਵੀ ਉਸੇ ਦ੍ਰਿੜਤਾ ਅਤੇ ਊਰਜਾ ਦੀ ਲੋੜ ਹੈ। ਲਾਲ ਕਿਲ੍ਹੇ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੱਦੇ ਦਾ ਹਵਾਲਾ ਦਿੰਦੇ ਹੋਏ, ਚੁਘ ਨੇ ਕਿਹਾ ਕਿ ਰਾਜਨੀਤਿਕ ਪਿਛੋਕੜ ਤੋਂ ਬਿਨਾਂ 100,000 ਨੌਜਵਾਨਾਂ ਨੂੰ ਰਾਜਨੀਤੀ ਵਿੱਚ ਲਿਆਉਣ ਦਾ ਟੀਚਾ ਇੱਕ ਅਜਿਹਾ ਕਦਮ ਹੈ ਜੋ ਲੋਕਤੰਤਰ ਨੂੰ ਮੁੜ ਸੁਰਜੀਤ ਕਰੇਗਾ। 2047 ਤੱਕ ਇੱਕ ਵਿਕਸਤ ਭਾਰਤ ਦਾ ਦ੍ਰਿਸ਼ਟੀਕੋਣ ਉਦੋਂ ਹੀ ਸਾਕਾਰ ਹੋਵੇਗਾ ਜਦੋਂ ਦੇਸ਼ ਦੇ ਨੌਜਵਾਨ "ਰਾਸ਼ਟਰ ਪਹਿਲਾਂ" ਦੀ ਭਾਵਨਾ ਨਾਲ ਰਾਜਨੀਤੀ ਅਤੇ ਜਨਤਕ ਜੀਵਨ ਵਿੱਚ ਪ੍ਰਵੇਸ਼ ਕਰਨਗੇ। ਚੁੱਘ ਨੇ ਕਿਹਾ ਕਿ ਭਾਰਤ ਹੁਣ ਭਿਖਾਰੀਆਂ ਦਾ ਦੇਸ਼ ਨਹੀਂ ਹੈ, ਸਗੋਂ ਦੇਣ ਵਾਲਿਆਂ ਦਾ ਦੇਸ਼ ਹੈ। ਵਾਤਾਵਰਣ, ਤਕਨਾਲੋਜੀ ਅਤੇ ਵਿਸ਼ਵਵਿਆਪੀ ਕੂਟਨੀਤੀ ਵਿੱਚ ਭਾਰਤ ਦੀ ਭੂਮਿਕਾ ਮਹੱਤਵਪੂਰਨ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਪ ਨੂੰ ਛੋਟੇ ਸੁਪਨਿਆਂ ਤੱਕ ਸੀਮਤ ਨਾ ਰੱਖਣ, ਸਗੋਂ ਅਜਿਹੇ ਟੀਚੇ ਨਿਰਧਾਰਤ ਕਰਨ ਜੋ ਉਨ੍ਹਾਂ ਨੂੰ ਦੇਸ਼ ਦੀ ਨਿਰੰਤਰ ਸੇਵਾ ਕਰਨ ਲਈ ਪ੍ਰੇਰਿਤ ਕਰਨ। ਚੁਘ ਨੇ ਕਿਹਾ ਕਿ 2047 ਤੱਕ ਵਿਕਸਤ ਭਾਰਤ ਦਾ ਟੀਚਾ ਸਿਰਫ਼ ਸਰਕਾਰ ਦਾ ਟੀਚਾ ਹੀ ਨਹੀਂ ਹੋਣਾ ਚਾਹੀਦਾ, ਸਗੋਂ ਹਰ ਨੌਜਵਾਨ ਦਾ ਸੰਕਲਪ ਹੋਣਾ ਚਾਹੀਦਾ ਹੈ। "ਰਾਸ਼ਟਰ ਪਹਿਲਾਂ, ਰਾਸ਼ਟਰ ਪਹਿਲਾਂ" ਦੀ ਭਾਵਨਾ ਭਾਰਤ ਨੂੰ ਇੱਕ ਮੋਹਰੀ ਵਿਸ਼ਵ ਸ਼ਕਤੀ ਬਣਾਏਗੀ।

# ਖੱਤਰੀ ਵੈਲਫੇਅਰ ਸਭਾ ਫ਼ਿਰੋਜ਼ਪੁਰ ਦੇ ਦਵਿੰਦਰ ਧਵਨ ਬਣੇ ਪ੍ਰਧਾਨ





ਫ਼ਿਰੋਜ਼ਪੁਰ, 24 ਫਰਵਰੀ (ਮਨੋਹਰ ਲਾਲ) :— ਖੱਤਰੀ ਭਾਈਚਾਰੇ ਦੀ ਤਰਜਮਾਨੀ ਕਰਦੀ ਆ ਰਹੀ ਖੱਤਰੀ ਵੈਲਫੇਅਰ ਸਭਾ ਫ਼ਿਰੋਜ਼ਪੁਰ ਦੀ ਚੋਣ ਇਸ ਵਾਰ ਵੀ ਸਰਬਸੰਮਤੀ ਨਾਲ ਹੋਈ ਅਤੇ ਸਮੂਹ ਮੈਂਬਰਾਨ ਵੱਲੋਂ ਸਰਵਸੰਮਤੀ ਨਾਲ ਦਵਿੰਦਰ ਧਵਨ ਨੂੰ ਸਭਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਖੱਤਰੀ ਵੈਲਫੇਅਰ ਸਭਾ ਦੀ ਹੋਈ ਮਹੀਨਾਵਰ ਮੀਟਿੰਗ ਖੱਤਰੀ ਭਵਨ ਫ਼ਿਰੋਜ਼ਪੁਰ ਦੇ ਦਫਤਰ ਵਿਖੇ ਹੋਈ, ਜਿਥੇ ਇਕੱਤਰ ਸਮੂਹ ਆਗੂਆਂ ਅਤੇ ਮੈਂਬਰਾਂ ਨੇ ਨਵੀਂ ਕਮੇਟੀ ਬਣਾਉਣ ਇਵਜ ਪ੍ਰਧਾਨ ਲਈ ਚੋਣ ਦਾ ਪ੍ਰਸਤਾਵ ਰੱਖਿਆ ਗਿਆ ਅਤੇ ਮੌਕੇ ਤੇ ਹੀ ਮੈਂਬਰਾਂ ਨੇ ਏਕੇ ਦਾ ਪ੍ਰਗਟਾਵਾ ਕਰਦੇ ਹੋਏ ਸ੍ਰੀ ਦਵਿੰਦਰ ਧਵਨ ਨੂੰ ਪ੍ਰਧਾਨ ਬਣਾਇਆ ਗਿਆ। ਮੀਟਿੰਗ ਦੀ ਅਗਵਾਈ ਕਰਦਿਆਂ ਸ੍ਰੀ ਪਵਨ ਭੰਡਾਰੀ ਜਨਰਲ ਸਕੱਤਰ ਖੱਤਰੀ ਮਹਾਂ ਸਭਾ ਪੰਜਾਬ ਨੇ ਕਿਹਾ ਕਿ ਖੱਤਰੀ ਵੈਲਫੇਅਰ ਸਭਾ ਦਾ ਇਤਿਹਾਸ ਹੈ ਕਿ ਅੱਜ ਤੱਕ ਸਰਬਸੰਮਤੀ ਨਾਲ ਮੈਂਬਰਾਂ ਅਤੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ ਹੈ। ਨਵ—ਨਿਯੁਕਤ ਪ੍ਰਧਾਨ ਸ੍ਰੀ ਦਵਿੰਦਰ ਧਵਨ ਨੂੰ ਪ੍ਰਧਾਨ ਵਜੋਂ ਸਿਰੋਪਾਓ ਦਿੰਦਿਆਂ ਹੀ ਕੁਰਸੀ ਤੇ ਬਿਰਾਜਮਾਨ ਕਰਵਾਇਆ ਗਿਆ, ਜਿਨ੍ਹਾਂ ਨੇ ਆਪਣਾ ਪ੍ਰਧਾਨਗੀ ਦਾ ਚਾਰਜ ਸੰਭਾਲਦਿਆਂ ਸਮੂਹ ਖੱਤਰੀਆਂ ਨੂੰ ਨਾਲ ਲੈ ਕੇ ਚੱਲਣ ਦਾ ਪ੍ਰਣ ਲਿਆ। ਗੱਲਬਾਤ ਕਰਦਿਆਂ ਸ੍ਰੀ ਦਵਿੰਦਰ ਧਵਨ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਖੱਤਰੀ ਬਿਰਾਦਰੀ ਦੀ ਤਰੱਕੀ, ਉਨਤੀ ਹੈ ਅਤੇ ਖੱਤਰੀ ਭਾਈਚਾਰੇ ਦੀ ਤਰੱਕੀ ਖੁਸ਼ਹਾਲੀ ਲਈ ਉਹ ਹਰ ਸਮੇਂ ਤੱਤਪਰ ਰਹਿਣਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਖੱਤਰੀ ਭਾਈਚਾਰੇ ਵੱਲੋਂ ਸਮਾਜ ਭਲਾਈ ਦੇ ਕੀਤੇ ਜਾਂਦੇ ਕਾਰਜ ਇਸੀ ਤਰ੍ਹਾਂ ਜਾਰੀ ਰਹਿਣਗੇ ਅਤੇ ਸਮੇਂ—ਸਮੇਂ ਤੇ ਲੋਕ ਭਲਾਈ ਦੇ ਕਾਰਜ ਨੂੰ ਤਰਜੀਹ ਦਿੱਤੀ ਜਾਵੇਗੀ। ਪ੍ਰਧਾਨ ਬਨਣ ਉਪਰੰਤ ਉਨ੍ਹਾਂ ਆਪਣੀ ਕਮੇਟੀ ਵਿਚ ਖਜਾਨਚੀ ਅਤੇ ਸਕੱਤਰ ਦੀ ਚੋਣ ਮੌਕੇ ਪਰ ਕਰਨ ਦਾ ਐਲਾਨ ਕਰਦਿਆਂ ਸ੍ਰੀ ਗੌਰਵ ਬਹਿਲ ਨੂੰ ਜਨਰਲ ਸਕੱਤਰ ਅਤੇ ਸ੍ਰੀ ਬਸੰਤ ਕੁਮਾਰ ਵੋਹਰਾ ਤੇ ਕੁਲਦੀਪ ਮੈਨੀ ਨੂੰ ਖਜਾਨਚੀ ਵਜੋਂ ਨਾਮਜਦ ਕੀਤਾ ਗਿਆ, ਜਿਸ ਨੂੰ ਹਾਊਸ ਵੱਲੋਂ ਪ੍ਰਵਾਨਗੀ ਦਿੱਤੀ ਗਈ। ਇਸ ਮੌਕੇ ਸ੍ਰੀ ਤਰਸੇਮ ਬੇਦੀ, ਕ੍ਰਿਸ਼ਨ ਟੰਡਨ, ਪਰਵੀਨ ਤਲਵਾੜ, ਸੁਭਾਸ਼ ਚੌਧਰੀ, ਸੁਖਜੀਤ ਉਪਲ, ਅੰਕੁਸ਼ ਭੰਡਾਰੀ, ਸ਼ਿਵੰਦਰ ਮਲਹੋਤਰਾ, ਮਨੀਸ਼ ਮਹਿਤਾ ਸਮੇਤ ਵੱਡੀ ਗਿਣਤੀ ਖੱਤਰੀ ਵੈਲਫੇਅਰ ਸਭਾ ਫ਼ਿਰੋਜ਼ਪੁਰ ਦੇ ਆਗੂ ਹਾਜ਼ਰ ਸਨ।

## ਖੱਤਰੀ ਬਿਰਾਦਰੀ ਦੀ ਤਰੱਕੀ-ਉਨਤੀ ਲਈ ਕੀਤੇ ਜਾਣਗੇ ਉਪਰਾਲੇ—ਦਵਿੰਦਰ ਧਵਨ

ਆਵਾਜ਼ਿ ਕੌਮ AWAZE QAUM International Newspaper & WEB TV

# ਯੂਨੀਵਰਸਿਟੀ ਕਾਲਜ ਬਰਮਿੰਘਮ (ਯੂ. ਸੀ. ਬੀ.) ਨੇ ਅਸਥਾਈ ਤੌਰ 'ਤੇ ਪੰਜਾਬ ਅਤੇ ਹਰਿਆਣਾ (ਭਾਰਤ), ਪਾਕਿਸਤਾਨ ਅਤੇ ਬੰਗਲਾਦੇਸ਼ ਤੋਂ ਨਵੇਂ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਭਰਤੀ ਰੋਕੀ




**ਲੰਡਨ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਯੂਨੀਵਰਸਿਟੀ ਕਾਲਜ ਬਰਮਿੰਘਮ (ਯੂ. ਸੀ. ਬੀ.) ਨੇ ਅਸਥਾਈ ਤੌਰ 'ਤੇ ਪੰਜਾਬ ਅਤੇ ਹਰਿਆਣਾ (ਭਾਰਤ), ਪਾਕਿਸਤਾਨ ਅਤੇ ਬੰਗਲਾਦੇਸ਼ ਤੋਂ ਨਵੇਂ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਭਰਤੀ ਰੋਕ ਦਿੱਤੀ ਹੈ। ਇਹ ਫੈਸਲਾ ਯੂ. ਕੇ. ਵੀਜ਼ਾ ਨਿਯਮਾਂ, ਉੱਚ ਵੀਜ਼ਾ ਰਿਜੈਕਸ਼ਨ ਰੇਟ ਅਤੇ ਫਰਜ਼ੀ ਐਪਲੀਕੇਸ਼ਨਾਂ/ਡ੍ਰੌਪਆਊਟ ਕਾਰਨ ਲਿਆ ਗਿਆ ਹੈ। ਪੰਜਾਬ ਅਤੇ ਹਰਿਆਣਾ ਤੋਂ: ਪੂਰੀ ਤਰ੍ਹਾਂ ਨਵੀਆਂ ਐਪਲੀਕੇਸ਼ਨਾਂ ਰੋਕੀਆਂ ਗਈਆਂ। ਪਾਕਿਸਤਾਨ ਤੋਂ: ਕੁਝ ਕੋਰਸ (ਜਿਵੇਂ UG/PG Business Management) ਬੰਦ, ਬਾਕੀ 'ਤੇ ਸੀਮਤ। ਬੰਗਲਾਦੇਸ਼ ਤੋਂ: ਪੂਰੀ ਰੋਕ (ਖਾਸ ਕਰਕੇ ਫਰਵਰੀ 2026 ਇੰਟੇਕ ਲਈ)। ਪਹਿਲਾਂ ਵਾਲੇ CAS/ਐਡਮਿਸ਼ਨ ਵਾਲੇ ਵਿਦਿਆਰਥੀ ਪ੍ਰਭਾਵਿਤ ਨਹੀਂ; ਡਿਪਾਜ਼ਿਟ ਰਿਫੰਡ ਹੋ ਰਿਹਾ ਹੈ। ਨੋਟ: ਇਹ University of Birmingham (ਵੱਡੀ ਯੂਨੀਵਰਸਿਟੀ) ਨਹੀਂ, ਸਗੋਂ University College Birmingham (UCB) 'ਤੇ ਲਾਗੂ ਹੈ। ਗਲਤਫਹਿਮੀ ਨਾ ਪਾਓ — ਵੱਡੀ ਯੂਨੀਵਰਸਿਟੀ ਅਜੇ ਵੀ ਭਾਰਤੀ ਵਿਦਿਆਰਥੀਆਂ ਨੂੰ ਸਵਾਗਤ ਕਰ ਰਹੀ ਹੈ। ਜੇ ਅਪਲਾਈ ਕਰਨਾ ਹੈ ਤਾਂ ਹੋਰ ਯੂਕੇ ਯੂਨੀਵਰਸਿਟੀਆਂ ਵੱਲ ਵੇਖੋ ਅਤੇ ਮਜ਼ਬੂਤ/ਜੈਨੂਇਨ ਡਾਕੂਮੈਂਟਸ ਨਾਲ ਜਾਓ, ਕਿਉਂਕਿ ਵੀਜ਼ਾ ਨਿਯਮ ਸਖ਼ਤ ਹਨ।

ਆਵਾਜ਼ਿ ਕੌਮ AWAZE QAUM International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243